# ਇਤਹਾਸ ਦੀ ਪਹਿਲੀ ਪੋਥੀ

### ਆਦਮ ਤੋਂ ਨੂਹ ਤੀਕ ਘਰਾਣੇ ਦਾ ਇਤਹਾਸ

1 1-3ਆਦਮ, ਸੇਥ, ਅਨੋਸ਼, ਕੇਨਾਨ, ਮਹਲਲੇਲ, ਯਰਦ,
ਹਨੋਕ, ਮਥੂਸ਼ਲਹ, ਲਾਮਕ, ਨੂਹ![a]
4 ਸ਼ੇਮ, ਹਾਮ ਤੇ ਯਾਫ਼ਥ ਨੂਹ ਦੇ ਪੁੱਤਰ ਸਨ।

### ਯਾਫ਼ਥ ਦਾ ਵੰਸ਼

5 ਯਾਫ਼ਥ ਦੇ ਪੁੱਤਰ ਗੋਮਰ, ਮਾਗੋਗ, ਮਾਦਈ, ਯਾਵਾਨ,
ਤੁਬਲ, ਮਸ਼ਕ ਅਤੇ ਤੀਰਾਸ ਸਨ।
6 ਅਤੇ ਗੋਮਰ ਦੇ ਪੁੱਤਰ ਸਨ ਅਸ਼ਕਨਜ਼, ਰੀਫਥ ਅਤੇ
ਤੋਗਰਮਾਹ। 7ਯਾਵਾਨ ਦੇ ਪੁੱਤਰ ਅਲੀਸ਼ਾਹ, ਤਰਸ਼ੀਸ਼,
ਕਿੱਤੀਮ ਅਤੇ ਦੋਦਾਨੀਮ ਸਨ।

### ਹਾਮ ਦਾ ਵੰਸ਼

8 ਹਾਮ ਦੇ ਪੁੱਤਰ ਸਨ ਕੂਸ਼, ਮਿਸਰਯਿਮ, ਪੂਟ ਅਤੇ ਕਨਾਨ।
9 ਅਤੇ ਕੂਸ਼ ਦੇ ਪੁੱਤਰ ਸਬਾ, ਹਵੀਲਾਹ, ਸਬਤਾ, ਰਅਮਾਹ,
ਅਤੇ ਸਬਤਕਾ ਸਨ।
ਅਤੇ ਰਅਮਾਹ ਦੇ ਪੁੱਤਰ ਸ਼ਬਾ ਅਤੇ ਦਦਾਨ ਸਨ।
10 ਅਤੇ ਕੂਸ਼ ਤੋਂ ਨਿਮਰੋਦ ਜੰਮਿਆ ਜੋ ਕਿ ਧਰਤੀ ਦਾ ਸਭ ਤੋਂ
ਤਾਕਤਵਰ ਤੇ ਬਹਾਦੁਰ ਸਿਪਾਹੀ ਹੋਇਆ।
11 ਮਿਸਰਯਿਮ (ਮਿਸਰੀ) ਤੋਂ ਲੂਦੀਮ, ਅਨਾਮ, ਲਹਾਬੀਮ
ਅਤੇ ਨਫ਼ਤੂਹੀਮ। 12ਪਤਰੁਸੀਮ, ਕਸਲੂਹੀਮ ਅਤੇ
ਕਫ਼ਤੋਰੀਮ ਦਾ ਪਿਤਾ ਸੀ। (ਫ਼ਲਿਸਤੀ ਕਸਲੂਹੀਮ ਤੋਂ
ਪੈਦਾ ਹੋਏ।)
13 ਕਨਾਨ ਸੀਦੋਨ ਦਾ ਪਿਤਾ ਸੀ। ਸੀਦੋਨ ਪਲੋਠਾ ਪੁੱਤਰ ਸੀ।
ਕਨਾਨ ਹਿੱਤੀਆਂ ਦਾ ਵੀ ਪਿਤਾ ਸੀ। 14ਅਤੇ ਯਬੂਸੀ,
ਅਮੋਰੀ ਗਿਰਗਾਸ਼ੀ, 15ਹਿੱਵੀ ਅਤੇ ਅਰਕੀ ਅਤੇ ਸੀਨੀ
16ਅਤੇ ਅਰਵਾਦੀ, ਸਮਾਰੀ ਅਤੇ ਹਮਾਥੀ।

### ਸ਼ੇਮ ਦਾ ਵੰਸ਼

17 ਸ਼ੇਮ ਦੇ ਪੁੱਤਰ ਸਨ: ਏਲਾਮ, ਅੱਸ਼ੂਰ, ਅਰਪਕਸਦ, ਲੂਦ
ਅਰਾਮ। ਅਰਾਮ ਦੇ ਪੁੱਤਰ ਊਸ, ਹੂਲ, ਗਾਥਰ ਅਤੇ
ਮਸ਼ਕ ਸਨ।
18 ਅਰਪਕਸਦ ਸ਼ਾਲਹ ਦਾ ਪਿਤਾ ਸੀ ਅਤੇ ਸ਼ਾਲਹ ਦਾ ਪੁੱਤਰ
ਏਬਰ ਸੀ।
19 ਏਬਰ ਦੇ ਦੋ ਪੁੱਤਰ ਜੰਮੇ, ਇੱਕ ਦਾ ਨਾਉਂ ਪਲਗ ਸੀ ਕਿਉਂਕਿ
ਉਸ ਦੇ ਸਮੇਂ ਵਿੱਚ, ਧਰਤੀ ਉਤਲੇ ਲੋਕ ਅੱਡ-ਅੱਡ
ਭਾਸ਼ਾਵਾਂ ਵਿੱਚ ਵੰਡੇ ਗਏ ਸਨ। ਪਲਗ ਦਾ ਭਰਾ
ਯਾਕਟਾਨ ਸੀ। 20(ਅਤੇ ਯਾਕਟਾਨ ਅਲਮੋਦਾਦ,
ਸ਼ਾਲਫ਼, ਹਸਰਮਾਵਥ ਅਤੇ ਯਾਰਹ ਦਾ ਪਿਤਾ ਸੀ।
21ਅਤੇ ਹਦੋਰਾਮ, ਊਜ਼ਾਲ ਦੇ ਦਿਕਲਾਹ, 22ਏਬਾਲ,
ਅਬੀਮਾਏਲ, ਸਬਾ, 23ਓਫ਼ੀਰ, ਹਵੀਲਾਹ ਅਤੇ ਯੋਬਾਬ
ਇਹ ਸਾਰੇ ਯਾਕਟਾਨ ਦੇ ਪੁੱਤਰ ਸਨ।)
24 ਸ਼ੇਮ ਦੇ ਵੰਸ਼ ਇਉਂ ਸਨ: ਅਪਰਕਸਦ, ਸਾਲਹ, 25ਏਬਰ,
ਪਲਗ, ਰਊ, 26ਸਰੂਗ, ਨਾਹੋਰ, ਤਾਰਹ, 27ਅਤੇ
ਅਬਰਾਮ। (ਅਬਰਾਮ ਨੂੰ ਅਬਰਾਹਾਮ ਵੀ ਆਖਿਆ
ਜਾਂਦਾ ਹੈ।)

### ਅਬਰਾਹਾਮ ਦਾ ਘਰਾਣਾ

28 ਅਬਰਾਹਾਮ ਦੇ ਪੁੱਤਰ ਸਨ ਇਸਹਾਕ ਅਤੇ ਇਸ਼ਮਾਏਲ।
29ਇਹ ਉਨ੍ਹਾਂ ਦੇ ਵੰਸ਼ ਸਨ:
ਇਸ਼ਮਾਏਲ ਦਾ ਪਲੋਠਾ ਪੁੱਤਰ ਨਬਾਯੋਥ ਸੀ ਅਤੇ ਉਸ
ਦੇ ਦੂਜੇ ਪੁੱਤਰ ਸਨ: ਕੇਦਾਰ, ਅਦਬਏਲ, ਮਿਬਸਾਮ,
30ਮਿਸ਼ਮਾ, ਦੂਮਾਹ, ਮੱਸਾ, ਹਦਦ, ਤੇਮਾ, 31ਯਟੂਰ,
ਨਾਫ਼ੀਸ਼ ਅਤੇ ਕਾਦਮਾਹ। ਇਹ ਸਭ ਇਸ਼ਮਾਏਲ ਦੇ
ਪੁੱਤਰ ਸਨ।
32 ਕਤੂਰਾਹ ਅਬਰਾਹਾਮ ਦੀ ਦਾਸੀ ਸੀ। ਉਸ ਨੇ ਜ਼ਿਮਰਾਨ,
ਯਾਕਸਾਨ, ਮਦਾਨ ਮਿਦਯਾਨ, ਯਿਸ਼ਬਾਕ ਤੇ ਸ਼ੂਆਹ ਨੂੰ
ਜੰਮਿਆ।
ਅਤੇ ਯਾਕਸ਼ਾਨ ਦੇ ਪੁੱਤਰ ਸਬਾ ਅਤੇ ਦਦਾਨ ਸਨ।
33 ਮਿਦਯਾਨ ਦੇ ਪੁੱਤਰ ਸਨ: ਏਫ਼ਾਹ, ਏਫ਼ਰ, ਹਨੋਕ, ਅਬੀਦਾ
ਅਤੇ ਅਲਦਾਆਹ। ਇਹ ਸਭ ਕਤੂਰਾਹ ਦੇ ਵੰਸ਼ ਸਨ।

### ਸਾਰਾਹ ਦੇ ਪੁੱਤਰ

34 ਅਬਰਾਹਾਮ ਇਸਹਾਕ ਦਾ ਪਿਤਾ ਸੀ ਅਤੇ ਇਸਹਾਕ ਦੇ
ਪੁੱਤਰ ਏਸਾਓ ਅਤੇ ਇਸਰਾਏਲ ਸਨ।
35 ਏਸਾਓ ਦੇ ਪੁੱਤਰ ਸਨ: ਅਲੀਫ਼ਾਜ਼, ਰਊਏਲ, ਯਊਸ਼,
ਯਅਲਾਮ ਅਤੇ ਕੋਰਹ।
36 ਅਲੀਫ਼ਾਜ਼ ਦੇ ਪੁੱਤਰ-ਤੇਮਾਨ, ਓਮਾਰ, ਸਫ਼ੀ, ਗਾਤਾਮ,
ਕਨਜ਼ ਤਿਮਨਾ ਅਤੇ ਅਮਾਲੇਕ ਸਨ।
37 ਰਊਏਲ ਦੇ ਪੁੱਤਰ ਨਹਥ, ਜ਼ਰਹ, ਸ਼ੰਮਾਹ ਅਤੇ ਮਿੱਜ਼ਾਹ ਸਨ।

### ਸੇਈਰ ਤੋਂ ਅਦੋਮੀ

38 ਸੇਈਰ ਦੇ ਪੁੱਤਰ ਲੋਟਾਨ, ਸ਼ੋਬਾਲ, ਸਿਬਓਨ, ਅਨਾਹ,
ਦੀਸ਼ੋਨ, ਏਸਰ ਅਤੇ ਦੀਸ਼ਾਨ ਸਨ।

---

[a] ***1:1-3 ਆਦਮ...ਨੂਹ!*** ਨਾਵਾਂ ਦੀ ਇਹ ਸੂਚੀ ਉਸ ਦੇ ਵੰਸ਼ ਅਨੁਸਾਰ, ਇੱਕ ਆਦਮੀ ਦਾ ਨਾਂ ਦਿੰਦੀ ਹੈ।

39 ਲੋਟਾਨ ਦੇ ਪੁੱਤਰ-ਹੋਰੀ ਅਤੇ ਹੋਮਾਮ ਸਨ। ਲੋਟਾਨ ਦੀ ਇੱਕ ਭੈਣ ਵੀ ਸੀ ਜਿਸ ਦਾ ਨਾਉਂ ਤਿਮਨਾ ਸੀ।
40 ਸ਼ੋਬਾਲ ਦੇ ਪੁੱਤਰ ਸਨ: ਅਲਯਾਨ, ਮਾਨਹਥ, ਏਬਾਲ, ਸ਼ਫ਼ੀ ਤੇ ਓਨਾਮ।
ਸਿਬਓਨ ਦੇ ਪੁੱਤਰ ਅੱਯਾਹ ਅਤੇ ਅਨਾਹ ਸਨ।
41 ਅਨਾਹ ਦਾ ਪੁੱਤਰ ਦੀਸ਼ੋਨ ਸੀ ਅਤੇ ਦੀਸ਼ੋਨ ਦੇ ਪੁੱਤਰ : ਹਮਰਾਨ, ਅਸ਼ਬਾਨ, ਯਿਥਰਾਨ ਅਤੇ ਕਰਾਨ ਸਨ।
42 ਏਸ਼ਰ ਦੇ ਪੁੱਤਰ ਬਿਲਹਾਨ, ਜ਼ਅਵਾਨ ਅਤੇ ਯਅਕਾਨ ਸਨ। ਦੀਸ਼ਾਨ ਦੇ ਦੋ ਪੁੱਤਰ ਊਸ ਅਤੇ ਅਰਾਨ ਸਨ।

## ਅਦੋਮ ਦੇ ਪਾਤਸ਼ਾਹ

43 ਉਨ੍ਹਾਂ ਰਾਜਿਆਂ ਦੇ ਨਾਮ ਜਿਹੜੇ ਇਸਰਾਏਲੀ ਰਾਜਿਆਂ ਦੇ ਇਸਰਾਏਲ ਉੱਪਰ ਰਾਜ ਕਰਨ ਤੋਂ ਬਹੁਤ ਪਹਿਲਾਂ ਅਦੋਮ ਤੇ ਰਾਜ ਕਰਦੇ ਸਨ:
ਪਹਿਲਾਂ ਰਾਜਾ ਬਲਾ ਜੋ ਕਿ ਬਓਰ ਦਾ ਪੁੱਤਰ ਸੀ ਅਤੇ ਉਸ ਦੇ ਸ਼ਹਿਰ ਦਾ ਨਾਂ ਦਿਨਹਾਬਾਹ ਸੀ।
44 ਜਦੋਂ ਬਲਾ ਦੀ ਮੌਤ ਹੋਈ ਤਾਂ ਜ਼ਰਹ ਦਾ ਪੁੱਤਰ ਯੋਬਾਬ ਨਵਾਂ ਪਾਤਸ਼ਾਹ ਬਣਿਆ। ਯੋਬਾਬ ਬਸਰਾਹ ਸ਼ਹਿਰ ਤੋਂ ਸੀ।
45 ਜਦੋਂ ਯੋਬਾਬ ਮਰਿਆ ਤਦ ਹੁਸ਼ਾਮ ਨਵਾਂ ਪਾਤਸ਼ਾਹ ਬਣਿਆ। ਹੁਸ਼ਾਮ ਤੇਮਾਨੀਆਂ ਦੇ ਦੇਸ ਵਿੱਚੋਂ ਸੀ।
46 ਜਦੋਂ ਹੁਸ਼ਾਮ ਦੀ ਮੌਤ ਹੋਈ, ਬਦਦ ਦਾ ਪੁੱਤਰ ਹਦਦ ਨਵਾਂ ਪਾਤਸ਼ਾਹ ਬਣਿਆ। ਹਦਦ ਨੇ ਮਿਦਯਾਨ ਨੂੰ ਮੋਆਬ ਦੇ ਦੇਸ ਵਿੱਚ ਹਰਾ ਦਿੱਤਾ। ਹਦਦ ਦੇ ਸ਼ਹਿਰ ਦਾ ਨਾਂ ਅਵਿਥ ਸੀ।
47 ਜਦ ਹਦਦ ਮਰ ਗਿਆ ਤਾਂ ਸਮਲਾਹ ਨਵਾਂ ਪਾਤਸ਼ਾਹ ਬਣਿਆ ਜੋ ਕਿ ਮਸਰੇਕਾਹ ਤੋਂ ਸੀ।
48 ਜਦੋਂ ਸਮਲਾਹ ਦੀ ਮੌਤ ਹੋਈ ਤਾਂ ਸ਼ਾਊਲ ਨਵਾਂ ਪਾਤਸ਼ਾਹ ਬਣਿਆ ਜੋ ਕਿ ਰਹੋਬੋਥ ਸ਼ਹਿਰ ਯੁਫ਼ਰਾਤ ਦਰਿਆ ਦੇ ਕੋਲ ਰਾਜ ਕਰਦਾ ਸੀ।
49 ਜਦੋਂ ਸ਼ਾਊਲ ਮਰਿਆ ਤਾਂ ਅਕਬੋਰ ਦਾ ਪੁੱਤਰ ਬਅਲ-ਹਾਨਾਨ ਉਸ ਦੀ ਥਾਵੇਂ ਰਾਜ ਕਰਨ ਲੱਗਾ।
50 ਜਦੋਂ ਬਅਲ-ਹਾਨਨ ਦੀ ਮੌਤ ਹੋਈ ਤਾਂ ਹਦਦ ਨਵਾਂ ਪਾਤਸ਼ਾਹ
ਬਣਿਆ। ਉਸ ਦੇ ਸ਼ਹਿਰ ਦਾ ਨਾਉਂ ਸੀ ਪਈ। ਹਦਦ
ਦੀ ਪਤਨੀ ਦਾ ਨਾਂ ਮਹੇਟਬੇਲ ਸੀ। ਮਹੇਟਬੇਲ ਮਟਰੇਦ
ਦੀ ਧੀ ਸੀ। ਤੇ ਮਟਰੇਦ ਮੇਜ਼ਾਹਾਬ ਦੀ ਧੀ ਸੀ। 51ਫ਼ਿਰ
ਹਦਦ ਦੀ ਮੌਤ ਹੋ ਗਈ।
ਅਦੋਮ ਦੇ ਆਗੂ ਤਿਮਨਾ, ਅਲਯਾਹ, ਯਤੇਤ
52ਆਹਲੀਬਾਮਾਹ, ਏਲਾਹ, ਪੀਨੋਨ, 53ਕਨਜ਼, ਤੇਮਾਨ,
ਮਿਬਸਾਰ, 54ਮਗਦੀਏਲ ਅਤੇ ਸਰਦਾਰ ਈਰਾਮ ਸਨ।
ਇਹ ਅਦੋਮੀ ਆਗੂਆਂ ਦੀ ਸੂਚੀ ਹੈ।

## ਇਸਰਾਏਲ ਦੇ ਪੁੱਤਰ

**2** 1ਇਸਰਾਏਲ ਦੇ ਪੁੱਤਰ ਸਨ-ਰਊਬੇਨ, ਸ਼ਿਮਓਨ, ਲੇਵੀ,
ਯਹੂਦਾਹ, ਯਿੱਸਾਕਾਰ, ਜ਼ਬੂਲੂਨ, 2ਦਾਨ, ਯੂਸੁਫ਼,
ਬਿਨਯਾਮੀਨ, ਨਫ਼ਤਾਲੀ, ਗਾਦ ਅਤੇ ਆਸ਼ੇਰ।

## ਯਹੂਦਾਹ ਦੇ ਪੁੱਤਰ

3 ਯਹੂਦਾਹ ਦੇ ਪੁੱਤਰ ਸਨ: ਏਰ, ਓਨਾਨ ਅਤੇ ਸ਼ੇਲਾਹ।
ਬਥਸ਼ੂਆ ਉਨ੍ਹਾਂ ਦੀ ਮਾਂ ਸੀ ਜੋ ਕਿ ਕਨਾਨਣ ਸੀ।
ਯਹੂਦਾਹ ਦਾ ਪਲੋਠਾ ਪੁੱਤਰ ਏਰ ਯਹੋਵਾਹ ਦੀ ਨਿਗਾਹ
ਵਿੱਚ ਬੁਰਾ ਸੀ। ਇਸ ਲਈ ਯਹੋਵਾਹ ਨੇ ਉਸ ਨੂੰ ਮਾਰ
ਸੁੱਟਿਆ। 4ਯਹੂਦਾਹ ਦੀ ਨੂੰਹ ਤਾਮਾਰ ਨੇ ਪਰਸ ਅਤੇ
ਜ਼ਰਹ ਦੋ ਪੁੱਤਰ ਜੰਮੇ। ਇਉਂ ਯਹੂਦਾਹ ਦੇ ਪੰਜ ਪੁੱਤਰ
ਸਨ।
5 ਪਰਸ ਦੇ ਪੁੱਤਰ ਹਸਰੋਨ ਅਤੇ ਹਾਮੂਲ ਸਨ।
6 ਜ਼ਰਹ ਦੇ ਪੰਜ ਪੁੱਤਰ ਸਨ। ਉਨ੍ਹਾਂ ਦੇ ਨਾਂ ਸਨ: ਜ਼ਿਮਰੀ, ਏਥਾਨ, ਹੇਮਾਨ, ਕਲਕੋਲ ਅਤੇ ਦਾਰਾ।
7 ਜ਼ਿਮਰੀ ਦਾ ਪੁੱਤਰ ਕਰਮੀ ਅਤੇ ਕਰਮੀ ਦਾ ਪੁੱਤਰ ਆਕਾਰ ਸੀ। ਆਕਾਰ ਉਹ ਮਨੁੱਖ ਸੀ ਜਿਸ ਨੇ ਯੁੱਧ ਦੌਰਾਨ ਲੁੱਟੀਆਂ ਹੋਈਆਂ ਚੀਜ਼ਾਂ ਖੁਦ ਲਈ ਰੱਖ ਕੇ ਇਸਰਾਏਲ ਉੱਤੇ ਬਹੁਤ ਸਾਰੀਆਂ ਮੁਸੀਬਤਾਂ ਲਿਆਂਦੀਆਂ। ਉਸ ਨੂੰ ਉਹ ਚੀਜ਼ਾਂ ਪਰਮੇਸ਼ੁਰ ਨੂੰ ਸੌਂਪਣੀਆਂ ਚਾਹੀਦੀਆਂ ਸਨ।
8 ਏਥਾਨ ਦਾ ਪੁੱਤਰ ਅਜ਼ਰਯਾਹ ਸੀ।
9 ਹਸਰੋਨ ਦੇ ਪੁੱਤਰ ਸਨ: ਯਰਹਮਏਲ, ਰਾਮ ਅਤੇ ਕਲੂਬਾਈ।

## ਰਾਮ ਦਾ ਵੰਸ਼

10 ਰਾਮ ਅੰਮੀਨਾਦਾਬ ਦਾ ਪਿਤਾ ਸੀ ਅਤੇ ਅੰਮੀਨਾਦਾਬ ਦਾ
ਪੁੱਤਰ ਸੀ ਨਹਸ਼ੋਨ। ਨਹਸ਼ੋਨ ਯਹੂਦੀ ਲੋਕਾਂ ਦਾ ਆਗੂ
ਸੀ। 11ਨਹਸ਼ੋਨ ਦਾ ਪੁੱਤਰ ਸਲਮਾ ਸੀ ਅਤੇ ਸਲਮਾ
ਦਾ ਪੁੱਤਰ ਸੀ ਬੋਅਜ਼। 12ਬੋਅਜ਼ ਓਬੇਦ ਦਾ ਪਿਤਾ ਸੀ
ਅਤੇ ਓਬੇਦ ਯੱਸੀ ਦਾ ਪਿਤਾ ਸੀ। 13ਯੱਸੀ ਦਾ ਪੁੱਤਰ
ਅਲੀਆਬ ਸੀ ਜੋ ਕਿ ਪਲੋਠਾ ਪੁੱਤਰ ਸੀ। ਅਤੇ ਯੱਸੀ
ਦਾ ਦੂਜਾ ਪੁੱਤਰ ਅਬੀਨਾਦਾਬ ਅਤੇ ਤੀਜਾ ਸ਼ਿਮਆ ਸੀ।
14ਨਥਨੇਲ ਯੱਸੀ ਦਾ ਚੌਥਾ ਪੁੱਤਰ ਸੀ ਅਤੇ ਪੰਜਵਾਂ
ਰੱਦਈ ਸੀ। 15ਓਸਮ ਛੇਵਾਂ ਅਤੇ ਦਾਊਦ ਉਸ ਦਾ
ਸੱਤਵਾਂ ਪੁੱਤਰ ਸੀ। 16ਇਨ੍ਹਾਂ ਦੀਆਂ ਭੈਣਾਂ ਸਰੂਯਾਹ
ਅਤੇ ਅਬੀਗੈਲ ਸਨ। ਸਰੂਯਾਹ ਦੇ ਅਬਸ਼ਈ, ਯੋਆਬ
ਅਤੇ ਅਸਾਹੇਲ ਤਿੰਨ ਪੁੱਤਰ ਸਨ। 17ਅਮਾਸਾ ਦੀ ਮਾਂ
ਅਬੀਗੈਲ ਸੀ ਅਤੇ ਪਿਉ ਯਥਰ ਜੋ ਕਿ ਇਸ਼ਮਏਲੀ
ਸੀ।

## ਕਾਲੇਬ ਦਾ ਵੰਸ਼

18 ਕਾਲੇਬ ਹਸ਼ਰੋਨ ਦਾ ਪੁੱਤਰ ਸੀ। ਕਾਲੇਬ ਲਈ ਉਹ ਦੀ
ਪਤਨੀ ਅਜ਼ੂਬਾਹ ਨੇ ਪੁੱਤਰ ਜਣੇ। ਅਜ਼ੂਬਾਹ ਯਰੀਓਥ
ਦੀ ਧੀ ਸੀ। ਅਜ਼ੂਬਾਹ ਨੇ ਯੇਸ਼ਰ, ਸੋਬਾਬ ਅਤੇ ਅਰਿਦੋਨ
ਤਿੰਨ ਪੁੱਤਰ ਜੰਮੇ। 19ਜਦੋਂ ਅਜ਼ੂਬਾਹ ਮਰ ਗਈ ਤਾਂ
ਕਾਲੇਬ ਨੇ ਅਫਰਾਥ ਨਾਲ ਵਿਆਹ ਕਰਵਾ ਲਿਆ ਤੇ
ਉਨ੍ਹਾਂ ਦੇ ਘਰ ਇੱਕ ਪੁੱਤਰ ਜੰਮਿਆ, ਜਿਸ ਦਾ ਨਾਂ ਉਨ੍ਹਾਂ
ਨੇ ਹੂਰ ਰੱਖਿਆ। 20ਹੂਰ ਤੋਂ ਊਰੀ ਜੰਮਿਆ ਅਤੇ ਊਰੀ
ਦਾ ਪੁੱਤਰ ਬਸਲੇਲ ਸੀ।
21 ਉਪਰੰਤ ਜਦੋਂ ਹਸਰੋਨ 60 ਸਾਲਾਂ ਦਾ ਹੋਇਆ ਤਾਂ ਉਸ ਨੇ
ਮਾਕੀਰ ਦੀ ਧੀ ਨਾਲ ਵਿਆਹ ਕਰਵਾ ਲਿਆ। ਮਾਕੀਰ
ਗਿਲਆਦ ਦਾ ਪਿਤਾ ਸੀ। ਹਸਰੋਨ ਨੇ ਮਾਕੀਰ ਦੀ
ਧੀ ਨਾਲ ਸੰਭੋਗ ਕੀਤਾ ਤੇ ਉਨ੍ਹਾਂ ਦੇ ਘਰ ਸਗੂਬ ਪੈਦਾ
ਹੋਇਆ। 22ਸਗੂਬ, ਯਾਈਰ ਦਾ ਪਿਤਾ ਸੀ। ਯਾਈਰ

ਕੋਲ ਗਿਲਆਦ ਦੇਸ ਵਿੱਚ 23 ਸ਼ਹਿਰ ਸਨ। 23ਪਰ
ਗਸ਼ੂਰ ਅਤੇ ਅਰਾਮ ਨੇ ਯਾਈਰ ਦੇ ਨਗਰਾਂ ਨੂੰ ਅਤੇ
ਕਨਾਥ ਅਤੇ ਉਸ ਦੇ ਆਸ-ਪਾਸ ਦੇ ਛੋਟੇ ਪਿੰਡਾਂ ਨੂੰ ਉਸ
ਤੋਂ ਹਥਿਆ ਲਿਆ। ਕੁਲ ਮਿਲਾ ਕੇ ਇਹ 60 ਨਗਰ
ਸਨ ਜੋ ਕਿ ਮਾਕੀਰ ਦੇ ਪੁੱਤਰਾਂ ਦੇ ਸਨ, ਜੋ ਕਿ ਗਿਲਆਦ
ਦਾ ਪਿਤਾ ਸੀ।
24 ਇਸ ਤੋਂ ਬਾਦ ਹਸਰੋਨ, ਕਾਲੇਬ ਅਫਰਾਥਾਹ ਵਿੱਚ ਮਰ
ਗਿਆ ਜਦੋਂ ਉਹ ਮਰ ਗਿਆ ਉਸ ਦੇ ਮਰਨ ਉਪਰੰਤ
ਹਸਰੋਨ ਦੀ ਪਤਨੀ ਅੱਬਿਯਾਹ ਨੇ ਉਸ ਦਾ ਪੁੱਤਰ
ਜੰਮਿਆ, ਜਿਸ ਦਾ ਨਾਂ ਅਸ਼ਹੂਰ ਰੱਖਿਆ ਗਿਆ।
ਅੱਸ਼ਹੂਰ ਤਕੋਆ ਦਾ ਪਿਤਾ ਬਣਿਆ।

## ਯਰਹਮਏਲ ਦਾ ਵੰਸ਼

25 ਹਸ਼ਰੋਨ ਦਾ ਪਲੋਠਾ ਪੁੱਤਰ ਯਰਹਮਏਲ ਸੀ ਅਤੇ
ਯਰਹਮਏਲ ਦੇ ਪੁੱਤਰ ਸਨ: ਰਾਮ, ਬੂਨਾਹ, ਓਰਨ,
ਓਸਮ ਅਤੇ ਅਹਿੱਯਾਹ। ਰਾਮ ਉਸ ਦਾ ਪਲੋਠਾ ਪੁੱਤਰ
ਸੀ। 26ਯਰਹਮਏਲ ਦੀ ਇੱਕ ਹੋਰ ਪਤਨੀ ਸੀ, ਜਿਸ ਦਾ
ਨਾਉਂ ਸੀ ਅਟਾਰਾਹ। ਉਹ ਓਨਾਮ ਦੀ ਮਾਤਾ ਸੀ।
27 ਯਰਹਮਏਲ ਦੇ ਪਲੋਠੇ ਪੁੱਤਰ ਰਾਮ ਦੇ ਮਅਸ, ਯਾਮੀਨ ਤੇ
ਏਕਰ ਤਿੰਨ ਪੁੱਤਰ ਸਨ।
28 ਓਨਾਮ ਦੇ ਪੁੱਤਰ ਸਨ: ਸ਼ੰਮਈ ਤੇ ਯਾਦਾ ਅਤੇ ਸ਼ੰਮਈ ਦੇ
ਨਾਦਾਬ ਅਤੇ ਅਬੀਸ਼ੂਰ ਦੋ ਪੁੱਤਰ ਸਨ।
29 ਅਬੀਸ਼ੂਰ ਦੀ ਪਤਨੀ ਸੀ ਅਬੀਹੈਲ ਅਤੇ ਉਨ੍ਹਾਂ ਦੇ ਅੱਗੋਂ ਦੋ
ਪੁੱਤਰ ਪੈਦਾ ਹੋਏ, ਜਿਨ੍ਹਾਂ ਦਾ ਨਾਉਂ ਸੀ ਅਹਬਾਨ ਅਤੇ
ਮੋਲੀਦ।
30 ਨਾਦਾਬ ਦੇ ਪੁੱਤਰ ਸਨ ਸਲਦ ਅਤੇ ਅੱਪਇਮ। ਸਲਦ ਬਿਨ
ਔਲਾਦ ਹੀ ਮਰ ਗਿਆ।
31 ਅੱਪਇਮ ਦਾ ਪੁੱਤਰ ਸੀ ਯਿਸ਼ਈ ਅਤੇ ਯਿਸ਼ਈ ਦਾ ਪੁੱਤਰ
ਸ਼ੇਸ਼ਾਨ ਅਤੇ ਸ਼ੇਸ਼ਾਨ ਦੇ ਘਰ ਪੈਦਾ ਹੋਇਆ ਅਹਲਈ।
32 ਯਾਦਾ ਸ਼ੰਮਈ ਦਾ ਭਰਾ ਸੀ ਅਤੇ ਯਾਦਾ ਦੇ ਯਥਰ ਅਤੇ
ਯੋਨਾਥਾਨ ਸਨ। ਯਥਰ ਵੀ ਬੇਔਲਾਦਾ ਹੀ ਮਰ ਗਿਆ।
33 ਯੋਨਾਥਾਨ ਦੇ ਪੁੱਤਰ ਸਨ: ਪਲਥ ਅਤੇ ਜ਼ਾਜ਼ਾ ਇਹ
ਯਰਹਮਏਲ ਦੀ ਕੁਲਪੱਤ੍ਰੀ ਸੀ।
34 ਸ਼ੇਸ਼ਾਨ ਦੇ ਘਰ ਕੋਈ ਪੁੱਤਰ ਨਹੀਂ ਸੀ ਪਰ ਧੀਆਂ ਸਨ।
ਸ਼ੇਸ਼ਾਨ ਦਾ ਇੱਕ ਮਿਸਰੀ ਸੇਵਕ ਸੀ ਜਿਸ ਦਾ ਨਾਉਂ ਸੀ
ਯਰਹਾ। 35ਸ਼ੇਸ਼ਾਨ ਨੇ ਆਪਣੀ ਧੀ ਯਰਹਾ ਨਾਲ ਵਿਆਹ
ਦਿੱਤੀ। ਉਨ੍ਹਾਂ ਦੇ ਘਰ ਇੱਕ ਪੁੱਤਰ ਪੈਦਾ ਹੋਇਆ, ਜਿਸ
ਦਾ ਨਾਂ ਅੱਤਈ ਸੀ।
36 ਅੱਤਈ ਨਾਥਾਨ ਦਾ ਪਿਤਾ ਸੀ ਅਤੇ ਨਾਥਾਨ ਜ਼ਾਬਾਦ
ਦਾ ਪਿਤਾ ਸੀ। 37ਜ਼ਾਬਾਦ ਅਫ਼ਲਾਲ ਦਾ ਪਿਤਾ ਸੀ
ਅਤੇ ਅਫ਼ਲਾਲ ਓਬੇਦ ਦਾ ਪਿਤਾ ਸੀ। 38ਓਬੇਦ
ਯੇਹੂ ਦਾ ਪਿਤਾ ਅਤੇ ਯੇਹੂ ਦਾ ਪੁੱਤਰ ਅਜ਼ਰਯਾਹ ਸੀ।
39ਅਜ਼ਰਯਾਹ ਹਲਸ ਦਾ ਪਿਤਾ ਸੀ ਅਤੇ ਹਲਸ ਦਾ
ਪੁੱਤਰ ਅਲਾਸਾਹ ਸੀ। 40ਅਲਾਸਾਹ ਸਿਸਮਾਈ ਦਾ
ਪਿਤਾ ਸੀ ਅਤੇ ਸਿਸਮਾਈ ਦਾ ਪੁੱਤਰ ਸ਼ੱਲੂਮ ਸੀ।
41ਸ਼ੱਲੂਮ ਯਕਮਯਾਹ ਦਾ ਅਤੇ ਯਕਮਯਾਹ ਅਲੀਸ਼ਾਮਾ
ਦਾ ਪਿਤਾ ਸੀ।

## ਕਾਲੇਬ ਦਾ ਪਰਿਵਾਰ

42 ਕਾਲੇਬ ਯਰਹਮਏਲ ਦਾ ਭਰਾ ਸੀ। ਕਾਲੇਬ ਦੇ ਕੁਝ ਪੁੱਤਰ
ਸਨ। ਉਸ ਦਾ ਪਲੋਠਾ ਪੁੱਤਰ ਮੇਸ਼ਾ ਸੀ। ਮੇਸ਼ਾ ਜ਼ੀਫ਼ ਦਾ
ਪਿਤਾ ਸੀ। ਕਾਲੇਬ ਦਾ ਇੱਕ ਹੋਰ ਵੀ ਪੁੱਤਰ ਮਾਰੇਸ਼ਾਹ
ਸੀ ਜੋ ਕਿ ਹਬਰੋਨ ਦਾ ਪਿਤਾ ਸੀ।
43 ਹਬਰੋਨ ਦੇ ਪੁੱਤਰ ਸਨ: ਕੋਰਹ, ਤੱਪੁਅਹ, ਰਕਮ ਅਤੇ
ਸ਼ਮਾ। 44ਸ਼ਮਾ ਰਹਮ ਦਾ ਪਿਤਾ ਸੀ। ਰਹਮ ਦਾ ਪੁੱਤਰ
ਯਾਰਕਆਮ ਸੀ। ਰਕਮ ਸ਼ੰਮਈ ਦਾ ਪਿਤਾ ਸੀ।
45ਸ਼ੰਮਈ ਦਾ ਪੁੱਤਰ ਸੀ ਮਾਓਨ ਅਤੇ ਮਾਓਨ ਬੈਤ-ਸੂਰ
ਦਾ ਪਿਤਾ ਸੀ।
46 ਕਾਲੇਬ ਦੀ ਦਾਸੀ ਏਫ਼ਾਹ ਸੀ ਜੋ ਕਿ ਹਾਰਾਨ, ਮੋਸਾ ਅਤੇ
ਗਾਜ਼ੇਜ਼ ਦੀ ਮਾਂ ਬਣੀ। ਗਾਜ਼ੇਜ਼ ਦਾ ਪਿਤਾ ਹਾਰਾਨ ਸੀ।
47 ਯਾਹਦਈ ਦੇ ਪੁੱਤਰ ਰਗਮ, ਯੋਥਾਮ, ਗੇਸ਼ਾਨ, ਪਲਟ, ਏਫ਼ਾਹ
ਅਤੇ ਸ਼ਾਅਫ ਸਨ।
48 ਮਅਕਾਹ ਕਾਲੇਬ ਦੀ ਇੱਕ ਹੋਰ ਦਾਸੀ ਸੀ ਜੋ ਕਿ ਸ਼ਬਰ ਅਤੇ
ਤਿਰਹਨਾਹ ਦੀ ਮਾਂ ਬਣੀ। 49ਮਅਕਾਹ ਸ਼ਅਫ਼ ਅਤੇ
ਸ਼ਵਾ ਦੀ ਵੀ ਮਾਂ ਬਣੀ। ਸ਼ਅਫ਼ ਮਦਸੰਨਾਹ ਦਾ ਪਿਤਾ ਸੀ
ਅਤੇ ਸ਼ਵਾ ਮਕਬੇਨਾ ਅਤੇ ਗਿਬਆ ਦਾ ਪਿਤਾ ਬਣਿਆ।
ਕਾਲੇਬ ਦੀ ਧੀ ਦਾ ਨਾਂ ਅਕਸਾਹ ਸੀ।
50 ਇਹ ਕਾਲੇਬ ਦਾ ਵੰਸ਼ ਹੈ। ਹੂਰ ਉਸ ਦਾ ਪਲੋਠਾ ਪੁੱਤਰ ਸੀ ਜੋ
ਕਿ ਅਫਰਾਥਾਹ ਦਾ ਪੁੱਤਰ ਸੀ ਅਤੇ ਅੱਗੋਂ ਹੂਰ ਦੇ ਪੁੱਤਰ
ਸਨ ਸ਼ੋਬਾਲ ਜੋ ਕਿ ਕਿਰਯਥ-ਯਆਰੀਮ ਦਾ ਸੰਸਥਾਪਕ
ਸੀ। 51ਸਲਮਾ ਬੈਤਲਹਮ ਦਾ ਸੰਸਥਾਪਕ ਸੀ ਅਤੇ
ਹਾਰੇਫ਼ ਬੈਤਗਾਦੇਰ ਦਾ ਸੰਸਥਾਪਕ ਸੀ।
52 ਕਿਰਯਥ-ਯਆਰੀਮ ਦੇ ਪਿਤਾ ਸ਼ੋਆਲ ਦੇ ਪੁੱਤਰ ਸਨ,
ਹਾਰੋਆਹ, ਮਨੁਹੋਥ ਦੇ ਅੱਧੇ ਲੋਕ, 53ਕਿਰਯਥ-
ਯਆਰੀਮ ਦੇ ਪਰਿਵਾਰ ਸਮੂਹ: ਯਿਬਰੀ, ਪੂਥੀ, ਸ਼ੁਮਾਥੀ
ਅਤੇ ਮਿਸ਼ਰਾਈ। ਸਾਰਆਥੀ ਅਤੇ ਅਸ਼ਤਾਉਲੀ
ਮਿਸ਼ਰਾਈਆਂ ਤੋਂ ਆਏ।
54 ਸਾਲਮਾ ਦਾ ਵੰਸ਼: ਬੈਤਲਹਮ, ਨਟੂਫ਼ਾਥ ਅਤੇ ਅਟਰੋਥ ਬੈਤ
ਯੋਆਬ ਦੇ ਲੋਕ, ਮਨਹਾਥੀ ਦੇ ਅੱਧੇ ਲੋਕ ਅਤੇ ਸਰਾਈ
ਲੋਕ, 55ਅਤੇ ਉਨ੍ਹਾਂ ਲਿਖਾਰੀਆਂ ਦੇ ਘਰਾਣੇ ਜਿਹੜੇ
ਯਅਬੇਨ, ਤੀਰਆਥ, ਸ਼ਿਮਆਥ ਅਤੇ ਸੂਕਾਥ ਵਿੱਚ
ਰਹਿੰਦੇ ਸਨ। ਇਹ ਲਿਖਾਰੀ ਉਹ ਕੀਨੀ ਸਨ ਜਿਹੜੇ
ਹੰਮਾਥ, ਬੇਤ-ਰੇਕਾਬ ਦੇ ਸੰਸਥਾਪਕ ਤੋਂ ਆਏ ਸਨ।

## ਦਾਊਦ ਦੇ ਪੁੱਤਰ

3 1ਦਾਊਦ ਦੇ ਕੁਝ ਪੁੱਤਰ ਹਬਰੋਨ ਸ਼ਹਿਰ ਵਿੱਚ ਜਨਮੇ ਸਨ।
ਉਨ੍ਹਾਂ ਦੀ ਸੂਚੀ ਇਉਂ ਹੈ:
ਦਾਊਦ ਦਾ ਪਹਿਲਾ ਪੁੱਤਰ ਅਮਨੋਨ ਸੀ। ਉਸ ਦੀ ਮਾਂ
ਅਹੀਨੋਅਮ ਸੀ ਜੋ ਕਿ ਯਿਜ਼ਰੇਲ ਤੋਂ ਸੀ।
ਉਸ ਦਾ ਦੂਜਾ ਪੁੱਤਰ ਦਾਨੀਏਲ ਸੀ, ਅਤੇ ਉਸ ਦੀ ਮਾਂ ਦਾ
ਨਾਂ ਅਬੀਗੈਲ ਸੀ ਜੋ ਕਿ ਯਹੂਦਾਹ ਵਿੱਚ ਕਰਮਲ ਤੋਂ
ਸੀ।
2 ਉਸ ਦੇ ਤੀਜੇ ਪੁੱਤਰ ਦਾ ਨਾਂ ਸੀ ਅਬਸ਼ਾਲੋਮ। ਉਹ ਮਅਕਾਹ
ਦਾ ਪੁੱਤਰ ਸੀ। ਇਹ ਗਸ਼ੂਰ ਦੇ ਰਾਜਾ ਤਲਮਈ ਦੀ ਧੀ
ਸੀ।

ਦਾਊਦ ਦਾ ਚੌਥਾ ਪੁੱਤਰ ਅਦੋਨੀਯਾਹ ਸੀ ਅਤੇ ਉਸ ਦੀ ਮਾਂ
ਹੱਗੀਥ ਸੀ।
3 ਉਸ ਦਾ ਪੰਜਵਾਂ ਪੁੱਤਰ ਸ਼ਫਟਯਾਹ ਸੀ, ਉਸ ਦੀ ਮਾਂ
ਅਬੀਟਾਲ ਸੀ।
ਉਸ ਦਾ ਛੇਵਾਂ ਪੁੱਤਰ ਯਿਥਰਆਮ ਸੀ, ਅਤੇ ਉਸ ਦੀ ਮਾਂ
ਅਗਲਾਹ ਸੀ।

4ਦਾਊਦ ਦੇ ਇਹ ਛੇ ਪੁੱਤਰ ਹਬਰੋਨ ਵਿੱਚ ਜੰਮੇ ਸਨ।
ਉਸ ਨੇ ਹਬਰੋਨ ਵਿੱਚ ਸਾਢੇ ਸੱਤ ਸਾਲ ਰਾਜ ਕੀਤਾ। 5ਫ਼ਿਰ
ਦਾਊਦ ਨੇ ਯਰੂਸ਼ਲਮ ਵਿੱਚ 33 ਵਰ੍ਹੇ ਰਾਜ ਕੀਤਾ। ਅਤੇ ਯਰੂਸ਼ਲਮ
ਵਿੱਚ ਦਾਊਦ ਦੇ ਜਿਹੜੇ ਪੁੱਤਰ ਪੈਦਾ ਹੋਏ ਇਸ ਤਰ੍ਹਾਂ ਹਨ:
(ਦਾਊਦ) ਦੀ ਪਤਨੀ ਬਥਸ਼ੂਆ, ਅੰਮੀਏਲ ਦੀ ਧੀ ਸੀ।
ਬਥਸ਼ੂਆ ਨੇ ਚਾਰ ਪੁੱਤਰ ਸ਼ਿਮਆ, ਸ਼ੋਬਾਬ, ਨਾਥਾਨ
ਅਤੇ ਸੁਲੇਮਾਨ ਜੰਮੇ। 6-8ਦਾਊਦ ਦੇ 9 ਹੋਰ ਪੁਤਰਾਂ
ਦੇ ਨਾਂ ਸਨ: ਯਿਬਹਾਰ, ਅਲੀਸ਼ਾਮਾ, ਅਲੀਫ਼ਾਲਟ,
ਨੋਗਹ, ਨਫ਼ਗ, ਯਾਫ਼ੀਆ, ਅਲੀਸ਼ਾਮਾ, ਅਲਯਾਦਾ
ਅਤੇ ਅਲੀਫ਼ਲਟ। 9ਇਹ ਸਾਰੇ ਦਾਊਦ ਦੇ ਪੁੱਤਰ ਸਨ।
ਇਸਤੋਂ ਇਲਾਵਾ ਉਸ ਦੇ ਦਾਸੀਆਂ ਤੋਂ ਵੀ ਪੁੱਤਰ ਸਨ।
ਅਤੇ ਤਾਮਾਰ ਨਾਂ ਦੀ ਦਾਊਦ ਦੀ ਇੱਕ ਧੀ ਸੀ।

### ਦਾਊਦ ਦੇ ਸਮੇਂ ਉਪਰੰਤ ਯਹੂਦਾਹ ਦੇ ਪਾਤਸ਼ਾਹ

10 ਸੁਲੇਮਾਨ ਦਾ ਪੁੱਤਰ ਰਹਬੁਆਮ ਸੀ। ਅਤੇ ਰਹਬੁਆਮ ਦਾ
ਪੁੱਤਰ ਅਬੀਯਾਹ। ਅਬੀਯਾਹ ਦਾ ਪੁੱਤਰ ਆਸਾ ਸੀ
ਅਤੇ ਆਸਾ ਦਾ ਯਹੋਸ਼ਾਫ਼ਾਟ। 11ਯਹੋਸ਼ਾਫ਼ਾਟ ਦਾ ਪੁੱਤਰ
ਯੋਰਾਮ ਅਤੇ ਯੋਰਾਮ ਦਾ ਪੁੱਤਰ ਅਰਜ਼ਯਾਹ ਸੀ। ਅਤੇ
ਅਰਜ਼ਯਾਹ ਦਾ ਪੁੱਤਰ ਸੀ ਯੋਆਸ਼। 12ਯੋਆਸ਼ ਦਾ
ਪੁੱਤਰ ਸੀ ਅਮਸਯਾਹ ਅਤੇ ਅਮਸਯਾਹ ਦਾ ਪੁੱਤਰ
ਅਜ਼ਰਯਾਹ ਅਤੇ ਉਸ ਦਾ ਪੁੱਤਰ ਸੀ ਯੋਥਾਮ। 13ਯੋਥਾਮ
ਦਾ ਪੁੱਤਰ ਸੀ ਆਹਾਜ਼ ਅਤੇ ਆਹਾਜ਼ ਦਾ ਹਿਜ਼ਕੀਯਾਹ
ਅਤੇ ਹਿਜ਼ਕੀਯਾਹ ਦਾ ਪੁੱਤਰ ਸੀ ਮਨੱਸ਼ਹ। 14ਮਨੱਸ਼ਹ
ਦਾ ਪੁੱਤਰ ਆਮੋਨ ਅਤੇ ਆਮੋਨ ਦਾ ਪੁੱਤਰ ਯੋਸੀਯਾਹ
ਸੀ।
15 ਅਤੇ ਯੋਸ਼ੀਯਾਹ ਦੇ ਪੁੱਤਰਾਂ ਦੀ ਸੂਚੀ ਇਵੇਂ ਹੈ: ਉਸ ਦਾ
ਪਲੋਠਾ ਪੁੱਤਰ ਯੋਹਾਨਾਨ ਅਤੇ ਦੂਜਾ ਯਹੋਯਕੀਮ ਸੀ।
ਤੀਜੇ ਪੁੱਤਰ ਦਾ ਨਾਉਂ ਸੀ ਸਿਦਕੀਯਾਹ ਤੇ ਚੌਥੇ ਦਾ
ਸ਼ੱਲੂਮ।
16 ਯਹੋਯਕੀਮ ਦੇ ਪੁੱਤਰ: ਯਕਾਨਯਾਹ ਅਤੇ ਉਸ ਦਾ ਪੁੱਤਰ,
ਸਿਦਕੀਯਾਹ ਅਤੇ ਉਸ ਦਾ ਪੁੱਤਰ।[a]

### ਬਾਬਲ ਦੀ ਹਿਰਾਸਤ ਉਪਰੰਤ ਦਾਊਦ ਦਾ ਘਰਾਣਾ

17 ਇਹ ਪੱਤ੍ਰੀ ਹੈ ਯਕਾਨਯਾਹ ਦੀ ਔਲਾਦ ਦੀ ਜਦੋਂ ਯਕਾਨਯਾਹ
ਬਾਬਲ ਦਾ ਬੰਦੀ ਬਣ ਜਾਂਦਾ ਹੈ। ਉਸ ਉਪਰੰਤ ਉਸ
ਦੀ ਔਲਾਦ ਇਵੇਂ ਹੈ: ਸ਼ਅਲਤੀਏਲ, 18ਮਲਕੀਰਾਮ,
ਫ਼ਦਾਯਾਹ ਸ਼ਨੱਸਰ, ਯਕਮਯਾਹ, ਹੋਸ਼ਾਮਾ ਅਤੇ
ਨਦਬਯਾਹ।
19 ਫ਼ਦਾਯਾਹ ਦੇ ਪੁੱਤਰ ਜ਼ਰੁੱਬਾਬਲ ਅਤੇ ਸ਼ਿਮਈ ਸਨ।
ਜ਼ਰੁੱਬਾਬਲ ਦੇ ਪੁੱਤਰ ਸਨ ਮਸੁੱਲਾਮ ਅਤੇ ਹਨਨਯਾਹ
ਅਤੇ ਉਨ੍ਹਾਂ ਦੀ ਭੈਣ ਸੀ ਸ਼ਲੋਮੀਥ। 20ਜ਼ਰੁੱਬਾਬਲ ਦੇ
ਪੰਜ ਹੋਰ ਵੀ ਪੁੱਤਰ ਸਨ। ਉਨ੍ਹਾਂ ਦੇ ਨਾਉਂ ਸਨ: ਹਸ਼ੁਬਾਹ,
ਓਹਲ, ਬਰਕਯਾਹ, ਹਸਦਯਾਹ ਅਤੇ ਯੂਸ਼ਬ-ਹਸਦ।
21 ਹਨਨਯਾਹ ਦਾ ਪੁੱਤਰ ਸੀ ਪਲਟਯਾਹ ਅਤੇ ਉਸ ਦਾ ਪੁੱਤਰ
ਸੀ ਯਿਸਅਯਾਹ ਅਤੇ ਯਿਸਅਯਾਹ ਦੇ ਪੁੱਤਰ ਦਾ ਨਾਂ ਸੀ
ਰਫ਼ਾਯਾਹ। ਤੇ ਰਫਾਯਾਹ ਦਾ ਪੁੱਤਰ ਅਰਨਾਨ, ਅਰਨਾਨ
ਦਾ ਪੁੱਤਰ ਓਬਦਯਾਹ ਤੇ ਓਬਦਯਾਹ ਦਾ ਸ਼ਕਨਯਾਹ
ਪੁੱਤਰ ਸੀ।
22 ਸ਼ਕਨਯਾਹ ਦੇ ਵੰਸ਼ ਦੀ ਸੂਚੀ ਇਉਂ ਹੈ: ਸ਼ਕਨਯਾਹ ਦਾ ਪੁੱਤਰ
ਸ਼ਮਅਯਾਹ। ਸ਼ਮਅਯਾਹ ਦੇ 6 ਪੁੱਤਰ ਸਨ: ਸ਼ਅਮਾਰ,
ਹੱਟੂਸ਼, ਯਿਗਾਲ, ਬਾਰੀਅਹ, ਨਅਰਯਾਹ ਅਤੇ ਸ਼ਾਫ਼ਾਟ।
23 ਨਅਰਯਾਹ ਦੇ ਅੱਗੋਂ 3 ਪੁੱਤਰ ਸਨ: ਅਲਯੋਏਨਈ,
ਹਿਜ਼ਕੀਯਾਹ ਅਤੇ ਅਜ਼ਰੀਕਾਮ।
24 ਅਲਯੋਏਨਈ ਦੇ ਅੱਗੋਂ 7 ਪੁੱਤਰ ਹੋਏ: ਹੋਦੈਯਾਹ,
ਅਲਯਾਸ਼ੀਬ, ਫ਼ਲਾਯਾਹ, ਅੱਕੂਬ, ਯੋਹਾਨਾਨ, ਦਲਾਯਾਹ
ਅਤੇ ਅਨਾਨੀ।

### ਯਹੂਦਾਹ ਦੇ ਹੋਰ ਘਰਾਣੇ

4 1ਯਹੂਦਾਹ ਦੇ ਪੁੱਤਰਾਂ ਦੀ ਪੱਤ੍ਰੀ ਇਵੇਂ ਹੈ:
ਪਰਸ, ਹਸਰੋਨ, ਕਰਮੀ, ਹੂਰ ਅਤੇ ਸ਼ੋਬਾਲ।
2 ਸ਼ੋਬਾਲ ਦਾ ਪੁੱਤਰ ਰਆਯਾਹ ਅਤੇ ਰਆਯਾਹ ਯਹਥ ਦਾ
ਪਿਤਾ ਸੀ ਅਤੇ ਯਹਥ ਅਹੂਮਈ ਅਤੇ ਲਹਦ ਦਾ ਪਿਤਾ।
3 ਏਟਾਮ ਦੇ ਪੁੱਤਰ ਸਨ ਯਿਜ਼ਰੇਲ, ਯਿਸ਼ਮਾ ਅਤੇ ਯਿਦਬਾਸ਼।
ਉਨ੍ਹਾਂ ਦੀ ਇੱਕ ਭੈਣ ਸੀ, ਜਿਸ ਦਾ ਨਾਉਂ ਸੀ
ਹੱਸਲਲਪੋਨੀ।
4 ਫਨੂਏਲ ਗਦੋਰ ਦਾ ਪਿਤਾ ਸੀ ਅਤੇ ਏਜ਼ਰ ਹੂਸ਼ਾਹ ਦਾ ਪਿਤਾ
ਸੀ।
ਇਹ ਹੂਰ ਦੇ ਪੁੱਤਰ ਸਨ। ਅਤੇ ਹੂਰ ਅਫ਼ਰਾਥਾਹ ਦਾ ਪਲੋਠਾ
ਪੁੱਤਰ ਸੀ ਅਤੇ ਅਫ਼ਰਾਥਾਹ ਬੈਤਲਹਮ ਦਾ ਸੰਸਥਾਪਕ
ਸੀ।
5 ਤਕੋਆ ਦਾ ਪਿਤਾ ਅਸ਼ਹੂਰ ਸੀ। ਉਸ ਦੀਆਂ 2 ਪਤਨੀਆਂ
ਸਨ। ਅਸ਼ਹੂਰ ਦੀਆਂ ਪਤਨੀਆਂ ਦੇ ਨਾਂ ਸੀ ਹਲਾਹ ਅਤੇ
ਨਅਰਾਹ। 6ਨਅਰਾਹ ਦੇ ਘਰ ਅਹੁੱਜ਼ਾਮ, ਹੇਫ਼ਰ, ਤੇਮਨੀ
ਅਤੇ ਹਾਅਹਸ਼ਤਾਰੀ ਜੰਮੇ। ਇਹ ਨਅਰਾਹ ਦੇ ਪੁੱਤਰ
ਅਸ਼ਹੂਰ ਤੋਂ ਜੰਮੇ। 7ਹਲਾਹ ਦੇ ਪੁੱਤਰਾਂ ਦਾ ਨਾਂ ਸੀ: ਸਰਥ,
ਯਿਸਹਰ, ਅਥਨਾਨ ਅਤੇ ਕੋਸ। 8ਕੋਸ ਤੋਂ ਆਨੂਬ,
ਸੋਬੇਬਾਹ ਪੈਦਾ ਹੋਏ। ਕੋਸ ਅਹਰਹੇਲ ਦੇ ਪਰਿਵਾਰ-ਸਮੂਹਾਂ
ਦਾ ਵੀ ਪਿਤਾ ਸੀ। ਅਹਰਹੇਲ ਦਾ ਪਿਤਾ ਹਾਰੁਮ ਸੀ।

9ਯਅਬੇਸ ਆਪਣੇ ਭਰਾ ਨਾਲੋਂ ਵੱਧ ਪਤਵੰਤ ਸੀ। ਉਸ ਦੀ
ਮਾਂ ਨੇ ਇਹ ਆਖਕੇ , "ਉਸ ਦਾ ਨਾਂ ਯਅਬੇਸ ਰੱਖਿਆ ਭਈ ਮੈਂ
ਉਸ ਨੂੰ ਦੁਖ ਨਾਲ ਜਨਮ ਦਿੱਤਾ।" 10ਯਅਬੇਸ ਨੇ ਇਸਰਾਏਲ
ਦੇ ਪਰਮੇਸ਼ੁਰ ਅੱਗੇ ਬੇਨਤੀ ਕੀਤੀ ਅਤੇ ਕਿਹਾ, "ਕਾਸ਼ ਕਿ ਤੂੰ ਮੈਨੂੰ

[a] ***3:16* ਯਹੋਯਕੀਮ...ਉਸ ਦਾ ਪੁੱਤਰ** ਇਸ ਦਾ ਭਾਵ ਇਹ ਹੋ ਸਕਦਾ: ਸਿਦਕੀਯਾਹ ਯਹੋਯਕੀਮ ਦਾ ਪੁੱਤਰ ਸੀ ਅਤੇ ਯਹੋਇਆਚਿਨ ਦਾ ਭਰਾ ਸੀ। ਸਿਦਕੀਯਾਹ ਯਕਨਯਾਹ ਦਾ ਪੁੱਤਰ ਸੀ ਅਤੇ ਯਹੋਯਕੀਮ ਦਾ ਪੋਤਰਾ ਸੀ।

ਸੱਚਮੁੱਚ ਵਰਦਾਨ ਦਿੰਦਾ ਅਤੇ ਮੇਰੀਆਂ ਹੱਦਾਂ ਨੂੰ ਵਧਾਉਂਦਾ। ਤੂੰ ਮੇਰੇ
ਅੰਗ-ਸੰਗ ਰਹਿੰਦਾ ਅਤੇ ਮੈਨੂੰ ਬੁਰਿਆਈ ਤੋਂ ਬਚਾਉਂਦਾ ਤਾਂ ਜੋ ਮੈਨੂੰ
ਕੋਈ ਦੁੱਖ ਨਾ ਦੇਵੇ।" ਅਤੇ ਪਰਮੇਸ਼ੁਰ ਨੇ ਉਸ ਦੀਆਂ ਬੇਨਤੀਆਂ
ਪੂਰੀਆਂ ਕੀਤੀਆਂ।
11 ਕਲੂਬ ਸ਼ੂਹਾਹ ਦਾ ਭਰਾ ਸੀ, ਅਤੇ ਕਲੂਬ ਮਹੀਰ ਦਾ ਪਿਤਾ
ਸੀ। ਮਹੀਰ ਅਸ਼ਤੋਨ ਦਾ ਪਿਤਾ ਸੀ। 12ਅਸ਼ਤੋਨ
ਬੈਤਰਾਫ਼ਾ ਦਾ ਪਾਸੇਅਹ, ਅਤੇ ਤਹਿੰਨਾਹ ਦਾ ਪਿਉ ਸੀ।
ਤਹਿੰਨਾਹ, ਈਰ-ਨਾਹਾਸ਼ ਦਾ ਪਿਤਾ ਸੀ ਅਤੇ ਏਹ ਰੇਕਾਹ
ਦੇ ਮਨੁੱਖ ਸਨ।
13 ਕਨਜ਼ ਦੇ ਪੁੱਤਰਾਂ ਦਾ ਨਾਂ ਸੀ ਆਥਨੀਏਲ ਅਤੇ ਸਰਾਯਾਹ।
ਆਥਨੀਏਲ ਦੇ ਪੁੱਤਰ ਸਨ ਹਥਥ ਅਤੇ ਮਓਨੋਥਈ।
14ਮਓਨੋਥਈ ਆਫ਼ਰਾਹ ਦਾ ਪਿਤਾ ਸੀ।
ਸਰਾਯਾਹ ਯੋਆਬ ਦਾ ਪਿਤਾ ਸੀ। ਯੋਆਬ ਗੇ-ਹਰਾਸ਼ੀਮ
ਨਗਰ ਦਾ ਸੰਸਥਾਪਕ ਸੀ। ਉਸ ਸਥਾਨ ਦਾ ਇਹ ਨਾਂ
ਇਸ ਲਈ ਸੀ, ਕਿਉਂਕਿ ਉਹ ਲੋਕ ਮਾਹਿਰ ਕਾਰੀਗਰ
ਸਨ।
15 ਕਾਲੇਬ ਯਫ਼ੁੰਨਹ ਦਾ ਪੁੱਤਰ ਸੀ ਅਤੇ ਕਾਲੇਬ ਦੇ ਪੁੱਤਰ ਸਨ:
ਈਰੂ, ਏਲਾਹ ਅਤੇ ਨਅਮ। ਏਲਾਹ ਦਾ ਪੁੱਤਰ ਕਨਜ਼
ਸੀ।
16 ਯਹੱਲਲੇਲ ਦੇ ਪੁੱਤਰ ਜ਼ੀਫ, ਜ਼ੀਫਾਹ, ਤੀਰਯਾ ਤੇ ਅਸਰੇਲ
ਸਨ।
17-18 ਅਜ਼ਰਾਹ ਦੇ ਪੁੱਤਰ ਸਨ: ਯਥਰ, ਮਰਦ, ਏਫਰ ਅਤੇ
ਯਾਲੋਨ। ਮਰਦ ਮਿਰਯਮ, ਸ਼ੰਮਈ ਅਤੇ ਯਿਸ਼ਬਹ ਦਾ
ਪਿਤਾ ਸੀ। ਯਿਸ਼ਬਹ ਅਸ਼ਤਮੋਆ ਦਾ ਪਿਤਾ ਸੀ। ਮਰਦ
ਦੀ ਪਤਨੀ ਮਿਸਰ ਤੋਂ ਸੀ। ਉਸ ਨੇ ਯਰਦ, ਹਬਰ, ਅਤੇ
ਜ਼ਨੋਅਹ ਨੂੰ ਜਨਮ ਦਿੱਤਾ। ਗਦੋਰ ਦਾ ਪਿਤਾ ਯਰਦ
ਸੀ। ਅਤੇ ਹਬਰ ਸੋਕੋ ਦਾ ਪਿਤਾ ਸੀ। ਅਤੇ ਯਕੂਥੀਏਲ
ਜ਼ਨੋਅਹ ਦਾ ਪਿਤਾ ਸੀ। ਇਹ ਸਭ ਫ਼ਿਰਊਨ ਦੀ ਧੀ
ਬਿਥਯਾਹ ਦੇ ਪੁੱਤਰ ਸਨ ਜਿਸ ਨੂੰ ਮਰਦ ਨੇ ਵਿਆਹ
ਲਿਆ ਸੀ ਜੋ ਕਿ ਮਿਸਰੀ ਸੀ।
19 ਨਹਮ ਦੀ ਭੈਣ ਮਰਦ ਦੀ ਪਤਨੀ ਸੀ ਅਤੇ ਉਹ ਯਹੂਦਾਹ
ਤੋਂ ਸੀ। ਮਰਦ ਦੀ ਪਤਨੀ ਦੇ ਪੁੱਤਰ ਕਈਲਾਹ ਅਤੇ
ਅਸ਼ਤਮੋਆ ਦੇ ਪਿਤਾ ਸਨ। ਕਈਲਾਹ ਗਰਮੀ ਤੋਂ ਸੀ
ਅਤੇ ਅਸ਼ਤਮੋਆ ਮਅਕਾਥੀ ਤੋਂ ਸੀ। 20ਸ਼ੀਮੋਨ ਦੇ ਪੁੱਤਰ
ਅਮਨੋਨ, ਰਿੰਨਾਹ, ਬਨ-ਹਾਨਾਨ ਅਤੇ ਤੀਲੋਨ ਸਨ।
ਅਤੇ ਯਿਸ਼ਈ ਦੇ ਪੁੱਤਰ ਜ਼ੋਹੇਥ ਅਤੇ ਬਨ-ਜ਼ੋਹੇਥ ਸਨ।
21-22 ਯਹੂਦਾਹ ਦਾ ਪੁੱਤਰ ਸ਼ੇਲਾਹ ਸੀ ਅਤੇ ਸ਼ੇਲਾਹ ਦੇ ਪੁੱਤਰ
ਏਰ, ਲਅਦਾਹ, ਯੋਕੀਮ, ਕੋਜ਼ੇਬਾ ਦੇ ਆਦਮੀ, ਯੋਆਸ਼
ਅਤੇ ਸਾਰਾਫ਼ ਸਨ। ਏਰ ਲੇਕਾਹ ਦਾ ਪਿਤਾ ਸੀ।
ਲਅਦਾਹ ਮਾਰੇਸ਼ਾਹ ਦਾ ਅਤੇ ਬੈਤ-ਅਸ਼ਬੇਆ ਵਿਖੇ
ਕਤਾਨ ਦੇ ਕਾਮਿਆਂ ਦੇ ਪਰਿਵਾਰ-ਸਮੂਹਾਂ ਦਾ ਪਿਤਾ ਸੀ।
ਯੋਆਸ਼ ਅਤੇ ਸਾਰਾਫ ਨੇ ਮੋਆਬੀ ਔਰਤਾਂ ਨਾਲ ਵਿਆਹ
ਕਰਵਾਏ। ਅਤੇ ਫ਼ਿਰ ਬੈਤਲਹਮ ਨੂੰ ਵਾਪਸ ਮੁੜ ਗਏ।
ਇਸ ਘਰਾਣੇ ਬਾਰੇ ਲਿਖਤਾਂ ਬਹੁਤ ਪੁਰਾਣੀਆਂ ਹਨ।
23ਸ਼ੇਲਾਹ ਦੇ ਪੁੱਤਰ ਘੁਮਿਆਰ ਸਨ। ਉਹ ਨਟਾਈਮ
ਅਤੇ ਗਦੇਰਾਹ ਦੇ ਵਸਨੀਕ ਸਨ। ਇਹ ਉਨ੍ਹਾਂ ਸ਼ਹਿਰਾਂ
ਵਿੱਚ ਰਹਿ ਕੇ ਪਾਤਸ਼ਾਹ ਲਈ ਕੰਮ ਕਰਦੇ ਸਨ।

### ਸ਼ਿਮਓਨ ਦੇ ਪੁੱਤਰ

24 ਸ਼ਿਮਓਨ ਦੇ ਪੁੱਤਰ: ਨਮੂਏਲ, ਯਾਮੀਨ, ਯਰੀਬ, ਜ਼ਰਹ
ਅਤੇ ਸ਼ਾਊਲ ਸਨ। 25ਸ਼ਾਊਲ ਦਾ ਪੁੱਤਰ ਸੀ ਸ਼ੱਲੂਮ
ਅਤੇ ਸ਼ੱਲੂਮ ਦਾ ਪੁੱਤਰ ਮਿਬਸਾਮ। ਮਿਬਸਾਮ ਦਾ ਪੁੱਤਰ
ਮਿਸ਼ਮਾ।
26 ਮਿਸ਼ਮਾ ਦਾ ਪੁੱਤਰ ਹੰਮੂਏਲ ਅਤੇ ਹੰਮੂਏਲ ਪੁੱਤਰ ਜ਼ੱਕੂਰ ਤੇ
ਜ਼ੱਕੂਰ ਦਾ ਪੁੱਤਰ ਸ਼ਿਮਈ। 27ਸ਼ਿਮਈ ਦੇ 16 ਪੁੱਤਰ
ਅਤੇ 6 ਧੀਆਂ ਸਨ ਪਰ ਸ਼ਿਮਈ ਦੇ ਭਰਾਵਾਂ ਦੇ ਬਹੁਤੇ
ਬੱਚੇ ਨਹੀਂ ਸਨ ਤੇ ਨਾ ਹੀ ਉਨ੍ਹਾਂ ਦੇ ਘਰਾਣੇ ਬਹੁਤ ਵੱਡੇ
ਸੀ। ਉਨ੍ਹਾਂ ਦੀਆਂ ਕੁਲਾਂ ਯਹੂਦਾਹ ਦੇ ਬਾਕੀ ਪਰਿਵਾਰ-
ਸਮੂਹਾਂ ਵਾਂਗ ਬਹੁਤੀਆਂ ਵੱਡੀਆਂ ਨਹੀਂ ਸਨ।
28 ਸ਼ਿਮਈ ਬਏਰਸ਼ਬਾ, ਮੋਲਾਦਾਹ, ਹਸਰ-ਸ਼ੂਆਲ 29ਬਿਲਹਾਹ
ਵਿੱਚ, ਅਸਮ, ਤੋਲਾਦ, 30ਬਥੂਏਲ, ਹਾਰਮਾਹ, ਸਿਕਲਗ,
31ਬੈਤ-ਮਰਕਾਬੋਥ ਵਿੱਚ, ਹਸਰ ਸੂਸੀਮ, ਬੈਤ-ਬਿਰਈ
ਅਤੇ ਸ਼ਅਰਇਮ ਵਿੱਚ ਵੱਸਦੇ ਸਨ। ਇਹ ਉਨ੍ਹਾਂ ਸ਼ਹਿਰਾਂ
ਵਿੱਚ ਦਾਉਦ ਪਾਤਸ਼ਹ ਤੀਕ ਰਹੇ। 32ਇਨ੍ਹਾਂ ਸ਼ਹਿਰਾਂ ਦੇ
ਨੇੜੇ ਦੇ ਪੰਜ ਪਿੰਡ ਸਨ: ਏਟਾਮ, ਆਯਿਨ, ਰਿੰਮੋਨ, ਤੋਕਨ
ਅਤੇ ਆਸ਼ਾਨ। 33ਇਸ ਦੇ ਇਲਾਵਾ ਇਨ੍ਹਾਂ ਸਹਿਰਾਂ ਦੇ
ਆਲੇ-ਦੁਆਲੇ ਦੇ ਸਾਰੇ ਪਿੰਡ ਬਅਲ ਤੀਕ ਦੇ ਜਿਹੜੇ
ਸਨ, ਉਨ੍ਹਾਂ ਵਿੱਚ ਇਹ ਵੱਸਦੇ ਸਨ। ਇਨ੍ਹਾਂ ਨੇ ਆਪਣੇ
ਘਰਾਣਿਆਂ ਦੇ ਇਤਹਾਸ ਨੂੰ ਵੀ ਲਿਖਿਆ।
34-38 ਉਨ੍ਹਾਂ ਦੇ ਪਰਿਵਾਰ-ਸਮੂਹਾਂ ਦੇ ਆਗੂਆਂ ਦੀ ਸੂਚੀ, ਇਉਂ
ਸੀ: ਮਸ਼ੋਬਾਬ, ਯਮਲੇਕ, ਅਮਸਯਾਹ ਦਾ ਪੁੱਤਰ ਯੋਸ਼ਾਹ,
ਯੋਏਲ ਅਤੇ ਯੋਸ਼ਿਬਯਾਹ ਦਾ ਪੁੱਤਰ ਯੇਹੂ, ਸ਼ਿਰਾਹ
ਦਾ ਪੁੱਤਰ ਯੋਸ਼ਿਬਯਾਹ, ਅਸੀਏਲ ਦਾ ਪੁੱਤਰ ਸ਼ਿਰਾਹ,
ਅਲਯੋਏਨਈ, ਯਅਕੋਬਾਹ, ਯਸ਼ੋਹਾਯਾਹ, ਅਸਾਯਾਹ,
ਅਦੀਏਲ, ਯਿਸੀਮਿਏਲ, ਬਨਾਯਾਹ, ਅਤੇ ਸ਼ਿਫ਼ਈ
ਦਾ ਪੁੱਤਰ ਜ਼ੀਜ਼ਾ। ਸ਼ਿਫ਼ਈ ਅੱਲੋਨ ਦਾ ਪੁੱਤਰ ਸੀ ਅਤੇ
ਅੱਲੋਨ ਯਦਾਯਾਹ ਦਾ ਪੁੱਤਰ ਸੀ। ਯਦਾਯਾਹ ਸ਼ਿਮਰੀ
ਦਾ ਪੁੱਤਰ ਸੀ ਅਤੇ ਸ਼ਿਮਰੀ ਸ਼ਮਅਯਾਹ ਦਾ ਪੁੱਤਰ ਸੀ।

ਇਨ੍ਹਾਂ ਆਦਮੀਆਂ ਦੇ ਸਾਰੇ ਘਰਾਣੇ ਬਹੁਤ ਵੱਡੇ ਬਣ ਗਏ।
39ਇਹ ਲੋਕ ਗਦੋਰ ਦੇ ਬਾਹਰੀ ਖੇਤਰ ਤੋਂ ਵਾਦੀ ਦੇ ਪੂਰਬੀ ਪਾਸੇ
ਵੱਲ ਆਪਣੀਆਂ ਭੇਡਾਂ ਅਤੇ ਪਸ਼ੂਆਂ ਲਈ ਚਾਰਾਂਦਾ ਦੀ ਤਲਾਸ਼
ਵਿੱਚ ਗਏ। 40ਉੱਥੇ ਇਨ੍ਹਾਂ ਨੂੰ ਭਰਪੂਰ ਹਰੇ ਮੈਦਾਨ ਮਿਲੇ ਅਤੇ
ਖੂਬ ਚਰਾਂਦਾ ਵੀ। ਇੱਥੋਂ ਦਾ ਇਲਾਕਾ-ਧਰਤੀ ਬੜੀ ਹੀ ਸ਼ਾਂਤਮਈ
ਤੇ ਅਮਨ ਵਾਲੀ ਸੀ। ਹਾਮ ਦਾ ਵੰਸ਼ ਮੁੱਢੋਂ ਹੀ ਇੱਥੇ ਵੱਸਦਾ ਸੀ।
41ਇਹ ਉਦੋਂ ਵਾਪਰਿਆ ਜਦੋਂ ਹਿਜ਼ਕੀਯਾਹ ਯਹੂਦਾਹ ਦਾ ਪਾਤਸ਼ਾਹ
ਸੀ। ਉਸ ਸਮੇਂ ਉਹ ਗਦੋਰ ਨੂੰ ਆਏ ਅਤੇ ਹਾਮੀਆਂ ਦੇ ਵਿਰੁੱਧ ਲੜੇ।
ਉਨ੍ਹਾਂ ਨੇ ਹਾਮੀਆਂ ਦੇ ਤੰਬੂਆਂ ਨੂੰ ਤਬਾਹ ਕਰ ਦਿੱਤਾ ਅਤੇ ਉੱਥੋਂ ਦੇ
ਮਊਨੀਮੀਆਂ ਦੇ ਵਿਰੁੱਧ ਲੜੇ ਅਤੇ ਉਨ੍ਹਾਂ ਸਾਰਿਆਂ ਨੂੰ ਤਬਾਹ ਕਰ
ਦਿੱਤਾ। ਅੱਜ ਤਾਈਂ, ਓੱਥੇ ਕੋਈ ਮਊਨੀਮ ਨਹੀਂ ਵੱਸਦਾ। ਇਸ ਲਈ
ਇਨ੍ਹਾਂ ਲੋਕਾਂ ਨੇ ਉੱਥੇ ਰਹਿਣਾ ਸ਼ੁਰੂ ਕਰ ਦਿੱਤਾ ਕਿਉਂਕਿ ਉੱਥੇ ਉਨ੍ਹਾਂ
ਦੀਆਂ ਭੇਡਾਂ ਲਈ ਚਰਾਂਦਾਂ ਸਨ।
42ਸ਼ਿਮਓਨ ਦੇ ਘਰਾਣੇ ਵਿੱਚੋਂ 500 ਮਨੁੱਖ ਸੇਈਰ ਦੇ ਪਹਾੜੀ
ਦੇਸ ਨੂੰ ਚਲੇ ਗਏ। ਇਨ੍ਹਾਂ ਲੋਕਾਂ ਦੇ ਆਗੂ ਯਸ਼ਈ ਦੇ ਪੁੱਤਰ ਸਨ।
ਉਹ ਸਨ: ਪਲਟਯਾਹ, ਨਅਰਯਾਹ, ਰਫ਼ਾਯਾਹ ਅਤੇ ਉਜ਼ੀਏਲ

ਸਨ। ਉਹ ਓਥੋਂ ਦੇ ਰਹਿਣ ਵਾਲੇ ਲੋਕਾਂ ਦੇ ਵਿਰੁੱਧ ਲੜੇ। 43ਉੱਥੇ ਸਿਰਫ਼ ਥੋੜੇ ਜਿਹੇ ਅਮਾਲੇਕੀ ਲੋਕ ਹੀ ਬਾਕੀ ਰਹੇ ਅਤੇ ਇਨ੍ਹਾਂ ਸ਼ਿਮਾਓਨੀ ਲੋਕਾਂ ਨੇ ਉਨ੍ਹਾਂ ਨੂੰ ਮਾਰ ਸੁੱਟਿਆ ਅਤੇ ਅੱਜ ਤੀਕ ਉਸ ਸਮੇਂ ਤੋਂ ਲੈ ਕੇ ਹੁਣ ਤੀਕ ਸ਼ਿਮਾਓਨੀ ਲੋਕ ਸੇਈਰ ਵਿੱਚ ਵੱਸਦੇ ਹਨ।

## ਰਊਬੇਨ ਦੇ ਉੱਤਰਾਧਿਕਾਰੀ

5 1-3ਇਸਰਾਏਲ ਦਾ ਪਲੋਠਾ ਪੁੱਤਰ ਰਊਬੇਨ ਸੀ। ਰਊਬੇਨ ਨੂੰ ਪਲੋਠਾ ਪੁੱਤਰ ਹੋਣ ਕਰਕੇ ਵਿਸ਼ੇਸ਼ ਅਧਿਕਾਰ ਮਿਲਣੇ ਚਾਹੀਦੇ ਸਨ ਪਰ ਉਸ ਨੇ ਆਪਣੇ ਪਿਤਾ ਦੀ ਪਤਨੀ ਨਾਲ ਸੰਭੋਗ ਕੀਤਾ ਇਸ ਲਈ ਉਸ ਨੂੰ ਉਸ ਦੇ ਹੱਕ ਤੋਂ ਵਾਂਝਾ ਕਰਕੇ ਉਹ ਹੱਕ ਯੂਸੁਫ਼ ਦੇ ਪੁੱਤਰਾਂ ਨੂੰ ਦਿੱਤੇ ਗਏ। ਰਊਬੇਨ ਦਾ ਨਾਂ ਇਉਂ ਕੁਲਪੱਤ੍ਰੀ ਵਿੱਚ ਪਲੋਠੇ ਕਰਕੇ ਨਹੀਂ ਗਿਣਿਆ ਜਾਂਦਾ। ਯਹੂਦਾਹ ਆਪਣੇ ਭਰਾਵਾਂ ਤੋਂ ਵੱਧ ਸ਼ਕਤੀਸ਼ਾਲੀ ਹੋਇਆ। ਇਸ ਕਰਕੇ ਉਸ ਦੇ ਘਰਾਣੇ ਦੇ ਲੋਕ ਆਗੂ ਬਣੇ। ਪਰ ਯੂਸੁਫ਼ ਦੇ ਘਰਾਣੇ ਨੂੰ ਹੋਰ ਹੱਕ ਪ੍ਰਾਪਤ ਸਨ ਜਿਹੜੇ ਕਿ ਸਭ ਤੋਂ ਵੱਡੇ ਪੁੱਤਰ ਨੂੰ ਪ੍ਰਾਪਤ ਸਨ।

ਰਊਬੇਨ ਦੇ ਪੁੱਤਰਾਂ ਦੇ ਨਾਂ ਹਨੋਕ, ਫ਼ੱਲੂ, ਹਸਰੋਨ ਅਤੇ ਕਰਮੀ ਸਨ।

4 ਯੋਏਲ ਦੇ ਪੁੱਤਰਾਂ ਦੇ ਨਾਮ ਇਸ ਤਰ੍ਹਾਂ ਹਨ। ਸ਼ਮਅਯਾਹ ਯੋਏਲ ਦਾ ਪੁੱਤਰ ਸੀ। ਸ਼ਮਅਯਾਹ ਦਾ ਗੋਗ ਪੁੱਤਰ ਅਤੇ ਗੋਗ ਦਾ ਪੁੱਤਰ ਸ਼ਿਮਈ ਸੀ। 5ਮੀਕਾਹ ਸ਼ਿਮਈ ਦਾ ਅਤੇ ਮੀਕਾਹ ਦਾ ਪੁੱਤਰ ਰਆਯਾਹ ਦਾ ਅਤੇ ਰਆਯਾਹ ਪੁੱਤਰ ਬਆਲ ਸੀ। 6ਬਆਲ ਦਾ ਪੁੱਤਰ ਬਏਰਾਹ। ਬਏਰਾਹ ਨੂੰ ਅੱਸ਼ੂਰ ਦੇ ਪਾਤਸ਼ਾਹ ਤਿਲਗਥ-ਪਿਲਨਅਸਰ ਬੰਦੀ ਬਣਾ ਕੇ ਲੈ ਗਏ। ਬਏਰਾਹ ਰਊਬੇਨੀਆਂ ਦੇ ਘਰਾਣੇ ਦਾ ਆਗੂ ਸੀ।

7 ਯੋਏਲ ਦੇ ਭਰਾ ਉਨ੍ਹਾਂ ਦੇ ਪਰਿਵਾਰ-ਸਮੂਹਾਂ ਮੁਤਾਬਕ ਓਵੇਂ ਹੀ ਦਰਜ ਕੀਤੇ ਗਏ ਹਨ ਜਿਵੇਂ ਕਿ ਉਹ ਪਰਿਵਾਰ ਦੇ ਇਤਿਹਾਸਾਂ ਵਿੱਚ ਲਿਖੇ ਗਏ ਹਨ: ਯਈਏਲ ਪਲੋਠਾ ਪੁੱਤਰ ਸੀ, ਫ਼ੇਰ ਜ਼ਕਰਯਾਹ ਅਤੇ ਬਲਆ। 8ਬਲਆ ਆਜ਼ਾਜ਼ ਦਾ ਪੁੱਤਰ ਸੀ, ਆਜ਼ਾਜ਼ ਸ਼ਮਆ ਦਾ ਪੁੱਤਰ ਸੀ ਅਤੇ ਸ਼ਮਆ ਯੋਏਲ ਦਾ ਪੁੱਤਰ ਸੀ। ਇਹ ਅਰੋਏਰ ਦੇ ਇਲਾਕੇ ਵਿੱਚ ਨਬੋ ਤੋਂ ਲੈ ਕੇ ਬਆਲ ਮਓਨ ਤੀਕ ਵੱਸਦੇ ਸਨ। 9ਬਲਆ ਦੇ ਲੋਕ ਮਾਰੂਥਲ ਦੀ ਨੁੱਕਰ ਤੀਕ ਰਹਿੰਦੇ ਸਨ, ਜੋ ਕਿ ਪੂਰਬ ਵੱਲ ਫ਼ਰਾਤ ਦਰਿਆ ਤੀਕ ਪਹੁੰਚਦੀ ਹੈ। ਉਹ ਇਸ ਇਲਾਕੇ ਵਿੱਚ ਇਸ ਲਈ ਵੱਸਦੇ ਸਨ ਕਿਉਂਕਿ ਉਨ੍ਹਾਂ ਦੇ ਪਸ਼ੂ ਗਿਲਆਦ ਦੇ ਦੇਸ ਵਿੱਚ ਬਹੁਤ ਵੱਧ ਗਏ ਸਨ। 10ਜਦੋਂ ਸ਼ਾਊਲ ਪਾਤਸ਼ਾਹ ਸੀ, ਬਲਆ ਦੇ ਲੋਕਾਂ ਨੇ ਹਗਰੀਆਂ ਨਾਲ ਜੰਗ ਕੀਤੀ ਅਤੇ ਉਨ੍ਹਾਂ ਨੂੰ ਹਰਾਇਆ। ਉਨ੍ਹਾਂ ਨੇ ਗਿਲਆਦ ਦੇ ਪੂਰਬੀ ਖੇਤਰ ਰਾਹੀਂ ਸਫ਼ਰ ਕੀਤਾ ਅਤੇ ਉਨ੍ਹਾਂ ਤੰਬੂਆਂ ਵਿੱਚ ਰਹੇ ਜੋ ਓਥੋਂ ਦੇ ਹਗਰੀ ਲੋਕਾਂ ਦੇ ਸਨ।

## ਗਾਦ ਦਾ ਵੰਸ਼

11 ਗਾਦ ਘਰਾਣੇ ਦੇ ਲੋਕ ਰਊਬੇਨ ਦੇ ਘਰਾਣੇ ਦੇ ਲੋਕਾਂ ਦੇ ਨਜ਼ਦੀਕ ਹੀ ਵਸੇ। ਇਹ ਗਾਦੀ ਲੋਕ ਬਾਸ਼ਾਨ ਦੇ ਇਲਾਕੇ ਵਿੱਚ ਤੇ ਸਲਕਾਹ ਤੀਕ ਵਸੇ। 12ਯੋਏਲ ਬਾਸ਼ਾਨ ਵਿੱਚ ਪਹਿਲਾ ਆਗੂ ਸੀ ਅਤੇ ਉਸ ਤੋਂ ਬਾਦ ਸ਼ਾਫ਼ਾਨ ਦੂਜਾ ਤੇ ਉਸ ਉਪਰੰਤ ਯਅਨਈ ਆਗੂ ਬਣਿਆ। 13ਉਨ੍ਹਾਂ ਦੇ ਘਰਾਣਿਆਂ ਵਿੱਚੋਂ ਸੱਤਾਂ ਭਰਾਵਾਂ ਦੇ ਨਾਉਂ ਇਉਂ ਸਨ: ਮੀਕਾਏਲ, ਮਸ਼ੁੱਲਾਮ, ਸ਼ਬਾ, ਯੋਰਈ, ਯਅਕਾਨ, ਜ਼ੀਆ ਅਤੇ ਏਬਰ। 14ਉਹ ਅਬੀਹਯਿਲ ਦਾ ਵੰਸ਼ ਸਨ। ਅਬੀਹਯਿਲ ਹੂਰੀ ਦਾ ਪੁੱਤਰ ਸੀ ਅਤੇ ਹੂਰੀ ਯਾਰੋਅਹ ਦਾ ਪੁੱਤਰ ਅਤੇ ਯਾਰੋਆਹ ਗਿਲਆਦ ਦਾ। ਗਿਲਆਦ ਮੀਕਾਏਲ ਦਾ ਪੁੱਤਰ ਅਤੇ ਮੀਕਾਏਲ ਯਸ਼ੀਸ਼ਈ ਦਾ ਪੁੱਤਰ ਸੀ। ਯਸ਼ੀਸ਼ਈ ਯਹਦੋ ਦਾ ਪੁੱਤਰ ਅਤੇ ਯਹਦੋ ਬੂਜ਼ ਦਾ ਪੁੱਤਰ ਸੀ। 15ਅਬਦੀਏਲ ਦਾ ਪੁੱਤਰ ਅਹੀ ਅਤੇ ਅਬਦੀਏਲ ਗੂਨੀ ਦਾ ਪੁੱਤਰ ਸੀ। ਅਤੇ ਅਹੀ ਉਨ੍ਹਾਂ ਦੇ ਘਰਾਣਿਆਂ ਦਾ ਆਗੂ ਸੀ।

16 ਗਾਦ ਘਰਾਣੇ ਬਾਸ਼ਾਨ ਦੇ ਗਿਲਆਦ ਅਤੇ ਉਸ ਦੇ ਆਸ-ਪਾਸ ਦੇ ਛੋਟੇ ਸ਼ਹਿਰਾਂ ਵਿੱਚ ਅਤੇ ਸ਼ਾਰੋਨ ਦੇ ਇਲਾਕੇ ਵਿੱਚ ਸੀਮਾ ਤਾਈਂ ਸਾਰੀਆਂ ਚਰਾਂਦਾ ਵਿੱਚ ਰਹਿੰਦਾ ਸੀ।

17 ਯੋਥਾਮ ਅਤੇ ਯਾਰਾਬੁਆਮ ਪਾਤਸ਼ਾਹ ਦੇ ਦਿਨੀ ਇਨ੍ਹਾਂ ਸਾਰੇ ਲੋਕਾਂ ਦੇ ਨਾਉਂ ਗਾਦ ਦੇ ਘਰਾਣੇ ਦੇ ਇਤਹਾਸ ਦੀਆਂ ਕੁੱਲ ਪੱਤ੍ਰੀਆਂ ਲਿਖੀਆਂ ਗਈਆਂ। ਯੋਥਾਮ ਉਨ੍ਹੀ ਦਿਨੀ ਯਹੂਦਾਹ ਦਾ ਪਾਤਸ਼ਾਹ ਸੀ ਅਤੇ ਯਾਰਾਬੁਆਮ ਇਸਰਾਏਲ ਦਾ।

## ਯੁੱਧ ਵਿੱਚ ਕੁਝ ਮਾਹਰ ਸਿਪਾਹੀ

18ਮਨੱਸ਼ਹ ਦੇ ਅੱਧੇ ਘਰਾਣੇ ਅਤੇ ਰਊਬੇਨ ਅਤੇ ਗਾਦ ਦੇ ਘਰਾਣੇ ਕੋਲ ਕੁੱਲ 44,760 ਬਹਾਦਰ ਸਿਪਾਹੀ ਸਨ। ਉਨ੍ਹਾਂ ਸਿਪਾਹੀਆਂ ਕੋਲ ਤਲਵਾਰਾਂ ਅਤੇ ਢਾਲਾਂ ਸਨ ਅਤੇ ਉਹ ਤੀਰਾਂ ਅਤੇ ਕਮਾਨਾਂ ਵਿੱਚ ਵੀ ਕੁਸ਼ਲ ਸਨ। 19ਇਨ੍ਹਾਂ ਨੇ ਹਗਰੀਆਂ, ਯਟੂਰ, ਨਾਫ਼ੀਸ਼ ਤੇ ਨੋਦਾਬ ਦੇ ਲੋਕਾਂ ਵਿਰੁੱਧ ਲੜਾਈ ਕੀਤੀ। 20ਅਤੇ ਉਹ ਲੋਕ ਜਿਹੜੇ ਮਨੱਸ਼ਹ, ਰਊਬੇਨ ਅਤੇ ਗਾਦ ਪਰਿਵਾਰ-ਸਮੂਹਾਂ ਤੋਂ ਸਨ, ਨੇ ਲੜਾਈ ਵਿੱਚ ਪਰਮੇਸ਼ੁਰ ਅੱਗੇ ਪ੍ਰਾਰਥਨਾ ਕੀਤੀ ਤੇ ਯਹੋਵਾਹ ਨੂੰ ਮਦਦ ਲਈ ਬੇਨਤੀ ਕੀਤੀ ਕਿਉਂਕਿ ਉਨ੍ਹਾਂ ਆਖਿਆ ਕਿ ਉਹ ਯਹੋਵਾਹ ਉੱਤੇ ਭਰੋਸਾ ਰੱਖਦੇ ਹਨ। ਇਸ ਲਈ ਪਰਮੇਸ਼ੁਰ ਨੇ ਵੀ ਉਨ੍ਹਾਂ ਦੀ ਸਹਾਇਤਾ ਕੀਤੀ। ਪਰਮੇਸ਼ੁਰ ਨੇ ਉਨ੍ਹਾਂ ਨੂੰ ਹਗਰੀ ਮਨੁੱਖਾਂ ਨੂੰ ਹਰਾ ਦੇਣ ਵਿੱਚ ਮਦਦ ਕੀਤੀ। ਤਾਂ ਉਨ੍ਹਾਂ ਨੇ ਹਗਰੀ ਮਨੁੱਖਾਂ ਤੋਂ ਇਲਾਵਾ ਹੋਰ ਵੀ ਜਿਹੜੇ ਮਨੁੱਖਾਂ ਨੇ ਹਗਰੀਆਂ ਦਾ ਸਾਥ ਦਿੱਤਾ ਸੀ, ਉਨ੍ਹਾਂ ਨੂੰ ਵੀ ਹਰਾਇਆ। 21ਉਨ੍ਹਾਂ ਨੇ ਹਗਰੀਆਂ ਦੇ ਪਸ਼ੂ ਵੀ ਲੈ ਲਏ। ਉਨ੍ਹਾਂ ਨੇ 50,000 ਊਠ 2,50,000 ਭੇਡਾਂ, 2,000 ਗਧੇ ਅਤੇ 1,00,000 ਮਨੁੱਖਾਂ ਨੂੰ ਵੀ ਲੁੱਟ ਲਿਆ ਭਾਵ ਲੈ ਗਏ। 22ਬਹੁਤ ਸਾਰੇ ਹਗਰੀ ਮਾਰੇ ਗਏ ਸਨ ਕਿਉਂਕਿ ਇਹ ਯੁੱਧ ਪਰਮੇਸ਼ੁਰ ਵੱਲੋਂ ਸੀ ਅਤੇ ਪਰਮੇਸ਼ੁਰ ਰਊਬੇਨ ਦੇ ਪੱਖ ਵਿੱਚ ਸੀ। ਫ਼ਿਰ ਮਨੱਸ਼ਹ, ਰਊਬੇਨ ਅਤੇ ਗਾਦ ਘਰਾਣੇ ਦੇ ਲੋਕਾਂ ਨੇ ਹਗਰੀਆਂ ਦੀ ਜ਼ਮੀਨ ਤੇ ਰਹਿਣਾ ਸ਼ੁਰੂ ਕਰ ਦਿੱਤਾ। ਇਹ ਲੋਕ ਇਸਰਾਏਲੀਆਂ ਦੇ ਜਲਾਵਤਨੀ ਕਰਕੇ ਕੈਦੀਆਂ ਵਜੋਂ ਬਾਬਲ ਨੂੰ ਲਿਜਾਏ ਜਾਣ ਤੀਕ ਇੱਥੇ ਰਹੇ।

23ਮਨੱਸ਼ਹ ਘਰਾਣੇ ਦੇ ਅੱਧੇ ਮਨੁੱਖ ਬਾਸ਼ਾਨ ਦੇ ਇਲਾਕੇ ਵਿੱਚ ਵੱਸਦੇ ਰਹੇ। ਉਹ ਬਾਸ਼ਾਨ ਤੋਂ ਬਆਲ-ਹਰਮੋਨ, ਸਨੀਰ ਅਤੇ ਹਰਮੋਨ ਪਰਬਤ ਤੀਕ ਵੱਧਦੇ ਬਹੁਤ ਸਾਰੇ ਮਨੁੱਖਾਂ ਦਾ ਦਲ ਬਣ ਗਏ।

24ਮਨੱਸ਼ਹ ਘਰਾਣੇ ਦੇ ਅੱਧੇ ਮਨੁੱਖਾਂ ਦੇ ਘਰਾਣੇ ਦੇ ਆਗੂ ਇਸ ਪ੍ਰਕਾਰ ਸਨ: ਏਫ਼ਰ, ਯਿਸ਼ਈ, ਅਲੀਏਲ, ਅਜ਼ਰੀਏਲ, ਯਿਰਮਿਯਾਹ, ਹੋਦਵਯਾਹ, ਯਹਦੀਏਲ। ਇਹ ਸਾਰੇ ਹੀ ਬਹਾਦੁਰ

ਯੋਧੇ ਅਤੇ ਤਾਕਤਵਰ ਮਨੁੱਖ ਸਨ। ਇਹ ਸਾਰੇ ਪ੍ਰਸਿੱਧ ਮਨੁੱਖ ਸਨ
ਅਤੇ ਆਪੋ-ਆਪਣੇ ਪਰਿਵਾਰ-ਸਮੂਹਾਂ ਦੇ ਆਗੂ। 25ਪਰ ਉਨ੍ਹਾਂ ਨੇ
ਆਪਣੇ ਪੁਰਖਿਆਂ ਦੇ ਪਰਮੇਸ਼ੁਰ ਵਿਰੁੱਧ ਪਾਪ ਕੀਤਾ ਅਤੇ ਉਨ੍ਹਾਂ
ਲੋਕਾਂ ਦੇ ਝੂਠੇ ਦੇਵਤਿਆਂ ਦੀ ਉਪਾਸਨਾ ਕੀਤੀ ਜਿਨ੍ਹਾਂ ਨੂੰ ਪਰਮੇਸ਼ੁਰ
ਨੇ ਉਨ੍ਹਾਂ ਦੇ ਧਰਤੀ ਤੇ ਕਬਜ਼ਾ ਲੈਣ ਤੋਂ ਪਹਿਲਾਂ ਤਬਾਹ ਕੀਤਾ ਸੀ।
26ਇਸਰਾਏਲ ਦੇ ਪਰਮੇਸ਼ੁਰ ਨੇ ਅੱਸ਼ੂਰ ਦੇ ਰਾਜੇ ਪੂਲ ਨੂੰ
ਉਕਸਾਇਆ ਉਹ ਤਿਲਗਥ ਪਿਲਨਸਰ ਵੀ ਕਹਾਉਂਦਾ ਸੀ ਅਤੇ
ਉਸ ਦੇ ਅੰਦਰ ਜੰਗ ਨੂੰ ਜਾਣ ਦੀ ਇੱਛਾ ਪੈਦਾ ਕੀਤੀ, ਇਸ ਲਈ
ਉਹ ਰਊਬੇਨ ਅਤੇ ਗਾਦ ਘਰਾਣੇ ਅਤੇ ਮਨੱਸ਼ਹ ਦੇ ਅੱਧੇ ਘਰਾਣੇ
ਨਾਲ ਲੜਿਆ, ਅਤੇ ਉਨ੍ਹਾਂ ਨੂੰ ਸ਼ਹਿਰ ਤੋਂ ਬਾਹਰ ਹਲਹ, ਹਾਬੋਰ,
ਹਾਰਾ, ਅਤੇ ਗੋਜ਼ਾਨ ਦਰਿਆ ਦੇ ਨੇੜੇ ਲੈ ਗਿਆ। ਇਸਰਾਏਲ ਦੇ
ਉਹ ਘਰਾਣੇ ਅੱਜ ਦੇ ਦਿਨ ਤੀਕ ਵੀ ਓੱਥੇ ਰਹਿੰਦੇ ਹਨ।

### ਲੇਵੀ ਦਾ ਵੰਸ਼

**6** 1ਲੇਵੀ ਦੇ ਪੁੱਤਰਾਂ ਦੇ ਨਾਂ ਸਨ: ਗੇਰਸ਼ੋਨ, ਕਹਾਥ ਅਤੇ
ਮਰਾਰੀ।
2 ਕਹਾਥ ਦੇ ਪੁੱਤਰ ਅਮਰਾਮ, ਯਿਸਹਾਰ, ਹਬਰੋਨ ਅਤੇ
ਉੱਜ਼ੀਏਲ ਸਨ।
3 ਅਮਰਾਮ ਦੇ ਬੱਚੇ ਸਨ ਹਾਰੂਨ, ਮੂਸਾ ਅਤੇ ਮਿਰਯਮ।
ਹਾਰੂਨ ਦੇ ਪੁੱਤਰ ਨਾਦਾਬ, ਅਬੀਹੂ, ਅਲਆਜ਼ਾਰ ਅਤੇ
ਈਥਾਮਾਰ ਸਨ। 4ਅਲਆਜ਼ਾਰ ਫ਼ੀਨਹਾਸ ਦਾ ਪਿਤਾ ਸੀ
ਅਤੇ ਫ਼ੀਨਹਾਸ ਅਬੀਸ਼ੂਆ ਦਾ ਪਿਤਾ ਸੀ। 5ਅਬੀਸ਼ੂਆ
ਬੁੱਕੀ ਦਾ ਪਿਤਾ ਸੀ ਅਤੇ ਬੁੱਕੀ ਉੱਜ਼ੀ ਦਾ ਪਿਤਾ ਸੀ।
6ਉੱਜ਼ੀ ਜ਼ਰਹਯਾਹ ਦਾ ਪਿਤਾ ਅਤੇ ਜ਼ਰਹਯਾਹ ਦਾ ਪੁੱਤਰ
ਮਰਾਯੋਥ ਸੀ। 7ਮਰਾਯੋਥ ਅਮਰਯਾਹ ਦਾ ਪਿਤਾ ਸੀ
ਅਤੇ ਅਮਰਯਾਹ ਤੋਂ ਅਹੀਟੂਬ ਜੰਮਿਆ। 8ਅਹੀਟੂਬ
ਸਾਦੋਕ ਦਾ ਪਿਤਾ ਸੀ। ਅਤੇ ਸਾਦੋਕ ਅਹੀਮਾਅਸ ਦਾ
ਪਿਤਾ ਸੀ। 9ਅਹੀਮਾਅਸ ਅਜ਼ਰਯਾਹ ਦਾ ਪਿਤਾ ਅਤੇ
ਅਜ਼ਰਯਾਹ ਯੋਹਾਨਾਨ ਦਾ ਪਿਤਾ ਸੀ। 10ਯੋਹਾਨਾਨ
ਅਜ਼ਰਯਾਹ ਦਾ ਪਿਤਾ ਸੀ। (ਇਹ ਉਹੀ ਅਜ਼ਰਯਾਹ ਸੀ
ਜਿਹੜਾ ਯਰੂਸ਼ਲਮ ਵਿੱਚ, ਸੁਲੇਮਾਨ ਦੁਆਰਾ ਬਣਾਏ
ਗਏ ਮੰਦਰ ਵਿੱਚ ਜਾਜਕ ਵਜੋਂ ਕੰਮ ਕਰਦਾ ਹੁੰਦਾ ਸੀ।)
11ਅਜ਼ਰਯਾਹ ਅਮਰਯਾਹ ਦਾ ਪਿਤਾ ਸੀ ਤੇ ਅਮਰਯਾਹ
ਅਹੀਟੂਬ ਦਾ। 12ਅਹੀਟੂਬ ਸਾਦੋਕ ਦਾ ਪਿਤਾ ਸੀ।
ਸਾਦੋਕ ਸ਼ੱਲੂਮ ਦਾ ਪਿਤਾ ਸੀ। 13ਸ਼ੱਲੂਮ ਹਿਲਕੀਯਾਹ ਦਾ
ਪਿਤਾ ਸੀ ਤੇ ਹਿਲਕੀਯਾਹ ਅਜ਼ਰਯਾਹ ਦਾ ਪਿਤਾ ਸੀ।
14ਅਜ਼ਰਯਾਹ ਸਰਾਯਾਹ ਦਾ ਪਿਤਾ ਸੀ ਤੇ ਸਰਾਯਾਹ
ਯਹੋਸਾਦਾਕ ਦਾ ਪਿਤਾ ਸੀ।
15 ਜਦੋਂ ਯਹੋਵਾਹ ਨੇ ਯਹੂਦਾਹ ਅਤੇ ਯਰੂਸ਼ਲਮ ਦੇ ਲੋਕਾਂ ਨੂੰ ਉਨ੍ਹਾਂ
ਦੀ ਧਰਤੀ ਤੋਂ ਦੂਰ ਭੇਜ ਦਿੱਤਾ ਸੀ, ਯਹੋਸਾਦਾਕ ਨੂੰ ਵੀ
ਆਪਣਾ ਘਰ ਛੱਡਣਾ ਪਿਆ, ਅਤੇ ਉਨ੍ਹਾਂ ਲੋਕਾਂ ਨੂੰ ਦੂਜੇ
ਦੇਸ ਵਿੱਚ ਕੈਦੀ ਬਣਾ ਲਿਆ ਗਿਆ ਸੀ। ਯਹੋਵਾਹ ਨੇ
ਨਬੂਕਦਨੱਸਰ ਨੂੰ ਯਹੂਦਾਹ ਅਤੇ ਯਰੂਸ਼ਲਮ ਦੇ ਲੋਕਾਂ ਨੂੰ
ਬੰਦੀ ਬਣਾਉਣ ਲਈ ਵਰਤਿਆ।

### ਲੇਵੀ ਦਾ ਵੰਸ਼

16 ਲੇਵੀ ਦੇ ਪੁੱਤਰ ਗੇਰਸ਼ੋਮ, ਕਹਾਥ ਅਤੇ ਮਰਾਰੀ ਸਨ।
17 ਗੇਰਸ਼ੋਮ ਦੇ ਪੁੱਤਰਾਂ ਦਾ ਨਾਂ ਲਿਬਨੀ ਅਤੇ ਸ਼ਿਮਈ ਸੀ।
18 ਕਹਾਥ ਦੇ ਪੁੱਤਰ ਅਮਰਾਮ, ਯਿਸਹਾਰ, ਹਬਰੋਨ ਤੇ ਉੱਜ਼ੀਏਲ
ਸਨ।
19 ਮਰਾਰੀ ਦੇ ਪੁੱਤਰ ਸਨ ਮਹਲੀ ਅਤੇ ਮੂਸ਼ੀ।
ਇਹ ਲੇਵੀ ਦੇ ਘਰਾਣੇ ਵਿੱਚ ਉਨ੍ਹਾਂ ਦੇ ਪਿਤਰਾਂ ਦੇ ਘਰਾਣਿਆਂ
ਦੇ ਮੁਤਾਬਕ ਸਨ:
20 ਗੇਰਸ਼ੋਮ ਦਾ ਵੰਸ਼ ਇਸ ਤਰ੍ਹਾਂ ਸੀ: ਲਿਬਨੀ ਗੇਰਸ਼ੋਮ ਦਾ
ਪੁੱਤਰ ਸੀ ਅਤੇ ਲਿਬਨੀ ਦਾ ਪੁੱਤਰ ਯਹਥ ਤੇ ਯਹਥ
ਦਾ ਪੁੱਤਰ ਜ਼ਿੰਮਾਹ ਸੀ। 21ਜ਼ਿੰਮਾਹ ਦਾ ਪੁੱਤਰ ਯੋਆਹ
ਸੀ ਅਤੇ ਯੋਆਹ ਦਾ ਪੁੱਤਰ ਇੱਦੋ ਸੀ। ਇੱਦੋ ਦਾ ਪੁੱਤਰ
ਜ਼ਰਹ ਤੇ ਜ਼ਰਹ ਦਾ ਪੁੱਤਰ ਯਅਥਰਈ ਸੀ।
22 ਕਹਾਥ ਦਾ ਵੰਸ਼ ਇਉਂ ਸੀ: ਕਹਾਥ ਦਾ ਪੁੱਤਰ ਅੰਮੀਨਾਦਾਬ
ਸੀ। ਅੰਮੀਨਾਦਾਬ ਦਾ ਪੁੱਤਰ ਕੋਰਹ। ਕੋਰਹ ਦਾ ਪੁੱਤਰ
ਅੱਸੀਰ ਸੀ। 23ਅੱਸੀਰ ਦਾ ਪੁੱਤਰ ਅਲਕਾਨਾਹ ਸੀ।
ਅਲਕਾਨਾਹ ਦਾ ਪੁੱਤਰ ਅਬਯਾਸਾਫ਼ ਸੀ। ਅਬਯਾਸਾਫ਼
ਪੁੱਤਰ ਅਸੀਰ ਸੀ। 24ਅਸੀਰ ਦਾ ਪੁੱਤਰ ਤਹਥ ਸੀ।
ਤਹਥ ਦਾ ਪੁੱਤਰ ਊਰੀਏਲ। ਊਰੀਏਲ ਦਾ ਪੁੱਤਰ
ਉਜ਼ੀਯਾਹ ਤੇ ਉਜ਼ੀਯਾਹ ਦਾ ਪੁੱਤਰ ਸ਼ਾਊਲ ਸੀ।
25 ਅਲਕਾਨਾਹ ਦੇ ਪੁੱਤਰ ਅਮਾਸਈ ਅਤੇ ਅਹੀਮੋਥ ਸਨ।
26ਅਲਕਾਨਾਹ ਦਾ ਪੁੱਤਰ ਸੋਫ਼ਈ ਸੀ ਤੇ ਸੋਫ਼ਈ ਦਾ ਪੁੱਤਰ
ਨਹਥ। 27ਨਹਥ ਦਾ ਪੁੱਤਰ ਅਲੀਆਬ ਤੇ ਅਲੀਆਬ
ਦਾ ਪੁੱਤਰ ਯਹੋਰਾਮ ਸੀ। ਯਰੋਹਾਮ ਦਾ ਪੁੱਤਰ ਅਲਕਾਨਾਹ
ਸੀ। ਅਲਕਾਨਾਹ ਦਾ ਪੁੱਤਰ ਸਮੂਏਲ ਸੀ। 28ਸਮੂਏਲ ਦਾ
ਪਲੋਠਾ ਪੁੱਤਰ ਯੋਏਲ ਅਤੇ ਅਬੀਯਾਹ ਸੀ।
29 ਮਰਾਰੀ ਦੇ ਪੁੱਤਰ ਇਵੇਂ ਸਨ: ਮਰਾਰੀ ਦਾ ਪੁੱਤਰ ਮਹਲੀ ਤੇ
ਮਹਲੀ ਦਾ ਪੁੱਤਰ ਲਿਬਨੀ ਤੇ ਲਿਬਨੀ ਦਾ ਪੁੱਤਰ ਸ਼ਿਮਈ
ਤੇ ਸ਼ਿਮਈ ਦਾ ਪੁੱਤਰ ਉੱਜ਼ਾਹ ਸੀ। 30ਉੱਜ਼ਾਹ ਦਾ ਪੁੱਤਰ
ਸ਼ਿਮਆ ਤੇ ਸ਼ਿਮਆ ਦਾ ਪੁੱਤਰ ਹੱਗੀਯਾਹ ਤੇ ਹੱਗੀਯਾਹ
ਦਾ ਪੁੱਤਰ ਅਸਾਯਾਹ ਸੀ।

### ਮੰਦਰ ਦੇ ਸੰਗੀਤਕਾਰ

31ਇਹ ਉਹ ਮਨੁੱਖ ਸਨ ਜਿਨ੍ਹਾਂ ਨੂੰ ਦਾਊਦ ਪਾਤਸ਼ਾਹ ਨੇ ਯਹੋਵਾਹ
ਦੇ ਘਰ ਦੇ ਸੰਗੀਤਕਾਰਾਂ ਵਜੋਂ ਥਾਪਿਆ ਜਦੋਂ ਕਿ ਨੇਮ ਦੇ ਸੰਦੂਕ
ਨੂੰ ਉਸ ਦੇ ਸੁੱਖ ਅਸਥਾਨ ਉੱਪਰ ਰੱਖਿਆ ਗਿਆ ਸੀ। 32ਇਨ੍ਹਾਂ
ਲੋਕਾਂ ਨੇ ਪਵਿੱਤਰ ਤੰਬੂ ਵਿਖੇ ਭਜਨ ਅਤੇ ਧਾਰਮਿਕ ਗੀਤ ਗਾਏ।
ਪਵਿੱਤਰ ਤੰਬੂ ਮੰਡਲੀ ਵਾਲਾ ਤੰਬੂ ਵੀ ਕਹਿਲਾਉਂਦਾ ਹੈ। ਉਨ੍ਹਾਂ ਨੇ
ਓੱਥੇ, ਸੁਲੇਮਾਨ ਦੇ ਯਰੂਸ਼ਲਮ ਵਿੱਚ ਯਹੋਵਾਹ ਦਾ ਮੰਦਰ ਉਸਾਰਨ
ਤੀਕ ਸੇਵਾ ਕੀਤੀ। ਉਨ੍ਹਾਂ ਨੇ ਪਵਿੱਤਰ ਤੰਬੂ ਵਿੱਚ ਉਨ੍ਹਾਂ ਨੂੰ ਸੇਵਾ ਲਈ
ਦਿੱਤੀਆਂ ਗਈਆਂ ਬਿਧੀਆਂ ਅਨੁਸਾਰ ਸੇਵਾ ਕੀਤੀ।
33ਉਹ ਆਦਮੀ ਅਤੇ ਉਨ੍ਹਾਂ ਦੇ ਪੁੱਤਰ ਜਿਹੜੇ ਸਭਾਵਾਂ ਵਿੱਚ
ਧਾਰਮਿਕ ਗੀਤ ਗਾਉਂਦੇ ਸਨ:

ਕਹਾਥ ਪਰਿਵਾਰ ਦੇ ਵੰਸ਼ ਵਿੱਚੋਂ : ਯੋਏਲ ਦਾ ਪੁੱਤਰ ਹੇਮਾਨ
ਗੱਵਯਾ ਸੀ, ਅਤੇ ਯੋਏਲ ਸਮੂਏਲ ਦਾ ਪੁੱਤਰ ਸੀ।
34ਸਮੂਏਲ ਅਲਕਾਨਾਹ ਦਾ ਪੁੱਤਰ ਸੀ ਤੇ ਅਲਕਾਨਾਹ
ਯਰੋਹਾਮ ਦਾ। ਯਰੋਹਾਮ ਅਲੀਏਲ ਦਾ ਪੁੱਤਰ ਸੀ ਤੇ
ਅਲੀਏਲ ਤੋਆਹ ਦਾ ਪੁੱਤਰ ਸੀ। 35ਤੋਆਹ ਸੂਫ਼ ਦਾ

ਪੁੱਤਰ ਸੀ ਤੇ ਸੂਫ਼ ਅਲਕਾਨਾਹ ਦਾ ਤੇ ਅਲਕਾਨਾਹ
ਮਹਥ ਦਾ ਪੁੱਤਰ ਤੇ ਮਹਥ ਅਮਾਸਈ ਦਾ ਪੁੱਤਰ ਸੀ।
**36**ਅਮਾਸਈ ਅਲਕਨਾਹ ਦਾ ਪੁੱਤਰ ਅਤੇ ਅਲਕਾਨਾਹ
ਯੋਏਲ ਦਾ ਪੁੱਤਰ ਤੇ ਯੋਏਲ ਅਜ਼ਰਯਾਹ ਦਾ ਪੁੱਤਰ
ਸੀ ਤੇ ਅਜ਼ਰਯਾਹ ਸਫ਼ਨਯਾਹ ਦਾ। **37**ਸਫ਼ਨਯਾਹ
ਤਹਥ ਦਾ ਪੁੱਤਰ ਤੇ ਤਹਥ ਅੱਸੀਰ ਦਾ ਪੁੱਤਰ ਸੀ ਅਤੇ
ਅੱਸੀਰ ਅਬਯਾਸਾਫ਼ ਦਾ ਤੇ ਅਬਯਾਸਾਫ਼ ਕੋਰਹ ਦਾ।
**38**ਕੋਰਹ ਯਿਸਹਾਰ ਦਾ ਪੁੱਤਰ ਸੀ ਤੇ ਯਿਸਹਾਰ ਦਾ ਪਿਤਾ
ਕਹਾਥ ਤੇ ਕਹਾਥ ਦਾ ਪਿਤਾ ਲੇਵੀ ਤੇ ਲੇਵੀ ਦਾ ਪਿਤਾ
ਇਸਰਾਏਲ ਸੀ।
**39** ਹੇਮਾਨ ਦਾ ਸੰਬੰਧੀ ਆਸਾਫ਼ ਸੀ। ਆਸਾਫ਼ ਹੇਮਾਨ ਦੇ ਸੱਜੇ
ਪਾਸੇ ਸੇਵਾ ਕਰਦਾ ਹੁੰਦਾ ਸੀ। ਆਸਾਫ਼ ਬਰਕਯਾਹ
ਦਾ ਪੁੱਤਰ ਸੀ ਤੇ ਬਰਕਯਾਹ ਸ਼ਿਮਆ ਦਾ ਪੁੱਤਰ ਸੀ।
**40**ਸ਼ਿਮਆ ਮੀਕਾਏਲ ਦਾ ਪੁੱਤਰ ਤੇ ਮੀਕਾਏਲ ਦਾ ਪਿਤਾ
ਬਅਸੇਯਾਹ ਤੇ ਬਅਸੇਯਾਹ ਦਾ ਪਿਤਾ ਮਲਕੀਯਾਹ ਸੀ।
**41**ਮਲਕੀਯਾਹ ਅਥਨੀ ਦਾ ਪੁੱਤਰ, ਅਥਨੀ ਜ਼ਰਹ ਦਾ ਤੇ
ਜ਼ਰਹ ਅਦਾਯਾਹ ਦਾ ਪੁੱਤਰ ਸੀ। **42**ਅਦਾਯਾਹ ਏਥਾਨ
ਦਾ ਪੁੱਤਰ, ਏਥਾਨ ਜ਼ਿੰਮਾਹ ਦਾ ਤੇ ਜ਼ਿੰਮਾਹ ਸ਼ਮਈ ਦਾ
ਪੁੱਤਰ ਸੀ। **43**ਸ਼ਮਈ ਯਹਥ ਦਾ ਪੁੱਤਰ, ਯਹਥ ਗੇਰਸ਼ੋਮ
ਦਾ ਤੇ ਗੇਰਸ਼ੋਮ ਲੇਵੀ ਦਾ ਪੁੱਤਰ ਸੀ।
**44** ਮਰਾਰੀ ਦੇ ਵੰਸ਼ਜ ਹੇਮਾਨ ਅਤੇ ਆਸਾਫ਼ ਦੇ ਸੰਬੰਧੀ ਸਨ
ਅਤੇ ਉਹ ਹੇਮਾਨ ਦੇ ਖੱਬੇ ਪਾਸੇ ਗਵਈਆਂ ਦੇ ਟੋਲੇ ਵਜੋਂ
ਖੜੇ ਹੁੰਦੇ ਸਨ। ਏਥਾਨ ਕੀਸ਼ੀ ਦਾ ਪੁੱਤਰ, ਕੀਸ਼ੀ ਅਬਦੀ
ਦਾ ਅਤੇ ਅਬਦੀ ਮੱਲੂਕ ਦਾ ਪੁੱਤਰ ਸੀ। **45**ਮੱਲੂਕ
ਹਸ਼ਬਯਾਹ ਦਾ ਪੁੱਤਰ, ਹਸ਼ਬਯਾਹ ਤੇ ਅਮਸਯਾਹ
ਹਿਲਕਯਾਹ ਦਾ ਪੁੱਤਰ ਸੀ। **46**ਹਿਲਕਯਾਹ ਅਮਸੀ
ਦਾ, ਅਮਸੀ ਬਾਨੀ ਦਾ ਤੇ ਬਾਨੀ ਸ਼ਾਮਰ ਦਾ ਪੁੱਤਰ ਸੀ।
**47**ਸ਼ਾਮਰ ਮਹਲੀ ਦਾ, ਮਹਲੀ ਮੂਸ਼ੀ ਦਾ, ਮੂਸ਼ੀ ਮਰਾਰੀ
ਦਾ ਤੇ ਮਰਾਰੀ ਲੇਵੀ ਦਾ ਪੁੱਤਰ ਸੀ।

**48**ਹੇਮਾਨ ਅਤੇ ਆਸਾਫ਼ ਦੇ ਭਰਾ ਲੇਵੀ ਦੇ ਘਰਾਣੇ ਵਿੱਚੋਂ ਸਨ
ਤੇ ਉਹ ਲੇਵੀ ਕਹਾਉਂਦੇ ਸਨ ਅਤੇ ਉਹ ਪਰਮੇਸ਼ੁਰ ਦੇ ਭਵਨ ਅਤੇ
ਪਵਿੱਤਰ ਤੰਬੂ ਦੀ ਸਾਰੀ ਸੇਵਾ-ਸੰਭਾਲ ਕਰਦੇ ਸਨ। ਪਵਿੱਤਰ ਤੰਬੂ
ਹੀ ਪਰਮੇਸ਼ੁਰ ਦਾ ਭਵਨ ਸੀ। **49**ਪਰ ਸਿਰਫ਼ ਹਾਰੂਨ ਤੇ ਉਸ ਦੇ ਵੰਸ਼
ਨੂੰ ਹੀ ਬਲੀ ਦੀ ਜਗਵੇਦੀ ਉੱਤੇ ਅਤੇ ਧੂਪ ਦੀ ਜਗਵੇਦੀ ਉੱਤੇ ਧੂਪ
ਧੁਖਾਉਣ ਦੀ ਆਗਿਆ ਸੀ ਅਤੇ ਉਹ ਅੱਤ ਪਵਿੱਤਰ ਸਥਾਨ ਉੱਤੇ
ਸਾਰੇ ਕੰਮ ਕਰਦੇ ਸਨ। ਉਨ੍ਹਾਂ ਨੇ ਇਸਰਾਏਲ ਨੂੰ ਇਸ ਦੇ ਪਾਪਾਂ ਤੋਂ
ਮੁਕਤ ਕਰਾਉਣ ਖਾਤਰ ਪ੍ਰਾਸਚਿਤ ਕਰਨ ਲਈ ਭੇਟਾ ਚੜ੍ਹਾਈਆਂ,
ਅਤੇ ਉਨ੍ਹਾਂ ਨੇ ਸਾਰੀਆਂ ਬਿਧੀਆਂ ਅਤੇ ਬਿਵਸਥਾ ਦਾ ਪਾਲਣ ਕੀਤਾ
ਜਿਵੇਂ ਕਿ ਮੂਸਾ ਪਰਮੇਸ਼ੁਰ ਦੇ ਸੇਵਕ ਨੇ ਹੁਕਮ ਦਿੱਤਾ ਸੀ।

### ਹਾਰੂਨ ਦਾ ਵੰਸ਼

**50** ਹਾਰੂਨ ਦੇ ਪੁੱਤਰ ਇਹ ਸਨ: ਹਾਰੂਨ ਦਾ ਪੁੱਤਰ ਅਲਆਜ਼ਾਰ
ਸੀ ਤੇ ਅਲਆਜ਼ਾਰ ਦਾ ਫ਼ੀਨਹਾਸ। ਫ਼ੀਨਹਾਸ ਦਾ
ਪੁੱਤਰ ਅਬੀਸ਼ੂਆ ਸੀ। **51**ਅਬੀਸ਼ੂਆ ਦਾ ਪੁੱਤਰ ਬੁੱਕੀ,
ਬੁੱਕੀ ਦਾ ਪੁੱਤਰ ਉੱਜ਼ੀ, ਉੱਜ਼ੀ ਦਾ ਪੁੱਤਰ ਜ਼ਰਹਯਾਹ ਸੀ।
**52**ਜ਼ਰਹਯਾਹ ਦਾ ਪੁੱਤਰ ਮਰਾਯੋਥ ਸੀ ਤੇ ਮਰਾਯੋਥ ਦਾ
ਪੁੱਤਰ ਅਮਰਯਾਹ ਤੇ ਅਮਰਯਾਹ ਦਾ ਪੁੱਤਰ ਅਹੀਟੂਬ
ਸੀ। **53**ਅਹੀਟੂਬ ਦਾ ਪੁੱਤਰ ਸਾਦੋਕ ਤੇ ਸਾਦੋਕ ਦਾ ਪੁੱਤਰ
ਅਹੀਮਅਸ ਸੀ।

### ਲੇਵੀਆਂ ਦੇ ਘਰਾਣਿਆਂ ਲਈ ਘਰ

**54**ਇਹ ਉਹ ਸਥਾਨ ਹਨ ਜਿੱਥੇ ਹਾਰੂਨ ਦਾ ਵੰਸ਼ ਰਿਹਾ। ਉਹ ਉਸ
ਭੂਮੀ ਵਿੱਚ ਜੋ ਉਨ੍ਹਾਂ ਨੂੰ ਦਿੱਤੀ ਗਈ ਸੀ, ਆਪਣੇ ਡੇਰਿਆਂ ਵਿੱਚ ਹੀ
ਰਹੇ। ਕਹਾਥ ਪਰਿਵਾਰਾਂ ਨੂੰ ਉਸ ਧਰਤੀ ਦਾ ਪਹਿਲਾ ਹਿੱਸਾ ਮਿਲਿਆ
ਜੋ ਲੇਵੀਆਂ ਨੂੰ ਦਿੱਤੀ ਗਈ ਸੀ। **55**ਇਉਂ ਉਨ੍ਹਾਂ ਨੂੰ ਯਹੂਦਾਹ ਦੇ
ਦੇਸ ਵਿੱਚ ਹਬਰੋਨ ਤੇ ਉਸ ਦੇ ਆਲੇ-ਦੁਆਲੇ ਦੇ ਸ਼ਹਿਰਾਂ ਤੇ ਚਰਾਂਦਾ
ਵਾਲੀਆਂ ਜਗ੍ਹਾ ਦਿੱਤੀਆਂ। **56**ਪਰ ਸ਼ਹਿਰ ਤੋਂ ਦੂਰ ਵਾਲੇ ਖੇਤ ਅਤੇ
ਹਬਰੋਨ ਦੇ ਨੇੜਲੇ ਪਿੰਡ ਤੇ ਪੈਲੀਆਂ ਉਨ੍ਹਾਂ ਨੇ ਯਫ਼ੁੰਨਹ ਦੇ ਪੁੱਤਰ
ਕਾਲੇਬ ਨੂੰ ਦਿੱਤੇ। **57**ਹਾਰੂਨ ਦੇ ਵੰਸ਼ ਨੂੰ ਹਬਰੋਨ, ਸੁਰੱਖਿਆ ਦਾ
ਸ਼ਹਿਰ ਅਤੇ ਲਿਬਨਾਹ, ਯੱਤਿਰ, ਅਸਤਮੋਆ ਸ਼ਹਿਰ ਵੀ ਮਿਲੇ:।
**58**ਹੀਲੇਨ ਅਤੇ ਦੇਬੀਰ ਅਤੇ ਉਨ੍ਹਾਂ ਦੁਆਲੇ ਦੇ ਖੇਤ। **59**ਇਵੇਂ ਹੀ
ਆਸ਼ਾਨ ਉਸ ਦੀਆਂ ਸ਼ਾਮਲਾਤਾਂ ਸਮੇਤ, ਤੇ ਬੈਤਸ਼ਮਸ਼ ਵੀ ਉਸ
ਦੀਆਂ ਸ਼ਾਮਲਾਤਾਂ ਸਣੇ ਉਨ੍ਹਾਂ ਨੂੰ ਮਿਲੇ। **60**ਬਿਨਯਾਮੀਨ ਦੇ ਘਰਾਣੇ
ਤੋਂ ਉਨ੍ਹਾਂ ਨੂੰ ਗਿਬਓਨ, ਗਬਾ, ਅੱਲਮਥ ਅਤੇ ਅਨਾਥੋਥ ਸ਼ਹਿਰ ਅਤੇ
ਉਨ੍ਹਾਂ ਦੇ ਆਲੇ-ਦੁਆਲੇ ਦੇ ਖੇਤ ਮਿਲੇ।
ਕਹਾਥੀ ਪਰਿਵਾਰਾਂ ਨੂੰ ਕੁੱਲ 13 ਸ਼ਹਿਰ ਮਿਲੇ।
**61**ਕਹਾਥ ਦੇ ਵੰਸ਼ ਵਿੱਚੋਂ ਜੋ ਬਾਕੀ ਰਹਿ ਗਏ ਸਨ ਉਨ੍ਹਾਂ ਨੂੰ ਉਸ
ਅੱਧੇ ਗੋਤ ਤੋਂ ਭਾਵ ਮਨੱਸ਼ਹ ਦੇ ਅੱਧੇ ਗੋਤ ਤੋਂ ਗੁਣਾ ਪਾ ਕੇ ਦਸ
ਸ਼ਹਿਰ ਮਿਲੇ।
**62**ਗੇਰਸ਼ੋਮ ਦੇ ਵੰਸ਼ ਦੇ ਪਰਿਵਾਰ-ਸਮੂਹਾਂ ਨੂੰ 13 ਸ਼ਹਿਰ ਮਿਲੇ।
ਉਨ੍ਹਾਂ ਨੂੰ ਯਿੱਸਾਕਾਰ, ਆਸ਼ੇਰ, ਨਫ਼ਤਾਲੀ ਅਤੇ ਮਨੱਸ਼ਹ ਦੇ ਗੋਤ
ਵਿੱਚੋਂ ਬਾਸ਼ਾਨ ਵਿੱਚ ਇਉਂ ਤੇਰਾਂ ਸ਼ਹਿਰ ਪ੍ਰਾਪਤ ਹੋਏ। **63**ਮਰਾਰੀ ਦੇ
ਵੰਸ਼ ਨੂੰ ਰਊਬੇਨ, ਗਾਦ ਤੇ ਜ਼ਬੂਲੂਨ ਪਰਿਵਾਰ-ਸਮੂਹਾਂ ਤੋਂ ਗੁਣੇ ਪਾ
ਕੇ 12 ਸ਼ਹਿਰ ਮਿਲੇ।
**64**ਅਤੇ ਇਸਰਾਏਲੀਆਂ ਨੇ ਇਹ ਸ਼ਹਿਰ ਅਤੇ ਖੇਤ ਲੇਵੀਆਂ
ਨੂੰ ਦੇ ਦਿੱਤੇ। **65**ਉਨ੍ਹਾਂ ਨੇ ਇਹ ਸ਼ਹਿਰ, ਯਹੂਦਾਹ, ਸ਼ਿਮਓਨ ਅਤੇ
ਬਿਨਯਾਮੀਨ ਨੇ ਪਰਿਵਾਰ-ਸਮੂਹਾਂ ਤੋਂ ਦਿੱਤੇ। ਉਨ੍ਹਾਂ ਨੇ ਗੁਣੇ ਪਾ ਕੇ
ਫ਼ੈਸਲਾ ਕੀਤਾ ਕਿ ਹਰ ਲੇਵੀ ਪਰਿਵਾਰ ਨੂੰ ਕਿਹੜਾ ਸ਼ਹਿਰ ਮਿਲੇ।
**66**ਅਫ਼ਰਈਮ ਦੇ ਪਰਿਵਾਰ-ਸਮੂਹਾਂ ਨੇ ਕੁਝ ਕਹਾਥੀਆਂ ਦੇ
ਘਰਾਣਿਆਂ ਨੂੰ ਕੁਝ ਸ਼ਹਿਰ ਦਿੱਤੇ। **67**ਉਨ੍ਹਾਂ ਨੂੰ ਸ਼ਕਮ, ਸੁਰੱਖਿਆ
ਦਾ ਸ਼ਹਿਰ ਅਤੇ ਗਜ਼ਰ ਦੇ ਸ਼ਹਿਰ ਵੀ ਦਿੱਤੇ ਗਏ। **68**ਯਾਕਮਆਮ
ਅਤੇ ਉਸ ਦੀਆਂ ਸ਼ਾਮਲਾਤਾਂ, ਬੈਤ-ਹੋਰੋਨ ਉਸ ਦੀਆਂ ਸ਼ਾਮਲਾਤਾਂ,
**69**ਅਯਾਲੋਨ, ਗਥ-ਰਿੰਮੋਨ ਅਤੇ ਉਨ੍ਹਾਂ ਦੀਆਂ ਸ਼ਾਮਲਾਤਾਂ, **70**ਉਨ੍ਹਾਂ
ਨੇ ਮਨੱਸ਼ਹ ਦੇ ਅੱਧੇ ਘਰਾਣੇ ਤੋਂ ਅਨੇਰ ਅਤੇ ਬਿਲਆਮ ਦੇ ਨਗਰ
ਉਨ੍ਹਾਂ ਦੇ ਦੁਆਲੇ ਦੇ ਖੇਤਾਂ ਸਮੇਤ ਕਹਾਥ ਪਰਿਵਾਰਾਂ ਨੂੰ ਦਿੱਤੇ।

### ਬਾਕੀ ਦੇ ਲੇਵੀਆਂ ਦੀ ਅੰਸ ਲਈ ਘਰ

**71**ਗੇਰਸ਼ੋਨੀਆਂ ਨੂੰ ਬਾਸ਼ਾਨ ਇਲਾਕੇ ਵਿੱਚ ਗੋਲਾਨ ਦੇ ਨਗਰ ਅਤੇ
ਮਨੱਸ਼ਹ ਦੇ ਅੱਧੇ ਪਰਿਵਾਰ ਤੋਂ ਅਸ਼ਤਾਰੋਥ ਉਨ੍ਹਾਂ ਦੇ ਦੁਆਲੇ ਦੇ
ਖੇਤਾਂ ਸਮੇਤ ਮਿਲੇ।
**72-73**ਇਨ੍ਹਾਂ ਨਗਰਾਂ ਤੋਂ ਇਲਾਵਾ, ਗੇਰਸ਼ੋਨੀਆਂ ਨੂੰ ਯਿੱਸਾਕਾਰ
ਦੇ ਘਰਾਣੇ ਤੋਂ ਕਦਸ਼, ਦਾਬਰਥ, ਰਮੋਥ ਅਤੇ ਆਨੇਮ ਨਗਰ ਉਨ੍ਹਾਂ
ਦੇ ਦੁਆਲੇ ਦੇ ਖੇਤਾਂ ਸਮੇਤ ਮਿਲੇ।

74-75ਗੇਰਸ਼ੋਨ ਦੇ ਪਰਿਵਾਰ-ਸਮੂਹਾਂ ਨੂੰ ਆਸ਼ੇਰ ਘਰਾਣੇ ਚੋ ਮਾਸ਼ਾਲ, ਅਬਦੋਨ, ਹੁਕੋਕ ਅਤੇ ਰਹੋਬ ਨਗਰ ਅਤੇ ਇਨ੍ਹਾਂ ਨਗਰਾਂ ਦੇ ਆਸ-ਪਾਸ ਦੇ ਇਲਾਕਿਆਂ ਦੀਆਂ ਪੈਲੀਆਂ ਵੀ ਮਿਲੀਆਂ।
76ਗੇਰਸ਼ੋਨ ਦੇ ਘਰਾਣੇ ਨੂੰ ਨਫ਼ਤਾਲੀ ਗੋਤ ਤੋਂ, ਕਦਸ਼, ਗਲੀਲ ਅਤੇ ਹੰਮੋਨ ਨਗਰ ਅਤੇ ਇਨ੍ਹਾਂ ਨਗਰਾਂ ਦੀਆਂ ਸ਼ਾਮਲਾਤਾਂ ਵੀ ਪ੍ਰਾਪਤ ਹੋਈਆਂ।
77ਬਾਕੀ ਦੇ ਲੇਵੀ ਲੋਕ ਮਰਾਰੀ ਗੋਤ ਤੋਂ ਸਨ ਤੇ ਉਨ੍ਹਾਂ ਲਈ ਜ਼ਬੂਲੂਨ ਦੇ ਗੋਤ ਤੋਂ ਰਿੰਮੋਨ ਅਤੇ ਤਾਬੋਰ ਨਗਰ ਅਤੇ ਉਸ ਦੀਆਂ ਸ਼ਾਮਲਾਤਾਂ ਉਨ੍ਹਾਂ ਨੂੰ ਮਿਲੀਆਂ।
78-79ਮਰਾਰੀਆਂ ਨੂੰ ਰਊਬੇਨ ਘਰਾਣੇ ਤੋਂ ਮਾਰੂਥਲ ਵਿੱਚ ਬਸਰ, ਯਹਸਾਹ, ਕਦੇਮੋਥ, ਅਤੇ ਮਫੇਅਥ ਨਗਰ ਉਨ੍ਹਾਂ ਦੇ ਦੁਆਲੇ ਦੇ ਖੇਤਾਂ ਸਮੇਤ ਮਿਲੇ। ਰਊਬੇਨ ਦਾ ਘਰਾਣੇ ਯਰੀਹੋ ਸ਼ਹਿਰ ਦੇ ਪੂਰਬ ਵੱਲ, ਯਰਦਨ ਨਦੀ ਦੇ ਪੂਰਬੀ ਪਾਸੇ ਤੇ ਰਹਿੰਦਾ ਸੀ।
80-81ਮਰਾਰੀ ਘਰਾਣੇ ਨੂੰ ਗਾਦ ਦੇ ਗੋਤ ਤੋਂ ਰਾਮੋਥ ਗਿਲਆਦ ਵਿੱਚ ਉਸ ਦੀਆਂ ਸ਼ਾਮਲਾਤਾਂ ਸਮੇਤ ਮਹਨਯਿਮ ਅਤੇ ਹਸ਼ਬੋਨ ਨਗਰ ਅਤੇ ਯਾਜ਼ੇਰ ਉਨ੍ਹਾਂ ਦੀਆਂ ਆਸ-ਪਾਸ ਦੀਆਂ ਪੈਲੀਆਂ ਸਮੇਤ ਪ੍ਰਾਪਤ ਹੋਏ।

## ਯਿੱਸਾਕਾਰ ਦਾ ਵੰਸ਼

7 1ਯਿੱਸਾਕਾਰ ਦੇ ਚਾਰ ਪੁੱਤਰ ਤੋਲਾ, ਫੂਆਹ, ਯਾਸ਼ੂਬ ਅਤੇ ਸ਼ਿਮਰੋਨ ਸਨ।
2 ਤੋਲਾ ਦੇ ਅੱਗੋਂ ਉੱਜ਼ੀ, ਰਫ਼ਾਯਾਹ, ਯਰੀਏਲ, ਯਹਮਈ, ਯਿਬਸਾਮ ਅਤੇ ਸਮੂਏਲ 6 ਪੁੱਤਰ ਸਨ ਅਤੇ ਉਹ ਸਾਰੇ ਆਪੋ-ਆਪਣੇ ਘਰਾਣਿਆਂ ਦੇ ਆਗੂ ਸਨ। ਇਹ ਮਨੁੱਖ ਅਤੇ ਇਨ੍ਹਾਂ ਦੇ ਵੰਸ਼ ਦੇ ਸਾਰੇ ਮਨੁੱਖ ਸੂਰਬੀਰ ਯੋਧੇ ਸਨ। ਦਾਊਦ ਜਦੋਂ ਪਾਤਸ਼ਾਹ ਸੀ, ਉਨ੍ਹਾਂ ਦਿਨਾਂ ਵਿੱਚ ਇਨ੍ਹਾਂ ਸੂਰਬੀਰ ਯੋਧਿਆਂ (ਜੋ ਜੰਗ ਲਈ ਤਿਆਰ ਬਰ ਤਿਆਰ ਸਨ) ਦੀ ਗਿਣਤੀ 22,600 ਸੀ।
3 ਉੱਜ਼ੀ ਦਾ ਪੁੱਤਰ ਯਿਜ਼ਰਹਯਾਹ ਸੀ ਅਤੇ ਯਿਜ਼ਰਹਯਾਹ ਦੇ ਪੁੱਤਰ ਮੀਕਾਏਲ, ਓਬਦਯਾਹ, ਯੋਏਲ ਅਤੇ ਯਿੱਸ਼ਿਯਾਹ ਸਨ। ਇਹ ਪੰਜੇ ਆਦਮੀ ਆਪੋ-ਆਪਣੇ ਘਰਾਣੇ ਦੇ ਮੁਖੀਏ ਸਨ। 4ਇਨ੍ਹਾਂ ਦੇ ਖਾਨਦਾਨੀ ਇਤਿਹਾਸ ਤੋਂ ਪਤਾ ਲੱਗਦਾ ਹੈ ਕਿ ਇਨ੍ਹਾਂ ਕੋਲ ਜੰਗੀ ਤਿਆਰ ਬਰ ਤਿਆਰ ਯੋਧਿਆਂ ਦੀ ਗਿਣਤੀ 36,000 ਸੀ। ਇਨ੍ਹਾਂ ਦਾ ਘਰਾਣਾ ਬੜਾ ਵਿਸ਼ਾਲ ਸੀ ਕਿਉਂਕਿ ਇਨ੍ਹਾਂ ਦੀਆਂ ਅਨੇਕ ਪਤਨੀਆਂ ਅਤੇ ਬੱਚੇ ਸਨ।
5 ਇਨ੍ਹਾਂ ਦੇ ਘਰਾਣੇ ਦੇ ਇਤਿਹਾਸ ਤੋਂ ਪਤਾ ਲੱਗਦਾ ਹੈ ਕਿ ਯਿੱਸਾਕਾਰ ਦੇ ਸਾਰੇ ਪਰਿਵਾਰ-ਸਮੂਹਾਂ ਵਿੱਚ 87,000 ਯੋਧੇ ਸਨ।

## ਬਿਨਯਾਮੀਨ ਦਾ ਵੰਸ਼

6 ਬਿਨਯਾਮੀਨ ਦੇ ਬਲਾ, ਬਕਰ ਅਤੇ ਯਦੀਅਏਲ 3 ਪੁੱਤਰ ਸਨ।
7 ਬਲਾ ਦੇ ਅੱਗੋਂ 5 ਪੁੱਤਰ ਅਸਬੋਨ, ਉੱਜ਼ੀ, ਉੱਜ਼ੀਏਲ, ਯਿਰਮੋਥ ਅਤੇ ਈਰੀ ਸਨ। ਇਹ ਵੀ ਆਪੋ ਆਪਣੇ ਘਰਾਣੇ ਦੇ ਮੁਖੀਏ ਸਨ। ਇਨ੍ਹਾਂ ਦੀ ਵੀ ਕੁਲਪੱਤ੍ਰੀ ਤੋਂ ਪਤਾ ਲੱਗਦਾ ਹੈ ਕਿ ਇਨ੍ਹਾਂ ਕੋਲ 22,034 ਯੋਧੇ ਸਨ।
8 ਬਕਰ ਦੇ ਪੁੱਤਰ ਸਨ: ਜ਼ਮੀਰਾਹ, ਯੋਆਸ਼, ਅਲੀਅਜ਼ਰ, ਅਲਯੋਏਨਈ, ਆਮਰੀ, ਯਿਰੇਮੋਥ, ਅਬੀਯਾਹ, ਅਨਾਥੋਥ ਅਤੇ ਆਲਾਮਾਥ। ਇਹ ਸਾਰੇ ਬਕਰ ਦੇ 9 ਪੁੱਤਰ ਸਨ। 9ਇਨ੍ਹਾਂ ਦੀ ਕੁਲਪੱਤ੍ਰੀ ਤੋਂ ਪਤਾ ਲੱਗਦਾ ਹੈ ਕਿ ਕਿਹੜੇ-ਕਿਹੜੇ ਇਨ੍ਹਾਂ ਦੇ ਮੁਖੀਏ ਜਾਂ ਆਗੂ ਸਨ ਅਤੇ ਇਹ ਵੀ ਕਿ ਇਨ੍ਹਾਂ ਕੋਲ ਵੀ 20,200 ਦੀ ਗਿਣਤੀ ਵਿੱਚ ਸੂਰਮੇ ਸਨ।
10 ਯਦੀਅਏਲ ਦਾ ਪੁੱਤਰ ਬਿਲਹਾਨ ਅਤੇ ਬਿਲਹਾਨ ਦੇ ਪੁੱਤਰ ਯਊਸ਼, ਬਿਨਯਾਮੀਨ, ਏਹੂਦ, ਕਨਅਨਾਹ, ਜ਼ੇਥਾਨ, ਤਰਸ਼ੀਸ਼ ਅਤੇ ਅਹੀਸ਼ਾਹਰ ਸਨ। 11ਯਦੀਅਏਲ ਦੇ ਸਾਰੇ ਪੁੱਤਰ ਆਪਣੇ ਘਰਾਣਿਆਂ ਦੇ ਮੁਖੀਏ ਸਨ ਅਤੇ ਇਨ੍ਹਾਂ ਕੋਲ 17,200 ਯੋਧੇ ਲੜਾਈ ਲਈ ਦਿਆਰ ਸਨ।
12 ਅਤੇ ਸ਼ੁੱਪੀਮ ਅਤੇ ਹੁੱਪੀਮ ਈਰ ਦੇ ਵੰਸ਼ ਸਨ। ਹੁਸ਼ੀਮ ਅਹੇਰ ਦਾ ਪੁੱਤਰ ਸੀ।

## ਨਫ਼ਤਾਲੀ ਦਾ ਵੰਸ਼

13 ਨਫ਼ਤਾਲੀ ਦੇ ਪੁੱਤਰ ਸਨ ਯਹਸੀਏਲ, ਗੂਨੀ, ਯਸਰ ਤੇ ਸ਼ੱਲੂਮ।
ਅਤੇ ਇਹ ਸਾਰੇ ਬਿਲਹਾਹ ਦਾ ਵੰਸ਼ ਸਨ।

## ਮਨੱਸ਼ਹ ਦਾ ਵੰਸ਼

14 ਮਨੱਸ਼ਹ ਦਾ ਵੰਸ਼ ਇਉਂ ਹੈ: ਮਨੱਸ਼ਹ ਦੀ ਅਰਾਮੀ ਦਾਸੀ ਨੇ ਪੁੱਤਰ ਜਣਿਆ ਜਿਸ ਦਾ ਨਾਂ ਅਸਰੀਏਲ ਸੀ। ਉਹ ਗਿਲਆਦ ਦਾ ਪਿਤਾ ਮਾਕੀਰ ਵੀ ਜਣੀ। 15ਮਾਕੀਰ ਨੇ ਹੁੱਪੀਮ ਤੇ ਸ਼ੁੱਪੀਮ ਤੋਂ ਇੱਕ ਔਰਤ ਨਾਲ ਵਿਆਹ ਕਰਵਾਇਆ। ਮਾਕੀਰ ਦੀ ਭੈਣ ਦਾ ਨਾਂ ਮਅਕਾਹ ਸੀ। ਦੂਸਰੇ ਦਾ ਨਾਂ ਸਲਾਫ਼ਹਾਦ ਸੀ। ਸਲਾਫ਼ਹਾਦ ਦੀਆਂ ਸਿਰਫ਼ ਧੀਆਂ ਹੀ ਸਨ। 16ਮਾਕੀਰ ਦੀ ਪਤਨੀ ਮਅਕਾਹ ਦੇ ਘਰ ਪੁੱਤਰ ਪੈਦਾ ਹੋਇਆ ਤੇ ਮਅਕਾਹ ਨੇ ਉਸ ਦਾ ਨਾਂ ਪਰਸ਼ ਰੱਖਿਆ। ਪਰਸ਼ ਦੇ ਭਰਾ ਦਾ ਨਾਂ ਸ਼ਰਸ਼ ਸੀ। ਸ਼ਰਸ਼ ਦੇ ਪੁੱਤਰ ਊਲਾਮ ਅਤੇ ਰਾਕਮ ਸਨ।
17 ਊਲਾਮ ਦਾ ਪੁੱਤਰ ਬਾਦਾਨ ਸੀ।
ਇਹ ਸਾਰੇ ਗਿਲਆਦ ਦਾ ਵੰਸ਼ ਸਨ। ਗਿਲਆਦ ਮਾਕੀਰ ਦਾ ਪੁੱਤਰ ਸੀ ਅਤੇ ਮਾਕੀਰ ਮਨੱਸ਼ਹ ਦਾ ਪੁੱਤਰ ਸੀ। 18ਮਾਕੀਰ ਦੀ ਭੈਣ ਹੰਮੋਲਕਥ ਨੇ ਈਸ਼ਹੋਦ, ਅਬੀਅਜ਼ਰ ਅਤੇ ਮਹਲਾਹ ਨੂੰ ਜਨਮ ਦਿੱਤਾ।
19 ਸ਼ਿਮੀਦਾ ਦੇ ਪੁੱਤਰ ਅਹਯਾਨ, ਸ਼ਕਮ, ਲਿਕਹੀ ਅਤੇ ਅਨੀਆਮ ਸਨ।

## ਅਫ਼ਰਈਮ ਦਾ ਵੰਸ਼

20 ਅਫ਼ਰਈਮ ਦਾ ਵੰਸ਼ ਦੇ ਨਾਉਂ ਇਸ ਪ੍ਰਕਾਰ ਸਨ: ਅਫ਼ਰਈਮ ਦਾ ਪੁੱਤਰ ਸ਼ੂਥਾਲਹ ਅਤੇ ਸ਼ੂਥਾਲਹ ਦਾ ਪੁੱਤਰ ਬਰਦ। ਬਰਦ ਦਾ ਪੁੱਤਰ ਤਹਥ ਸੀ। 21ਤਹਥ ਦਾ ਪੁੱਤਰ ਅਲਆਦਾਹ ਸੀ ਤੇ ਅਲਆਦਾਹ ਦਾ ਪੁੱਤਰ ਤਹਥ ਤੇ ਤਹਥ ਦਾ ਪੁੱਤਰ ਜ਼ਾਬਾਦ ਤੇ ਜ਼ਾਬਾਦ ਦੇ ਪੁੱਤਰ ਦਾ ਨਾਂ ਸ਼ੂਥਾਲਹ ਸੀ।

ਕੁਝ ਅਜਿਹੇ ਮਨੁੱਖ ਗਥ ਵਿੱਚੋਂ ਉੱਠੇ ਜਿਨ੍ਹਾਂ ਨੇ ਅਜ਼ਰ ਤੇ
ਅਲਆਦ ਨੂੰ ਮਾਰ ਸੁੱਟਿਆ। ਇਹ ਇਸ ਲਈ ਹੋਇਆ
ਕਿਉਂਕਿ ਅਜ਼ਰ ਤੇ ਅਲਆਦ ਗਥ ਵਿੱਚ ਉਨ੍ਹਾਂ ਦੇ ਪਸ਼ੂ,
ਭੇਡਾਂ ਤੇ ਬੱਕਰੀਆਂ ਨੂੰ ਚੋਰੀ ਕਰਨ ਗਏ ਸਨ। 22ਅਜ਼ਰ
ਤੇ ਅਲਆਦ ਦਾ ਪਿਤਾ ਅਫ਼ਰਈਮ ਸੀ ਤੇ ਉਹ ਆਪਣੇ
ਪੁੱਤਰਾਂ ਦੀ ਮੌਤ ਤੇ ਬੜੇ ਦਿਨ ਕੁਰਲਾਉਂਦਾ ਰਿਹਾ ਤੇ
ਅਫ਼ਰਈਮ ਦਾ ਘਰਾਣਾ ਉਸ ਨੂੰ ਹੌਂਸਲਾ ਦੇਣ ਆਇਆ।
23ਉਪਰੰਤ ਅਫ਼ਰਈਮ ਨੇ ਆਪਣੀ ਪਤਨੀ ਨਾਲ ਸੰਭੋਗ
ਕੀਤਾ ਤੇ ਉਹ ਗਰਭਵਤੀ ਹੋਈ ਤੇ ਫ਼ਿਰ ਉਸ ਦੇ ਘਰ
ਇੱਕ ਪੁੱਤਰ ਪੈਦਾ ਹੋਇਆ। ਅਫ਼ਰਈਮ ਨੇ ਇਸ ਨਵੇਂ
ਜੰਮੇ ਮੁੰਡੇ ਦਾ ਨਾਂ ਬਰੀਆਹ ਰੱਖਿਆ ਕਿਉਂਕਿ ਇਹ ਉਸ
ਦੇ ਘਰ ਬੁਰਿਆਈ ਵਾਪਰੀ ਸੀ। 24ਅਫ਼ਰਈਮ ਦੀ ਧੀ
ਸ਼ਅਰਾਹ ਸੀ ਜਿਸ ਨੇ ਹੇਠਲੇ ਤੇ ਉਪਰਲੇ ਬੈਤ-ਹੋਰੋਨ ਨੂੰ
ਅਤੇ ਉੱਜ਼ੇਨ-ਸ਼ਅਰਾਹ ਨੂੰ ਬਣਾਇਆ ਸੀ।
25 ਅਫ਼ਰਈਮ ਉਸ ਦਾ ਪੁੱਤਰ ਰਫ਼ਹ ਸੀ ਰਫ਼ਹ ਦਾ ਪੁੱਤਰ
ਰਸ਼ਫ਼ ਤੇ ਰਸ਼ਫ਼ ਦਾ ਪੁੱਤਰ ਤਲਹ ਸੀ ਤੇ ਤਲਹ ਦਾ
ਪੁੱਤਰ ਤਹਨ। 26ਤਹਨ ਦਾ ਪੁੱਤਰ ਲਅਦਾਨ ਤੇ
ਲਅਦਾਨ ਦਾ ਪੁੱਤਰ ਅੰਮੀਹੂਦ ਸੀ। ਤੇ ਅੰਮੀਹੂਦ ਦਾ
ਪੁੱਤਰ ਅਲੀਸ਼ਾਮਾ। 27ਅਲੀਸ਼ਾਮਾ ਦਾ ਪੁੱਤਰ ਨੂਨ ਤੇ
ਨੂਨ ਦਾ ਪੁੱਤਰ ਯਹੋਸ਼ੁਆ ਸੀ।

28ਅਫ਼ਰਈਮ ਦੇ ਵੰਸ਼ ਜਿਸ ਧਰਤੀ ਤੇ ਨਗਰਾਂ ਤੇ ਜਾ ਕੇ ਵੱਸੇ
ਉਹ ਇਸ ਤਰ੍ਹਾਂ ਹੈ: ਬੈਤੇਲ ਤੇ ਉਸ ਦੇ ਨੇੜਲੇ ਪਿੰਡ, ਨਅਰਾਨ ਦਾ
ਪੂਰਬੀ ਹਿੱਸਾ, ਗਜ਼ਰ ਅਤੇ ਇਸ ਦੇ ਪੱਛਮ ਵੱਲ ਲੱਗਦੇ ਪਿੰਡ
ਅਤੇ ਸ਼ਕਮ ਅਤੇ ਉਸ ਦੇ ਆਸ-ਪਾਸ ਦੇ ਪਿੰਡ ਅੱਜ਼ਾਰ ਤੀਕ ਤੇ
ਉਸ ਨਾਲ ਲੱਗਦੇ ਪਿੰਡ ਵੀ, 29ਅਤੇ ਮਨੱਸ਼ੀਆ ਦੀਆਂ ਹੱਦਾਂ ਕੋਲ
ਬੈਤ-ਸ਼ਿਆਨ ਉਸ ਦੇ ਪਿੰਡਾਂ ਸਣੇ, ਤਅਨਾਕ ਅਤੇ ਉਸ ਦੇ ਲਾਗਲੇ
ਪਿੰਡ, ਮਗਿੱਦੋ ਅਤੇ ਉਸ ਦੇ ਆਸ-ਪਾਸ ਦੇ ਪਿੰਡ ਅਤੇ ਦੌਰ ਨਗਰ
ਤੇ ਉਸ ਦੇ ਪਿੰਡ। ਇਨ੍ਹਾਂ ਸਾਰੇ ਨਗਰਾਂ ਵਿੱਚ ਯੂਸੁਫ਼ ਦਾ ਵੰਸ਼ ਵੱਸਦਾ
ਸੀ। ਯੂਸੁਫ਼ ਇਸਰਾਏਲ ਦਾ ਪੁੱਤਰ ਸੀ।

### ਆਸ਼ੇਰ ਦਾ ਵੰਸ਼

30 ਆਸ਼ੇਰ ਦੇ ਪੁੱਤਰ ਯਿਮਨਾਹ, ਯਿਸ਼ਵਾਨ, ਯਿਸ਼ਵੀ ਤੇ
ਬੀਰਆਹ ਸਨ ਤੇ ਉਨ੍ਹਾਂ ਦੀ ਇੱਕ ਭੈਣ ਸੀ ਸਰਹ।
31 ਬਰੀਆਹ ਦੇ ਪੁੱਤਰ ਹਬਰ ਅਤੇ ਮਲਕੀਏਲ ਸਨ।
ਮਲਕੀਏਲ ਬਿਰਜ਼ਾਵਿਥ ਦਾ ਪਿਤਾ ਸੀ।
32 ਹਬਰ ਯਫ਼ਲੇਟ, ਸ਼ੋਮਰ, ਹੋਥਾਮ ਤੇ ਉਨ੍ਹਾਂ ਦੀ ਭੈਣ ਸ਼ੂਆ ਦਾ
ਪਿਤਾ ਸੀ।
33 ਯਫ਼ਲੇਟ ਦੇ ਪੁੱਤਰ ਪਾਸਕ, ਬਿਸਹਾਲ ਤੇ ਅਸ਼ਵਥ। ਇਹ
ਯਫ਼ਲੇਟ ਦੇ ਬੱਚੇ ਸਨ।
34 ਅਤੇ ਸ਼ਮਰ ਦੇ ਪੁੱਤਰ ਅਹੀ, ਰੋਹਗਾਹ, ਹੁੱਬਾਹ ਅਤੇ ਅਰਾਮ
ਸਨ।
35 ਸ਼ਮਰ ਦੇ ਭਰਾ ਦਾ ਨਾਉਂ ਹੇਲਮ ਸੀ ਅਤੇ ਹੇਲਮ ਦੇ ਪੁੱਤਰ
ਸੋਫ਼ਹ, ਯਿਮਨਾ, ਸ਼ੇਲਸ਼ ਅਤੇ ਆਮਲ ਸਨ।
36 ਸ਼ੋਫ਼ਾਹ ਦੇ ਪੁੱਤਰ ਸੂਅਹ, ਹਰਨਫ਼ਰ, ਸ਼ੂਆਲ, ਬੇਰੀ ਅਤੇ
ਯਿਮਰਾਹ, 37ਬਸਰ, ਹੋਦ, ਸ਼ੰਮਾ, ਸ਼ਿਲਸ਼ਾਹ, ਯਿਥਰਾਨ
ਤੇ ਬਏਰਾ ਸਨ।
38 ਯਥਰ ਦੇ ਪੁੱਤਰ ਯਫੁੰਨਾਹ ਪਿਸਪਾ ਅਤੇ ਅਰਾ ਸਨ।
39 ਉੱਲਾ ਦੇ ਪੁੱਤਰ ਆਰਹ, ਹੰਨੀਏਲ ਅਤੇ ਰਿਸਯਾ ਸਨ।

40ਇਹ ਸਾਰੇ ਆਸ਼ੇਰ ਦੇ ਵੰਸ਼ ਦੇ ਸਨ। ਉਹ ਆਪਣੇ ਪਰਿਵਾਰਾਂ
ਦੇ ਮੁਖੀਏ ਸਨ, ਅਤੇ ਸਭ ਤੋਂ ਬੇਹਤਰੀਨ ਆਦਮੀ ਸਨ। ਇਹ
ਸਾਰੇ ਮਹਾਨ ਆਗੂ ਅਤੇ ਬਹਾਦੁਰ ਸਿਪਾਹੀ ਸਨ। ਸਾਨੂੰ ਉਨ੍ਹਾਂ ਦੇ
ਪਰਵਾਰਿਕ ਇਤਿਹਾਸ ਤੋਂ ਪਤਾ ਲੱਗਦਾ ਹੈ ਕਿ ਉਨ੍ਹਾਂ ਕੋਲ ਜੰਗ ਲਈ
ਤਿਆਰ ਬਰ ਤਿਆਰ 26000 ਸਿਪਾਹੀ ਸਨ।

### ਸ਼ਾਊਲ ਪਾਤਸ਼ਾਹ ਦੇ ਘਰਾਣੇ ਦਾ ਇਤਿਹਾਸ

8 1ਬਿਨਯਾਮੀਨ ਬਲਾ ਦਾ ਪਿਤਾ ਸੀ ਅਤੇ ਬਲਾ ਉਸ ਦਾ
ਪਲੇਠਾ ਪੁੱਤਰ ਸੀ। ਉਸ ਦਾ ਦੂਜਾ ਪੁੱਤਰ ਅਸ਼ਬੇਲ,
ਤੀਜਾ ਅਹਰਹ ਸੀ। 2ਨੋਹਾਹ ਬਿਨਯਾਮੀਨ ਦਾ ਚੌਥਾ
ਪੁੱਤਰ, ਪੰਜਵਾਂ ਪੁੱਤਰ ਰਾਫ਼ਾ ਸੀ।
3-5ਬਲਾ ਦੇ ਪੁੱਤਰ ਅੱਦਾਰ, ਗੇਰਾ, ਅਬੀਹੂਦ, ਅਬੀਸ਼ੂਆ,
ਨਅਮਾਨ, ਅਹੋਅਹ, ਗੇਰਾ, ਸ਼ਫ਼ੂਫ਼ਾਨ ਅਤੇ ਹੂਰਾਮ ਸਨ।
6-7ਇਹ ਅਹੂਦ ਦਾ ਵੰਸ਼ ਸੀ। ਉਹ ਗਬਾ ਵਿੱਚ ਆਪਣੇ
ਪਰਿਵਾਰਾਂ ਦੇ ਆਗੂ ਸਨ, ਅਤੇ ਉਹ ਕੈਦੀਆਂ ਵਜੋਂ
ਮਾਨਾਹਥ ਨੂੰ ਲਿਜਾਏ ਗਏ ਸਨ। ਉਨ੍ਹਾਂ ਨੂੰ ਆਪਣੇ ਘਰ
ਛੱਡ ਕੇ ਜਾਣਾ ਪਿਆ। ਅਹੂਦ ਦੇ ਵੰਸ਼ ਵਿੱਚੋਂ: ਨਅਮਾਨ,
ਅਹੀਯਾਹ ਅਤੇ ਗੇਰਾ। ਗੇਰਾ ਨੇ ਉਨ੍ਹਾਂ ਨੂੰ ਉਨ੍ਹਾਂ ਦੇ ਘਰੋ
ਕੱਢ ਦਿੱਤਾ। ਗੇਰਾ ਉੱਜ਼ਾ ਅਤੇ ਅਹੀਹੂਦ ਦਾ ਪਿਤਾ ਸੀ।
8 ਸ਼ਹਰਯਿਮ ਨੇ ਮੋਆਬ 'ਚ ਆਪਣੀਆਂ ਪਤਨੀਆਂ ਹੁਸ਼ੀਮ
ਅਤੇ ਬਅਰਾ ਨੂੰ ਤਲਾਕ ਦੇ ਦਿੱਤਾ। ਇਸ ਉਪਰੰਤ ਹੋਰ
ਪਤਨੀ ਤੋਂ ਉਸ ਨੇ ਕੁਝ ਬੱਚੇ ਜੰਮੇ। 9-10ਸ਼ਹਰਯਿਮ ਨੇ
ਆਪਣੀ ਹੋਰ ਪਤਨੀ ਜਿਸ ਦਾ ਨਾਂ ਹੋਦਸ਼ ਸੀ ਤੋਂ ਯੋਬਾਬ,
ਸਿਬਯਾ, ਮੇਸ਼ਾ, ਮਲਕਮ, ਯਊਸ, ਸ਼ਾਕਯਾਹ ਅਤੇ
ਮਿਰਮਾਹ ਜੰਮੇ। ਅਤੇ ਇਹ ਆਪਣੇ ਘਰਾਣਿਆਂ ਦੇ
ਮੁਖੀਏ ਬਣੇ। 11ਸ਼ਹਰਯਿਮ ਨੇ ਹੁਸ਼ੀਮ ਤੋਂ ਦੋ ਪੁੱਤਰ ਜੰਮੇ,
ਜਿਨ੍ਹਾਂ ਦੇ ਨਾਉਂ ਅਬੀਟੂਬ ਤੇ ਅਲਪਾਅਲ ਸਨ।
12-13 ਅਲਪਾਅਲ ਦੇ ਪੁੱਤਰ ਏਬਰ, ਮਿਸ਼ਾਮ, ਸ਼ਾਮਰ, ਬਰੀਆਹ
ਅਤੇ ਸ਼ਮਾ ਸਨ। ਸ਼ਾਮਰ ਨੇ ਓਨੋ ਅਤੇ ਲੋਦ ਨਗਰ
ਵਸਾਏ ਅਤੇ ਲੋਦ ਦੇ ਆਸ-ਪਾਸ ਛੋਟੇ ਪਿੰਡ ਵੀ ਬਣਾਏ।
ਬਰੀਆਹ ਅਤੇ ਸ਼ਮਾ ਅੱਯਲੋਨ ਵਿੱਚ ਰਹਿੰਦੇ ਪਰਿਵਾਰਾਂ
ਦੇ ਆਗੂ ਸਨ। ਉਨ੍ਹਾਂ ਨੇ ਗਥ ਵਿੱਚ ਰਹਿੰਦੇ ਲੋਕਾਂ ਨੂੰ
ਬਾਹਰ ਕੱਢ ਦਿੱਤਾ।
14 ਬਰੀਅਹ ਦੇ ਪੁੱਤਰ ਸ਼ਾਸ਼ਕ ਅਤੇ ਯਿਰੇਮੋਥ, 15ਜ਼ਬਦਯਾਹ,
ਅਰਾਦ ਅਤੇ ਆਦਰ, 16ਮੀਕਾਏਲ, ਯਿਸ਼ਪਾਹ ਅਤੇ
ਯੋਹਾ ਸਨ। 17ਅਲਪਾਅਲ ਦੇ ਪੁੱਤਰ ਜ਼ਬਦਯਾਹ,
ਮਸ਼ੁੱਲਾਮ, ਹਿਜ਼ਕੀ, ਹਬਰ, 18ਯਿਸ਼ਮਰੇ, ਯਿਜ਼ਲੀਆਹ
ਅਤੇ ਯੋਬਾਬ ਸਨ।
19 ਸ਼ਿੰਮਈ ਦੇ ਪੁੱਤਰ ਯਾਕੀਮ, ਜ਼ਿਕਰੀ, ਜ਼ਬਦੀ ਅਤੇ
20ਅਲੀਏਨਈ, ਸਿੱਲਥਈ, ਅਲੀਏਲ, 21ਅਦਾਯਾਹ,
ਬਰਾਯਾਹ ਅਤੇ ਸ਼ਿਮਰਾਥ ਸਨ।
22 ਸ਼ਾਸ਼ਕ ਦੇ ਪੁੱਤਰ ਯਿਸ਼ਪਾਨ, ਏਬਰ ਅਲੀਏਲ, 23ਅਬਦੋਨ,
ਜ਼ਿਕਰੀ ਤੇ ਹਾਨਾਨ, 24ਹਨਨਯਾਹ, ਏਲਾਮ ਅਤੇ
ਅਨਥੋਥੀਯਾਹ, 25ਯਿਫ਼ਦਯਾਹ ਅਤੇ ਫ਼ਨੂਏਲ ਸਨ।

26 ਯਹੋਰਾਮ ਦੇ ਪੁੱਤਰ ਸ਼ਮਸ਼ਰਈ, ਸ਼ਹਰਯਾਹ, ਅਥਲਯਾਹ,
27ਯਅਰਸ਼ਯਾਹ, ਏਲੀਯਾਹ ਅਤੇ ਜ਼ਿਕਰੀ ਸਨ।

28ਇਹ ਸਾਰੇ ਆਦਮੀ ਆਪਣੇ ਘਰਾਣਿਆਂ ਦੇ ਮੁਖੀਏ ਸਨ। ਇਹ
ਆਪਣੀਆਂ ਕੁਲ ਪੱਤ੍ਰੀਆਂ ਵਿੱਚ ਆਗੂਆਂ ਵਜੋਂ ਜਾਣੇ ਜਾਂਦੇ ਸਨ।
ਇਹ ਸਾਰੇ ਯਰੂਸ਼ਲਮ ਵਿੱਚ ਰਹਿੰਦੇ ਸਨ।
29 ਗਿਬਓਨ ਦਾ ਪਿਤਾ ਯਈਏਲ ਸੀ ਉਹ ਗਿਬਓਨ ਵਿੱਚ ਹੀ
ਰਹਿੰਦਾ ਸੀ ਅਤੇ ਉਸ ਦੀ ਪਤਨੀ ਦਾ ਨਾਂ ਮਅਕਾਹ ਸੀ।
30ਯਈਏਲ ਦਾ ਪਲੋਠਾ ਪੁੱਤਰ ਅਬਦੋਨ ਸੀ। ਉਸ ਦੇ
ਬਾਕੀ ਪੁੱਤਰਾਂ ਦੇ ਨਾਂ ਸੂਰ, ਕੀਸ਼, ਬਅਲ ਤੇ ਨਾਦਾਬ ਸਨ,
31ਅਤੇ ਗਦੋਰ, ਅਹਯੋ ਅਤੇ ਜ਼ਾਕਰ ਮਿਲਕੋਥ ਸਨ।
32ਮਿਲਕੋਥ ਸ਼ਿਮਆਹ ਦਾ ਪਿਤਾ ਸੀ ਅਤੇ ਇਹ ਸਭ ਵੀ
ਆਪਣੇ ਭਰਾਵਾਂ-ਸੰਬੰਧੀਆਂ ਨਾਲ ਯਰੂਸ਼ਲਮ ਵਿੱਚ ਹੀ
ਉਨ੍ਹਾਂ ਦੇ ਕੋਲ ਹੀ ਵੱਸਦੇ ਸਨ।
33 ਨੇਰ ਕੀਸ਼ ਦਾ ਪਿਤਾ ਸੀ ਅਤੇ ਕੀਸ਼ ਸ਼ਾਊਲ ਦਾ ਪਿਤਾ ਤੇ
ਸ਼ਾਊਲ ਯੋਨਾਥਾਨ, ਮਲਕੀ-ਸ਼ੂਆ, ਅਬੀਨਾਦਾਬ ਅਤੇ
ਅਸ਼ਬਅਲ ਦਾ ਪਿਤਾ ਸੀ।
34 ਯੋਨਾਥਾਨ ਦਾ ਪੁੱਤਰ ਮਰੀਬ-ਬਅਲ ਸੀ ਤੇ ਉਹ ਮੀਕਾਹ
ਦਾ ਪਿਤਾ ਸੀ। 35ਮੀਕਾਹ ਦੇ ਪੁੱਤਰ: ਪੀਥੋਨ, ਮਲਕ,
ਤਅਰੇਆ ਅਤੇ ਆਹਾਜ਼ ਸਨ।
36 ਆਹਾਜ਼ ਯਹੋਅੱਦਾਹ ਦਾ ਪਿਤਾ ਸੀ ਤੇ ਯਹੋਅੱਦਾਹ ਆਲਮਥ,
ਅਜ਼ਮਾਵਥ ਅਤੇ ਜ਼ਿਮਰੀ ਦਾ ਪਿਤਾ ਸੀ ਤੇ ਜ਼ਿਮਰੀ
ਤੋਂ ਮੋਸਾ ਜੰਮਿਆ। 37ਮੋਸਾ ਬਿਨਆ ਦਾ ਪਿਤਾ ਸੀ ਤੇ
ਰਾਫਾਹ ਬਿਨਆ ਦਾ ਪੁੱਤਰ ਸੀ। ਅਲਾਸਾਹ ਰਾਫ਼ਾਹ ਦਾ
ਪੁੱਤਰ ਸੀ ਤੇ ਅਲਾਸਾਹ ਦਾ ਪੁੱਤਰ ਆਸੇਲ।
38 ਆਸੇਲ ਦੇ ਅੱਗੋਂ 6 ਪੁੱਤਰ ਹੋਏ। ਜਿਨ੍ਹਾਂ ਦੇ ਨਾਂ ਅਜ਼ਰੀਕਾਮ,
ਬੋਕਰੂ, ਇਸ਼ਮਾਏਲ, ਸ਼ਅਰਯਾਹ, ਓਬਦਯਾਹ ਅਤੇ
ਹਾਨਾਨ ਸਨ।
39 ਏਸ਼ਕ ਆਸੇਲ ਦਾ ਭਰਾ ਸੀ। ਏਸ਼ਕ ਦੇ ਕੁਝ ਪੁੱਤਰ ਸਨ:
ਊਲਾਮ ਏਸ਼ਕ ਦਾ ਪਲੋਠਾ ਪੁੱਤਰ ਸੀ, ਯਊਸ਼ ਉਸ ਦਾ
ਦੂਜਾ ਪੁੱਤਰ, ਤੇ ਅਲੀਫ਼ਲਟ ਉਸ ਦਾ ਤੀਜਾ ਪੁੱਤਰ ਸੀ।
40ਊਲਾਮ ਦੇ ਪੁੱਤਰ ਸੂਰਬੀਰ ਯੋਧਾ ਸਨ ਅਤੇ ਉਹ ਬੜੇ
ਤੀਰਅੰਦਾਜ਼ ਸਨ ਅਤੇ ਉਨ੍ਹਾਂ ਦੇ ਬਹੁਤ ਸਾਰੇ ਪੁੱਤਰ-ਪੋਤਰੇ
ਸਨ ਜੋ ਕੁਲ ਮਿਲਾ ਕੇ ਗਿਣਤੀ ਵਿੱਚ 150ਦੇ ਕਰੀਬ
ਸਨ।

ਇਹ ਸਾਰੇ ਬਿਨਯਾਮੀਨ ਦਾ ਵੰਸ਼ ਸੀ।

**9** 1ਇਸਰਾਏਲ ਦੇ ਸਾਰੇ ਲੋਕਾਂ ਦੇ ਨਾਉਂ ਉਨ੍ਹਾਂ ਦੀਆਂ ਕੁਲ
ਪੱਤ੍ਰੀਆਂ ਵਿੱਚ ਲਿਖੇ ਹੋਏ ਸਨ। ਅਤੇ ਉਨ੍ਹਾਂ ਘਰਾਣਿਆਂ ਦਾ
ਇਤਹਾਸ *ਇਸਰਾਏਲ ਦੇ ਪਾਤਸ਼ਾਹਾਂ ਦੇ ਇਤਿਹਾਸ ਦੀ ਪੋਥੀ* ਵਿੱਚ
ਦਰਜ ਹਨ।

### ਯਰੂਸ਼ਲਮ ਵਿੱਚਲੇ ਲੋਕ

ਯਹੂਦਾਹ ਦੇ ਲੋਕਾਂ ਨੂੰ ਕੈਦੀ ਬਣਾ ਕੇ ਜ਼ਬਰਦਸਤੀ ਬਾਬਲ ਨੂੰ
ਭੇਜਿਆ ਗਿਆ। ਉਸ ਦਾ ਕਾਰਣ ਇਹ ਸੀ ਕਿ ਉਹ ਪਰਮੇਸ਼ੁਰ
ਨਾਲ ਵਫ਼ਾਦਾਰ ਤੇ ਸੱਚੇ ਨਹੀਂ ਰਹੇ ਸਨ। 2ਪਹਿਲੇ ਵਾਸੀ ਜਿਹੜੇ
ਆਪਣੀ ਮਲਕੀਅਤ ਵਿੱਚ ਅਤੇ ਆਪਣੇ ਸ਼ਹਿਰ ਵਿੱਚ ਵੱਸਦੇ ਸਨ
ਉਹ ਇਸਰਾਏਲੀ, ਜਾਜਕ, ਲੇਵੀ ਅਤੇ ਮੰਦਰ ਵਿੱਚ ਸੇਵਾ ਕਰਨ
ਵਾਲੇ ਸੇਵਕ ਸਨ।
3ਇਹ ਲੋਕ ਯਹੂਦਾਹ, ਬਿਨਯਾਮੀਨ, ਅਫ਼ਰਈਮ ਵਿੱਚੋਂ,
ਮਨੱਸ਼ੀਆਂ ਵਿੱਚੋਂ ਸਨ ਜੋ ਕਿ ਯਰੂਸ਼ਲਮ ਵਿੱਚ ਵੱਸਦੇ ਸਨ।
4 ਊਥਈ ਅੰਮੀਹੂਦ ਦਾ ਪੁੱਤਰ ਸੀ ਤੇ ਅੰਮੀਹੂਦ ਆਮਰੀ ਦਾ
ਪੁੱਤਰ ਸੀ। ਆਮਰੀ ਇਮਰੀ ਦਾ ਪੁੱਤਰ ਤੇ ਇਮਰੀ ਬਾਨੀ
ਦਾ ਪੁੱਤਰ ਸੀ ਅਤੇ ਬਾਨੀ ਫ਼ਰਸ ਦੇ ਵੰਸ਼ ਵਿੱਚੋ ਸੀ ਅਤੇ
ਫ਼ਰਸ ਯਹੂਦਾਹ ਦਾ ਪੁੱਤਰ ਸੀ।
5 ਸ਼ੀਲੋਨੀਆਂ ਵਿੱਚੋਂ ਜਿਹੜੇ ਯਰੂਸ਼ਲਮ ਵਿੱਚ ਵੱਸਦੇ
ਸਨ-ਅਸਾਯਾਹ ਪਲੋਠਾ ਅਤੇ ਉਸ ਦੇ ਪੁੱਤਰ।
6 ਜ਼ਰਹ ਲੋਕ ਜਿਹੜੇ ਯਰੂਸ਼ਲਮ ਵਿੱਚ ਰਹਿੰਦੇ ਸਨ: ਯਊਏਲ
ਤੇ ਉਨ੍ਹਾਂ ਦੇ ਸੰਬੰਧੀ ਕੁਲ ਮਿਲਾ ਕੇ ਉੱਥੇ ਗਿਣਤੀ ਵਿੱਚ
690 ਸਨ।
7 ਬਿਨਯਾਮੀਨ ਦੇ ਪਰਿਵਾਰ-ਸਮੂਹਾਂ ਵਿੱਚੋਂ ਜਿਹੜੇ ਲੋਕ
ਯਰੂਸ਼ਲਮ ਵਿੱਚ ਰਹਿੰਦੇ ਸਨ: ਸੱਲੂ ਮਸ਼ੁੱਲਾਮ ਦਾ ਪੁੱਤਰ।
ਮਸ਼ੁੱਲਾਮ ਹੋਦਵਯਾਹ ਦਾ ਪੁੱਤਰ। ਹੋਦਵਯਾਹ ਹਸਨੂਆਹ
ਦਾ ਪੁੱਤਰ। 8ਯਿਬਨਯਾਹ ਯਰੋਹਾਮ ਦਾ ਪੁੱਤਰ ਸੀ।
ਏਲਾਹ ਉੱਜ਼ੀ ਦਾ ਪੁੱਤਰ ਸੀ ਤੇ ਉੱਜ਼ੀ ਮਿਕਰੀ ਦਾ। ਅਤੇ
ਮਸ਼ੁੱਲਾਮ ਸ਼ਫ਼ਟਯਾਹ ਦਾ ਪੁੱਤਰ ਸੀ ਅਤੇ ਸ਼ਫ਼ਟਯਾਹ
ਰਊਏਲ ਦਾ ਤੇ ਰਊਏਲ ਯਿਬਨੀਯਾਹ ਦਾ ਪੁੱਤਰ।
9ਬਿਨਯਾਮੀਨ ਦੀ ਕੁਲਪੱਤ੍ਰੀ ਤੋਂ ਇਹ ਪਤਾ ਲੱਗਦਾ ਹੈ ਕਿ
ਉਨ੍ਹਾਂ ਵਿੱਚੋਂ 956 ਯਰੂਸ਼ਲਮ ਵਿੱਚ ਵੱਸਦੇ ਸਨ ਤੇ ਇਹ
ਮਨੁੱਖ ਆਪਣੇ-ਆਪਣੇ ਘਰਾਣਿਆਂ ਦੇ ਮੁਖੀਏ ਸਨ।
10 ਜਾਜਕਾਂ ਵਿੱਚੋਂ ਯਰੂਸ਼ਲਮ ਵਿੱਚ ਜਿਹੜੇ ਵੱਸਦੇ ਸਨ ਉਹ
ਇਵੇਂ ਸਨ: ਯਦਅਯਾਹ, ਯਹੋਯਾਰੀਬ, ਯਾਕੀਨ ਅਤੇ
ਅਜ਼ਰਯਾਹ। 11ਅਜ਼ਰਯਾਹ ਹਿਲਕੀਯਾਹ ਦਾ ਪੁੱਤਰ
ਸੀ ਅਤੇ ਹਿਲਕੀਯਾਹ ਮਸ਼ੁੱਲਾਮ ਦਾ ਪੁੱਤਰ। ਮਸ਼ੁੱਲਾਮ
ਸਾਦੋਕ ਦਾ ਪੁੱਤਰ ਸੀ ਤੇ ਸਾਦੋਕ ਮਰਾਯੋਥ ਦਾ ਤੇ
ਮਰਾਯੋਥ ਅਹੀਟੂਬ ਦਾ ਪੁੱਤਰ ਸੀ। ਅਹੀਟੂਬ ਪਰਮੇਸ਼ੁਰ
ਦੇ ਮੰਦਰ ਦੀ ਜ਼ਿੰਮੇਵਾਰੀ ਦਾ ਇੱਕ ਮਹੱਤਵਪੂਰਣ
ਅਫ਼ਸਰ ਸੀ। 12ਅਦਾਯਾਹ ਯਰੋਹਾਮ ਦਾ ਪੁੱਤਰ ਸੀ।
ਯਹੋਰਾਮ ਪਸ਼ਹੂਰ ਦਾ ਪੁੱਤਰ ਅਤੇ ਪਸ਼ਹੂਰ ਮਲਕੀਯਾਹ
ਦਾ ਪੁੱਤਰ ਸੀ। ਅਤੇ ਉੱਥੇ ਅਦੀਏਲ ਦਾ ਪੁੱਤਰ
ਮਅਸਈ ਵੀ ਸੀ। ਅਦੀਏਲ ਯਹਜ਼ੇਰਾਹ ਦਾ ਪੁੱਤਰ ਸੀ।
ਯਹਜ਼ੇਰਾਹ ਮਸ਼ੁੱਲਾਮ ਦਾ ਪੁੱਤਰ ਤੇ ਮਸ਼ੁੱਲਾਮ ਮਸ਼ਿੱਲੇਮਿਥ
ਦਾ ਪੁੱਤਰ ਤੇ ਮਸ਼ਿੱਲੇਮਿਥ ਇੰਮੇਰ ਦਾ ਪੁੱਤਰ ਸੀ।
13 ਉੱਥੇ 1,760 ਜਾਜਕ ਸਨ ਅਤੇ ਉਹ ਆਪੋ-ਆਪਣੇ
ਘਰਾਣਿਆਂ ਦੇ ਆਗੂ ਸਨ ਅਤੇ ਉਹ ਪਰਮੇਸ਼ੁਰ ਦੇ ਮੰਦਰ
ਦੀ ਸੇਵਾ-ਸੰਭਾਲ ਲਈ ਜ਼ਿੰਮੇਵਾਰ ਸਨ।
14 ਇਹ ਲੇਵੀ ਘਰਾਣੇ ਦੇ ਉਹ ਲੋਕ ਹਨ ਜਿਹੜੇ ਯਰੂਸ਼ਲਮ
ਵਿੱਚ ਵੱਸਦੇ ਸਨ: ਸ਼ਮਅਯਾਹ ਹਸ਼ੂਬ ਦਾ ਪੁੱਤਰ ਸੀ।
ਹਸ਼ੂਬ ਅਜ਼ਰੀਕਾਮ ਦਾ ਪੁੱਤਰ ਸੀ। ਅਜ਼ਰੀਕਾਮ
ਹਸ਼ਬਯਾਹ ਦਾ ਪੁੱਤਰ ਸੀ। ਹਸ਼ਬਯਾਹ ਮਰਾਰੀ ਦੇ ਵੰਸ਼
ਦਾ ਸੀ। 15ਹੋਰ ਯਰੂਸ਼ਲਮ ਵਿੱਚ ਰਹਿਣ ਵਾਲਿਆਂ ਵਿੱਚੋਂ
ਬਕਬਕਰ, ਹਰਸ਼, ਗਾਲਲ ਅਤੇ ਮੱਤਨਯਾਹ ਸਨ।
ਮੱਤਨਯਾਹ ਮੀਕਾ ਦਾ ਪੁੱਤਰ ਸੀ ਤੇ ਮੀਕਾ ਜ਼ਿਕਰੀ ਦਾ ਤੇ
ਜ਼ਿਕਰੀ ਆਸਫ਼ ਦਾ ਪੁੱਤਰ। 16ਓਬਦਯਾਹ ਸ਼ਮਅਯਾਹ

ਦਾ ਪੁੱਤਰ ਸੀ। ਸ਼ਮਅਯਾਹ ਗਾਲਾਲ ਦਾ ਪੁੱਤਰ ਸੀ।
ਗਾਲਾਲ ਯਦੂਥੂਨ ਦਾ ਪੁੱਤਰ ਸੀ। ਬਰਕਯਾਹ ਆਸਾ
ਦਾ ਪੁੱਤਰ ਸੀ। ਆਸਾ ਅਲਕਾਨਾਹ ਦਾ ਪੁੱਤਰ ਸੀ।
ਬਰਕਯਾਹ ਨਟੋਫ਼ਾਥੀ ਲੋਕਾਂ ਦੇ ਨੇੜੇ ਦੇ ਛੋਟੇ ਨਗਰਾਂ
ਵਿੱਚ ਰਹਿੰਦਾ ਸੀ।

17 ਯਰੂਸ਼ਲਮ ਵਿੱਚ ਜਿਹੜੇ ਦਰਬਾਨ ਰਹਿੰਦੇ ਸਨ ਉਨ੍ਹਾਂ ਦੇ ਨਾਂ
ਇਵੇਂ ਹਨ: ਸ਼ੱਲੂਮ, ਅੱਕੂਬ, ਟਲਮੋਨ ਅਤੇ ਅਹੀਮਾਨ ਅਤੇ
ਉਨ੍ਹਾਂ ਦੇ ਰਿਸ਼ਤੇਦਾਰ। ਸ਼ੱਲੂਮ ਉਨ੍ਹਾਂ ਦਾ ਮੁਖੀਆ ਸੀ।
18ਇਹ ਮਨੁੱਖ ਪਾਤਸ਼ਾਹ ਦੇ ਫ਼ਾਟਕ ਦੇ ਪੂਰਬੀ ਹਿੱਸੇ ਵੱਲ
ਖੜ੍ਹੇ ਹੁੰਦੇ ਸਨ। ਇਹ ਲੇਵੀਆਂ ਦੇ ਘਰਾਣੇ ਵਿੱਚੋਂ ਦਰਬਾਨ
ਸਨ। 19ਸ਼ੱਲੂਮ ਕੋਰੇ ਦਾ ਪੁੱਤਰ ਸੀ। ਕੋਰੇ ਅਬਯਾਸਾਫ਼
ਦਾ ਪੁੱਤਰ ਸੀ। ਅਬਯਾਸਾਫ਼ ਕੋਰਹ ਦਾ ਪੁੱਤਰ ਸੀ। ਸ਼ੱਲੂਮ
ਅਤੇ ਉਸ ਦੇ ਭਰਾ ਕੋਰਹ ਦੇ ਘਰਾਣੇ ਵਿੱਚੋਂ ਦਰਬਾਨ ਸਨ।
ਉਨ੍ਹਾਂ ਦਾ ਕੰਮ ਆਪਣੇ ਪੁਰਖਿਆਂ ਵਾਂਗ ਪਵਿੱਤਰ ਤੰਬੂ
ਦੇ ਫ਼ਾਟਕਾਂ ਦੀ ਰਾਖੀ ਕਰਨਾ ਸੀ। ਇਨ੍ਹਾਂ ਦੇ ਪੁਰਖਿਆਂ
ਦਾ ਕਾਰਜ ਵੀ ਪਵਿੱਤਰ ਤੰਬੂ ਦੇ ਫ਼ਾਟਕਾਂ ਦੀ ਰਖਵਾਲੀ
ਦਾ ਕਾਰਨਾ ਸੀ। 20ਪਹਿਲੇ ਸਮੇਂ ਵਿੱਚ ਫ਼ੀਨਹਾਸ ਇਨ੍ਹਾਂ
ਦਰਬਾਨਾਂ ਦਾ ਮੁਖੀਆ ਸੀ ਫ਼ੀਨਹਾਸ ਅਲਆਜ਼ਾਰ
ਦਾ ਪੁੱਤਰ ਸੀ ਤੇ ਯਹੋਵਾਹ ਫ਼ੀਨਹਾਸ ਦੇ ਨਾਲ ਸੀ।
21ਮਸ਼ਲਮਯਾਹ ਦਾ ਪੁੱਤਰ ਜ਼ਕਰਯਾਹ ਪਵਿੱਤਰ ਤੰਬੂ ਦੇ
ਪ੍ਰਵੇਸ਼ ਦੁਆਰ ਦਾ ਦਰਬਾਨ ਸੀ।

22ਕੁੱਲ, ਪਵਿੱਤਰ ਤੰਬੂ ਦੇ ਫ਼ਾਟਕਾਂ ਦੀ ਰਖਵਾਲੀ ਲਈ 212
ਆਦਮੀ ਚੁਣੇ ਗਏ ਸਨ। ਉਨ੍ਹਾਂ ਦੇ ਨਾਂ ਉਨ੍ਹਾਂ ਦੇ ਛੋਟੇ ਨਗਰਾਂ ਵਿੱਚ
ਉਨ੍ਹਾਂ ਦੇ ਪਰਿਵਾਰਾਂ ਦੇ ਇਤਹਾਸ ਵਿੱਚ ਦਰਜ ਕੀਤੇ ਗਏ ਸਨ।
ਦਾਊਦ ਅਤੇ ਸਮੂਏਲ ਨਬੀ ਨੇ ਉਨ੍ਹਾਂ ਨੂੰ ਚੁਣਿਆ ਕਿਉਂਕਿ ਉਹ
ਭਰੋਸੇ ਯੋਗ ਸਨ। 23ਇਨ੍ਹਾਂ ਦਰਬਾਨਾਂ ਅਤੇ ਇਨ੍ਹਾਂ ਦੇ ਵੰਸ਼ ਦੀ
ਜ਼ਿੰਮੇਵਾਰੀ ਯਹੋਵਾਹ ਦੇ ਘਰ ਦੇ ਪਵਿੱਤਰ ਤੰਬੂ ਦੇ ਫ਼ਾਟਕਾਂ ਦੀ ਰਾਖੀ
ਕਰਨੀ ਸੀ। 24ਉਸ ਦੇ ਚਾਰੋਂ-ਪਾਸੇ ਫ਼ਾਟਕ ਸਨ: ਪੂਰਬੀ, ਪੱਛਮੀ,
ਉੱਤਰੀ ਅਤੇ ਦੱਖਣੀ ਚਾਰੋਂ ਦਿਸ਼ਾਵਾਂ ਵੱਲ। 25ਦਰਬਾਨਾਂ ਦੇ ਸੰਬੰਧੀ
ਜਿਹੜੇ ਕਿ ਛੋਟੇ ਨਗਰਾਂ ਵਿੱਚ ਵੱਸਦੇ ਸਨ ਉਨ੍ਹਾਂ ਨੂੰ ਵੀ ਕਦੇ-ਕਦੇ
ਦਰਬਾਨਾਂ ਦੀ ਮਦਦ ਕਰਨ ਲਈ ਆਉਣਾ ਪੈਂਦਾ ਅਤੇ ਉਹ ਜਦ ਵੀ
ਆਉਂਦੇ ਤਾਂ ਦਰਬਾਨਾਂ ਦੀ ਹਰ ਵਾਰ 7 ਦਿਨਾਂ ਲਈ ਮਦਦ ਕਰਦੇ।
26ਚਾਰ ਦਰਬਾਨ ਅਜਿਹੇ ਸਨ ਜੋ ਬਾਕੀ ਦਰਬਾਨਾਂ ਦੇ ਆਗੂ
ਸਨ। ਇਹ ਮਨੁੱਖ ਲੇਵੀ ਸਨ। ਇਨ੍ਹਾਂ ਦਾ ਕਾਰਜ ਕਮਰਿਆਂ ਦੀ ਦੇਖ
ਸੰਭਾਲ ਅਤੇ ਪਰਮੇਸ਼ੁਰ ਦੇ ਮੰਦਰ ਦੇ ਖਜ਼ਾਨੇ ਦੀ ਰਖਵਾਲੀ ਕਰਨਾ
ਸੀ। 27ਅਤੇ ਉਹ ਸਾਰੀ ਰਾਤ ਪਰਮੇਸ਼ੁਰ ਦੇ ਮੰਦਰ ਦੀ ਰਖਵਾਲੀ
ਕਰਦੇ ਸਨ। ਅਤੇ ਹਰ ਸਵੇਰ ਨੂੰ ਪਰਮੇਸ਼ੁਰ ਦੇ ਮੰਦਰ ਦੇ ਕਿਵਾੜ
ਖੋਲਣ ਦੀ ਜ਼ਿੰਮੇਵਾਰੀ ਵੀ ਉਨ੍ਹਾਂ ਦੀ ਸੀ।
28ਕੁਝ ਦਰਬਾਨਾਂ ਦਾ ਕੰਮ ਮੰਦਰ ਦੀ ਸੇਵਾ ਵਿੱਚ ਵਰਤੇ ਭਾਂਡਿਆਂ
ਦੀ ਦੇਖਭਾਲ ਦਾ ਸੀ। ਜਦੋਂ ਇਹ ਭਾਂਡੇ ਅੰਦਰ ਲਿਆਏ ਜਾਂਦੇ ਤਾਂ
ਉਹ ਇਨ੍ਹਾਂ ਦੀ ਗਿਣਤੀ ਕਰਕੇ ਰੱਖਦੇ ਤੇ ਬਾਹਰ ਕੱਢਣ ਲੱਗਿਆਂ
ਮੁੜ ਇਨ੍ਹਾਂ ਦੀ ਗਿਣਤੀ ਕਰਦੇ ਸਨ। 29ਬਾਕੀ ਦਰਬਾਨਾਂ ਦਾ
ਕੰਮ ਉੱਥੋਂ ਦੇ ਸਜਾਵਟੀ ਸਮਾਨ ਅਤੇ ਖਾਸ ਭਾਂਡਿਆਂ ਦੀ ਦੇਖ-
ਭਾਲ ਕਰਨਾ ਸੀ। ਇਨ੍ਹਾਂ ਤੋਂ ਇਲਾਵਾ ਉਹ ਆਟੇ, ਮੈਅ, ਤੇਲ, ਧੂਫ਼,
ਅਤੇ ਖਾਸ ਤੇਲ ਦੀ ਦੇਖ-ਭਾਲ ਕਰਦੇ ਸਨ। 30ਪਰ ਖਾਸ ਤੇਲ ਨੂੰ
ਮਿਲਾਉਣ ਦੀ ਜ਼ਿੰਮੇਵਾਰੀ ਸਿਰਫ ਜਾਜਕਾਂ ਦੀ ਸੀ।

31ਉੱਥੇ ਇੱਕ ਮਤਿੱਥਯਾਹ ਨਾਂ ਦਾ ਲੇਵੀ ਆਦਮੀ ਸੀ ਜਿਸ
ਦਾ ਕੰਮ ਭੇਟਾ ਦੀ ਰੋਟੀ ਪਕਾਉਣਾ ਸੀ। ਮਤਿੱਥਯਾਹ ਸ਼ੱਲੂਮ ਦਾ
ਪਲੋਠਾ ਪੁੱਤਰ ਸੀ ਅਤੇ ਸ਼ੱਲੂਮ ਕੋਰਹ ਦੇ ਘਰਾਣੇ ਵਿੱਚੋਂ ਸੀ। 32ਅਤੇ
ਕਹਾਥੀਆਂ ਦੇ ਘਰਾਣੇ ਵਿੱਚੋਂ ਕੁਝ ਦਰਬਾਨਾਂ ਦਾ ਕਾਰਜ ਚੜ੍ਹਤ ਦੀ
ਰੋਟੀ ਹਰ ਸਬਤ ਨੂੰ ਤਿਆਰ ਕਰਨ ਦਾ ਸੀ।
33ਉਹ ਲੇਵੀ ਜਿਹੜੇ ਕਿ ਗਵੱਯੇ ਸਨ ਅਤੇ ਆਪਣੇ-ਆਪਣੇ
ਘਰਾਣਿਆਂ ਦੇ ਮੁਖੀਏ ਸਨ ਉਹ ਮੰਦਰ ਵਿੱਚ ਕਮਰੇ ਜਿਹੜੇ ਬਣੇ
ਹੋਏ ਸਨ, ਉੱਥੇ ਹੀ ਰਹਿੰਦੇ ਸਨ। ਉਨ੍ਹਾਂ ਨੂੰ ਹੋਰ ਕੋਈ ਕੰਮ ਕਰਨ ਨੂੰ
ਨਹੀਂ ਸੀ ਦਿੰਦੇ ਕਿਉਂਕਿ ਉਨ੍ਹਾਂ ਦਾ ਦਿਨ-ਰਾਤ ਮੰਦਰ ਵਿੱਚਲੇ ਕੰਮਾਂ
'ਚ ਰੁਝੇ ਰਹਿੰਦੇ ਸਨ।
34ਇਹ ਸਾਰੇ ਲੇਵੀ ਆਪਣੇ ਘਰਾਣਿਆਂ ਦੇ ਮੁਖੀਏ ਸਨ। ਇਹ
ਆਪੋ-ਆਪਣੀਆਂ ਪੀੜ੍ਹੀਆ ਵਿੱਚ ਮੁਖੀਏ ਰਹੇ ਅਤੇ ਇਹ ਸਭ
ਯਰੂਸ਼ਲਮ ਵਿੱਚ ਹੀ ਰਹਿੰਦੇ ਸਨ।

### ਸ਼ਾਊਲ ਪਾਤਸ਼ਾਹ ਦੇ ਘਰਾਣੇ ਦਾ ਇਤਹਾਸ

35 ਯਈਏਲ ਗਿਬਓਨ ਦਾ ਪਿਤਾ ਸੀ ਅਤੇ ਉਹ ਗਿਬਓਨ ਦੇ
ਸ਼ਹਿਰ ਵਿੱਚ ਹੀ ਵੱਸਦਾ ਸੀ ਅਤੇ ਉਸ ਦੀ ਪਤਨੀ ਦਾ ਨਾਂ
ਮਅਕਾਹ ਸੀ। 36ਯਈਏਲ ਦਾ ਪਲੋਠਾ ਪੁੱਤਰ ਅਬਦੋਨ
ਸੀ ਅਤੇ ਉਸ ਦੇ ਬਾਕੀ ਪੁੱਤਰ ਸੂਰ, ਕੀਸ਼, ਬਅਲ,
ਗੇਰ, ਨਾਦਾਬ, 37ਗਦੋਰ, ਅਹਯੋ, ਜ਼ਕਾਰਯਾਹ ਅਤੇ
ਮਿਕਲੋਥ ਸਨ। 38ਮਿਕਲੋਥ ਸ਼ਿਮਆਮ ਦਾ ਪਿਤਾ ਸੀ
ਅਤੇ ਯਈਏਲ ਦਾ ਪਰਿਵਾਰ ਯਰੂਸ਼ਲਮ ਵਿੱਚ ਆਪਣੇ
ਰਿਸ਼ਤੇਦਾਰਾਂ ਦੇ ਕਰੀਬ ਹੀ ਰਹਿੰਦਾ ਸੀ।
39 ਕੀਸ਼ ਦਾ ਪਿਤਾ ਨੇਰ ਸੀ ਤੇ ਕੀਸ਼ ਸ਼ਾਊਲ ਦਾ ਪਿਤਾ ਅਤੇ
ਸ਼ਾਊਲ ਯੋਨਾਥਾਨ ਦਾ, ਮਾਲਕੀ-ਸ਼ੂਆ, ਅਬੀਨਾਦਾਬ
ਅਤੇ ਅਸ਼ਬਆਲ ਦਾ ਪਿਤਾ ਸੀ।
40 ਯੋਨਾਥਾਨ ਦਾ ਪੁੱਤਰ ਮਰੀਬ-ਬਅਲ ਸੀ ਤੇ ਮਰੀਬ-ਬਅਲ
ਮੀਕਾਹ ਦਾ ਪਿਤਾ।
41 ਮੀਕਾਹ ਦੇ ਪੁੱਤਰ ਪੀਥੋਨ, ਮਲਕ ਤਹਰੇਆ ਅਤੇ ਆਹਜ਼
ਸਨ। 42ਆਹਜ਼ ਯਦਹ ਦਾ ਪਿਤਾ ਸੀ ਅਤੇ ਯਦਹ,
ਆਲਮਥ , ਅਜ਼ਮਾਵਥ ਤੇ ਜ਼ਿਮਰੀ ਦਾ ਪਿਤਾ ਸੀ ਤੇ
ਜ਼ਿਮਰੀ ਮੋਸਾ ਦਾ ਪਿਤਾ ਸੀ। 43ਮੋਸਾ ਬਿਨਆ ਦਾ ਪਿਤਾ
ਸੀ। ਰਫ਼ਾਯਾਹ ਬਿਨਆ ਦਾ ਪੁੱਤਰ ਸੀ। ਅਲਆਸਾਹ
ਰਫ਼ਾਯਾਹ ਦਾ ਪੁੱਤਰ ਸੀ। ਆਸੇਲ ਅਲਆਸਾਹ ਦਾ
ਪੁੱਤਰ ਸੀ।
44 ਆਸੇਲ ਦੇ ਛੇ ਪੁੱਤਰ ਸਨ। ਉਨ੍ਹਾਂ ਦੇ ਨਾਉਂ ਅਜ਼ਰੀਕਾਮ,
ਬੋਕਰੂ, ਇਸ਼ਮਾਏਲ, ਸ਼ਅਰਯਾਹ, ਓਬਦਯਾਹ ਅਤੇ
ਹਾਨਨ ਸਨ। ਇਹ ਸਭ ਆਸੇਲ ਦੀ ਔਲਾਦ ਸੀ।

### ਸ਼ਾਊਲ ਪਾਤਸ਼ਾਹ ਦੀ ਮੌਤ

10 1ਫ਼ਲਿਸਤੀਆਂ ਨੇ ਇਸਰਾਏਲੀਆਂ ਦੇ ਖਿਲਾਫ਼ ਲੜਾਈ
ਕੀਤੀ ਅਤੇ ਫ਼ਿਰ ਇਸਰਾਏਲੀ ਫ਼ਲਿਸਤੀਆਂ ਦੇ ਅੱਗੋਂ
ਭੱਜ ਗਏ ਅਤੇ ਬਹੁਤ ਸਾਰੇ ਇਸਰਾਏਲੀ ਗਿਲਬੋਆ ਦੇ ਪਹਾੜ
ਵਿੱਚ ਮਾਰੇ ਗਏ। 2ਫ਼ਲਿਸਤੀਨੀ ਲੋਕ ਲਗਾਤਾਰ ਸ਼ਾਊਲ ਪਾਤਸ਼ਾਹ
ਅਤੇ ਉਸ ਦੇ ਪੁੱਤਰਾਂ ਦਾ ਪਿੱਛਾ ਕਰਦੇ ਰਹੇ। ਅਖੀਰ ਉਨ੍ਹਾਂ ਉਸ ਨੂੰ
ਤੇ ਉਸ ਦੇ ਪੁੱਤਰਾਂ ਨੂੰ ਫੜ ਲਿਆ ਅਤੇ ਮਾਰ ਸੁੱਟਿਆ, ਜਿਨ੍ਹਾਂ ਵਿੱਚ
ਯੋਨਾਥਾਨ, ਅਬੀਨਾਦਾਬ ਅਤੇ ਮਲਕੀਸ਼ੂਆ ਸਨ। 3ਸ਼ਾਊਲ ਦੇ

ਚੌਗਿਰਦ ਲੜਾਈ ਭਾਰੀ ਹੋ ਗਈ ਅਤੇ ਤੀਰ ਅੰਦਾਜ਼ਾਂ ਨੇ ਆਪਣੇ
ਤੀਰਾਂ ਨਾਲ ਸ਼ਾਊਲ ਨੂੰ ਘਾਇਲ ਕਰ ਦਿੱਤਾ।
4ਤਦ ਸ਼ਾਊਲ ਨੇ ਆਪਣੇ ਸ਼ਸਤ੍ਰ ਚੁੱਕਣ ਵਾਲੇ ਨੂੰ ਆਖਿਆ,
"ਆਪਣੀ ਤਲਵਾਰ ਕੱਢ ਕੇ ਮੈਨੂੰ ਮਾਰ ਦੇ ਤਾਂ ਕਿ ਜਦੋਂ ਉਹ ਅਸੁੰਨਤੀ
ਲੋਕ ਆਉਣ, ਉਹ ਮੈਨੂੰ ਸੱਟ ਨਾ ਮਾਰ ਸਕਣ ਤੇ ਮੇਰਾ ਮਜ਼ਾਕ ਨਾ
ਉਡਾ ਸਕਣ।"
ਪਰ ਸ਼ਾਊਲ ਦਾ ਸ਼ਸਤ੍ਰ ਚੁੱਕਣ ਵਾਲਾ ਡਰ ਗਿਆ ਅਤੇ ਉਸ ਨੇ
ਸ਼ਾਊਲ ਨੂੰ ਮਾਰਨ ਤੋਂ ਇਨਕਾਰ ਕਰ ਦਿੱਤਾ। ਤਾਂ ਸ਼ਾਊਲ ਨੇ ਆਪਣੀ
ਖੁਦ ਦੀ ਤਲਵਾਰ ਦੀ ਨੁੱਕਰ ਉੱਤੇ ਡਿੱਗ ਕੇ ਖੁਦ ਨੂੰ ਖਤਮ ਕਰ
ਲਿਆ। 5ਜਦ ਉਸ ਦੇ ਸ਼ਸਤ੍ਰ ਚੁੱਕਣ ਵਾਲੇ ਨੇ ਵੇਖਿਆ ਕਿ ਸ਼ਾਊਲ
ਮਰ ਗਿਆ ਹੈ ਤਾਂ ਉਸ ਨੇ ਵੀ ਆਪਣੀ ਤਲਵਾਰ ਤੇ ਡਿੱਗ ਕੇ ਖੁਦ
ਨੂੰ ਖਤਮ ਕਰ ਲਿਆ। 6ਇਉਂ ਸ਼ਾਊਲ ਅਤੇ ਉਸ ਦੇ 3 ਪੁੱਤਰ ਅਤੇ
ਸਾਰਾ ਘਰਾਣਾ ਇਕੱਠਿਆਂ ਹੀ ਮਰ ਗਿਆ।
7ਵਾਦੀ ਵਿੱਚ ਰਹਿੰਦੇ ਇਸਰਾਏਲੀਆਂ ਨੇ ਵੇਖਿਆ ਕਿ ਉਨ੍ਹਾਂ ਦੀ
ਸੈਨਾ ਉੱਥੋਂ ਭੱਜ ਖੜੋਤੀ ਸੀ। ਉਨ੍ਹਾਂ ਨੇ ਸ਼ਾਊਲ ਅਤੇ ਉਸ ਦੇ ਪੁੱਤਰਾਂ
ਨੂੰ ਮਰੇ ਪਏ ਵੇਖਿਆ, ਤਾਂ ਉਹ ਵੀ ਆਪਣੇ ਨਗਰਾਂ ਨੂੰ ਛੱਡ ਕੇ
ਨੱਠ ਗਏ। ਫ਼ਲਿਸਤੀ ਉਨ੍ਹਾਂ ਨਗਰਾਂ ਨੂੰ ਆਏ ਅਤੇ ਉੱਥੇ ਰਹਿਣ
ਲੱਗ ਪਏ।
8ਅਗਲੇ ਦਿਨ ਫ਼ਲਿਸਤੀ ਲੋਥਾਂ ਤੋਂ ਕੀਮਤੀ ਵਸਤਾਂ ਲੈਣ ਲਈ
ਆਏ ਤਾਂ ਉਨ੍ਹਾਂ ਨੇ ਉੱਥੇ ਸ਼ਾਊਲ ਅਤੇ ਉਸ ਦੇ ਪੁੱਤਰਾਂ ਦੀਆਂ
ਲੋਥਾਂ ਵੇਖੀਆਂ ਜੋ ਕਿ ਗਿਲਬੋਆ ਦੇ ਪਹਾੜ ਵਿੱਚ ਪਈਆਂ
ਸਨ। 9ਫ਼ਲਿਸਤੀਆਂ ਨੇ ਸ਼ਾਊਲ ਦੀ ਲੋਥ ਤੋਂ ਵਸਤਾਂ ਉਤਾਰੀਆਂ
ਅਤੇ ਸਾਰੇ ਸ਼ਸਤ੍ਰ-ਵਸਤਰ ਉਤਾਰ ਕੇ ਤੇ ਉਸ ਦਾ ਸਿਰ ਲੈ ਕੇ
ਫ਼ਲਿਸਤੀਆਂ ਦੇ ਦੇਸ ਵਿੱਚ ਆਸ-ਪਾਸ ਭੇਜ ਦਿੱਤਾ ਤਾਂ ਜੋ ਹਲਕਾਰੇ
ਆਪਣੇ ਝੂਠੇ-ਦੇਵਤਿਆਂ ਅਤੇ ਲੋਕਾਂ ਵਿੱਚ ਇਸ ਦੀ ਘੋਸ਼ਣਾ ਕਰਨ।
10ਫ਼ਲਿਸਤੀਆਂ ਨੇ ਸ਼ਾਊਲ ਦੇ ਸ਼ਸਤ੍ਰਾਂ ਨੂੰ ਆਪਣੇ ਝੂਠੇ ਦੇਵਤਿਆਂ
ਦੇ ਮੰਦਰ ਵਿੱਚ ਰੱਖਿਆ ਅਤੇ ਸ਼ਾਊਲ ਦਾ ਸਿਰ ਦਾਗੋਨ ਦੇ ਮੰਦਰ
ਵਿੱਚ ਲਟਕਾ ਦਿੱਤਾ।
11ਸਾਰੇ ਯਾਬੋਸ਼-ਗਿਲਆਦ ਨਗਰ ਦੇ ਲੋਕਾਂ ਨੇ ਇਉਂ ਇਹ ਸਾਰੀ
ਵਾਰਦਾਤ ਸੁਣੀ ਜੋ ਫ਼ਲਿਸਤੀਆਂ ਨੇ ਸ਼ਾਊਲ ਨਾਲ ਕੀਤੀ। 12ਫ਼ਿਰ
ਸਾਰੇ ਵੀਰ ਬਹਾਦੁਰ ਯਾਬੋਸ਼-ਗਿਲਆਦ ਵਿੱਚੋਂ ਸ਼ਾਊਲ ਅਤੇ ਉਸ ਦੇ
ਪੁੱਤਰਾਂ ਦੇ ਮ੍ਰਿਤਕ ਸਰੀਰ ਲੈਣ ਲਈ ਨਿੱਕਲੇ ਅਤੇ ਉਹ ਉਨ੍ਹਾਂ ਦੀਆਂ
ਲੋਥਾਂ ਯਾਬੋਸ਼-ਗਿਲਆਦ ਵਿੱਚ ਵਾਪਸ ਲਿਆਏ। ਅਤੇ ਉਨ੍ਹਾਂ ਲੋਕਾਂ
ਨੇ ਯਾਬੋਸ਼ ਦੇ ਇੱਕ ਵਿਸ਼ਾਲ ਰੁੱਖ ਹੇਠਾਂ ਸ਼ਾਊਲ ਅਤੇ ਉਸ ਦੇ ਪੁੱਤਰਾਂ
ਦੀਆਂ ਹੱਡੀਆਂ ਨੂੰ ਦਫ਼ਨਾ ਦਿੱਤਾ। ਇਉਂ 7 ਦਿਨ ਤੀਕ ਵਰਤ ਰੱਖ
ਕੇ ਉਨ੍ਹਾਂ ਨੇ ਆਪਣਾ ਸੋਗ ਪ੍ਰਗਟਾਇਆ।
13ਸ਼ਾਊਲ ਦੀ ਮੌਤ ਇਉਂ ਇਸ ਲਈ ਹੋਈ ਕਿਉਂਕਿ ਉਹ
ਯਹੋਵਾਹ ਨਾਲ ਵਫ਼ਾਦਾਰ ਨਹੀਂ ਰਿਹਾ ਸੀ। ਉਸ ਨੇ ਯਹੋਵਾਹ ਦੇ
ਬਚਨਾਂ ਨੂੰ ਨਹੀਂ ਮੰਨਿਆ। ਇਹੀ ਨਹੀਂ ਸਗੋਂ ਉਸ ਨੇ ਇੱਕ ਭੂਤ-
ਮਿਤ੍ਰ ਨਾਲ ਸਲਾਹ ਮਸ਼ਵਰਾ ਕੀਤਾ ਸੀ। 14ਯਹੋਵਾਹ ਤੋਂ ਪੁੱਛਣ ਦੀ
ਬਜਾਇ ਉਸ ਨੇ ਭੂਤਨੀ ਤੋਂ ਸਲਾਹ ਲਈ। ਇਸ ਲਈ ਯਹੋਵਾਹ
ਨੇ ਸ਼ਾਊਲ ਨੂੰ ਮਾਰ ਸੁੱਟਿਆ ਅਤੇ ਯਿੱਸੀ ਦੇ ਪੁੱਤਰ ਦਾਊਦ ਨੂੰ
ਰਾਜ ਦਿੱਤਾ।

## ਇਸਰਾਏਲ ਉੱਪਰ ਦਾਊਦ ਦਾ ਪਾਤਸ਼ਾਹ ਚੁਣਿਆ ਜਾਣਾ

11
1ਇਸਰਾਏਲ ਦੇ ਸਾਰੇ ਲੋਕ ਹਬਰੋਨ ਵਿੱਚ ਦਾਊਦ
ਕੋਲ ਇਕੱਠੇ ਹੋਏ ਅਤੇ ਉਨ੍ਹਾਂ ਦਾਊਦ ਨੂੰ ਕਿਹਾ, "ਅਸੀਂ
ਤੁਹਾਡਾ ਹੀ ਲਹੂ-ਮਾਸ ਹਾਂ। 2ਅਤੀਤ ਵਿੱਚ, ਤੂੰ ਸਾਨੂੰ ਜੰਗ ਵਿੱਚ
ਲੈ ਗਿਆ ਉਦੋਂ ਵੀ ਜਦੋਂ ਸ਼ਾਊਲ ਰਾਜਾ ਸੀ। ਯਹੋਵਾਹ ਨੇ ਤੈਨੂੰ
ਆਖਿਆ ਸੀ, 'ਦਾਊਦ, ਤੂੰ ਮੇਰੇ ਲੋਕਾਂ ਇਸਰਾਏਲੀਆਂ ਦਾ ਅਯਾਲੀ
ਹੋਵੇਂਗਾ ਅਤੇ ਮੇਰੀ ਪਰਜਾ ਇਸਰਾਏਲ ਦਾ ਆਗੂ ਹੋਵੇਂਗਾ।' "
3ਇਸਰਾਏਲ ਦੇ ਸਾਰੇ ਆਗੂ ਹਬਰੋਨ ਵਿੱਚ ਦਾਊਦ ਪਾਤਸ਼ਾਹ
ਕੋਲ ਆਏ। ਦਾਊਦ ਨੇ ਯਹੋਵਾਹ ਦੇ ਸਾਹਮਣੇ ਇਨ੍ਹਾਂ ਆਗੂਆਂ ਦੇ
ਨਾਲ ਨੇਮ ਕੀਤਾ। ਫ਼ੇਰ ਉਨ੍ਹਾਂ ਨੇ ਦਾਊਦ ਨੂੰ ਮਸਹ ਕੀਤਾ ਅਤੇ ਉਸ
ਨੂੰ ਇਸਰਾਏਲ ਉੱਤੇ ਪਾਤਸ਼ਾਹ ਥਾਪਿਆ। ਇਹ ਓਵੇਂ ਹੀ ਵਾਪਰਿਆ
ਜਿਵੇਂ ਯਹੋਵਾਹ ਨੇ ਸਮੂਏਲ ਰਾਹੀਂ ਬਚਨ ਕੀਤਾ ਸੀ।

## ਦਾਊਦ ਦਾ ਯਰੂਸ਼ਲਮ ਤੇ ਕਬਜ਼ਾ

4ਦਾਊਦ ਅਤੇ ਇਸਰਾਏਲ ਦੇ ਸਾਰੇ ਲੋਕ ਯਰੂਸ਼ਲਮ ਸ਼ਹਿਰ ਵਿੱਚ
ਪਹੁੰਚੇ। ਉਨ੍ਹੀ ਦਿਨੀ ਯਰੂਸ਼ਲਮ ਨੂੰ ਯਬੂਸ ਨਾਉਂ ਨਾਲ ਜਾਣਿਆ
ਜਾਂਦਾ ਸੀ ਤੇ ਉਸ ਸ਼ਹਿਰ ਦੇ ਲੋਕਾਂ ਨੂੰ ਯਬੂਸੀ ਆਖਿਆ ਜਾਂਦਾ
ਸੀ। ਉਸ ਸ਼ਹਿਰ ਦੇ ਲੋਕਾਂ ਨੇ 5ਦਾਊਦ ਨੂੰ ਆਖਿਆ, "ਤੂੰ ਸਾਡੇ
ਨਗਰ ਵਿੱਚ ਦਾਖਲ ਨਹੀਂ ਹੋ ਸਕਦਾ।" ਪਰ ਦਾਊਦ ਨੇ ਉਨ੍ਹਾਂ ਨੂੰ
ਹਰਾਇਆ। ਉਸ ਨੇ ਸੀਯੋਨ ਦਾ ਕਿਲਾ ਜਿੱਤ ਲਿਆ ਜੋ ਉਪਰੰਤ
ਦਾਊਦ ਦਾ ਸ਼ਹਿਰ ਕਹਾਇਆ।
6ਦਾਊਦ ਨੇ ਆਖਿਆ, "ਜੋ ਕੋਈ ਵੀ ਯਬੂਸੀਆਂ ਤੇ ਹਮਲੇ
ਦੀ ਅਗਵਾਈ ਕਰੇਗਾ, ਉਹੀ ਮੇਰੀ ਸੈਨਾ ਦਾ ਪ੍ਰਧਾਨ ਹੋਵੇਗਾ।"
ਤਾਂ ਸਰੂਯਾਹ ਦੇ ਪੁੱਤਰ ਯੋਆਬ ਨੇ ਹਮਲਾ ਕੀਤਾ ਤੇ ਉਹ ਸੈਨਾ ਦਾ
ਪ੍ਰਧਾਨ ਬਣਿਆ।
7ਦਾਊਦ ਨੇ ਫ਼ਿਰ ਉੱਥੇ ਗੜ੍ਹ ਨੂੰ ਆਪਣਾ ਘਰ ਬਣਾਇਆ।
ਇਸੇ ਕਾਰਣ ਉਹ ਦਾਊਦ ਦਾ ਨਗਰ ਅਖਵਾਇਆ। 8ਦਾਊਦ
ਨੇ ਮਿੱਲੋ ਤੋਂ ਲੈ ਕੇ ਸ਼ਹਿਰ ਦੇ ਦੁਆਲੇ ਦੀ ਕੰਧ ਤੀਕ ਕਿਲੇ ਦੇ
ਆਲੇ-ਦੁਆਲੇ ਸ਼ਹਿਰ ਨਿਰਮਾਣ ਕੀਤਾ ਅਤੇ ਯੋਆਬ ਨੇ ਸ਼ਹਿਰ
ਦੇ ਹੋਰ ਹਿੱਸਿਆਂ ਦੀ ਮੁਰੰਮਤ ਕੀਤੀ। 9ਦਾਊਦ ਦਿਨ ਬਰ ਦਿਨ
ਹੋਰ ਸ਼ਕਤੀਸ਼ਾਲੀ ਹੁੰਦਾ ਗਿਆ ਅਤੇ ਸਰਬ ਸ਼ਕਤੀਮਾਨ ਯਹੋਵਾਹ
ਉਸ ਦੇ ਨਾਲ ਸੀ।

## ਤਿੰਨ ਨਾਇਕ

10ਦਾਊਦ ਦੇ ਖਾਸ ਸਿਪਾਹੀਆਂ ਦੇ ਆਗੂਆਂ ਦੀ ਸੂਚੀ ਇਹ
ਹੈ। ਇਹ ਨਾਇਕ ਦਾਊਦ ਦੇ ਨਾਲ ਉਸ ਦੇ ਦੇ ਰਾਜ ਵਿੱਚ ਬੜੇ
ਸ਼ਕਤੀਸ਼ਾਲੀ ਹੋਏ। ਉਨ੍ਹਾਂ ਨੇ ਅਤੇ ਇਸਰਾਏਲ ਦੇ ਸਾਰੇ ਲੋਕਾਂ ਨੇ
ਦਾਊਦ ਦਾ ਪੱਖ ਲਿਆ ਅਤੇ ਉਸ ਨੂੰ ਰਾਜਾ ਬਣਾ ਦਿੱਤਾ। ਇਹ ਸਭ
ਪਰਮੇਸ਼ੁਰ ਦੇ ਬਚਨ ਅਨੁਸਾਰ ਹੋਇਆ।
11ਦਾਊਦ ਦੇ ਖਾਸ ਸਿਪਾਹੀਆਂ ਦੀ ਸੂਚੀ ਇਸ ਤਰ੍ਹਾਂ ਸੀ:
ਹਕਮੋਨੀ ਯਾਸ਼ਾਬਆਮ ਜੋ ਕਿ ਅਸਵਾਰਾਂ ਦਾ ਮੁਖੀਆ ਸੀ ਉਸ
ਨੇ 300 ਮਨੁੱਖਾਂ ਨੂੰ ਬਰਛਾ ਚਲਾਕੇ ਇੱਕੋ ਵਾਰ ਮਾਰ ਸੁੱਟਿਆ ਸੀ।
12ਇਸ ਤੋਂ ਬਾਦ ਦੋਦੋ ਦਾ ਪੁੱਤਰ ਅਲਆਜ਼ਾਰ ਸੀ, ਜਿਹੜਾ ਕਿ
ਅਹੋਹ ਤੋਂ ਸੀ। ਇਹ ਤਿੰਨ ਨਾਇਕਾਂ ਵਿੱਚੋਂ ਇੱਕ ਸੀ। 13ਅਲਆਜ਼ਾਰ
ਦਾਊਦ ਦੇ ਨਾਲ ਫ਼ਸਦੰਮੀਮ ਵਿੱਚ ਸੀ ਅਤੇ ਉੱਥੇ ਫ਼ਲਿਸਤੀ ਯੁੱਧ
ਕਰਨ ਨੂੰ ਇਕੱਠੇ ਹੋਏ ਸਨ। ਉੱਥੇ ਪੈਲੀ ਦਾ ਇੱਕ ਟੁਕੜਾ ਜੌਂਆਂ ਨਾਲ
ਭਰਪੂਰ ਸੀ ਅਤੇ ਇਸਰਾਏਲੀ ਲੋਕ ਉੱਥੋਂ ਫ਼ਲਿਸਤੀਆਂ ਦੇ ਅੱਗੋਂ
ਭੱਜ ਗਏ। 14ਪਰ ਇਹ ਤਿੰਨੇ ਨਾਇਕ ਉਸ ਖੇਤ ਵਿੱਚ ਖੜੋਤੇ ਰਹੇ
ਫ਼ਲਿਸਤੀਆਂ ਨੂੰ ਹਰਾ ਕੇ ਉਸ ਨੂੰ ਬਚਾਇਆ ਇਉਂ ਯਹੋਵਾਹ ਨੇ
ਇਸਰਾਏਲੀਆਂ ਨੂੰ ਵੱਡੀ ਜਿੱਤ ਦਿੱਤੀ ਸੀ।

15ਇੱਕ ਵਾਰ ਦਾਊਦ ਅਦੁੱਲਾਮ ਦੀ ਗੁਫ਼ਾ ਵਿੱਚ ਸੀ ਅਤੇ
ਫ਼ਲਿਸਤੀ ਫ਼ੌਜ ਹੇਠਾਂ ਰਫ਼ਾਈਮ ਦੀ ਵਾਦੀ ਵਿੱਚ ਸੀ। ਇਹ 3
ਨਾਇਕ ਜੋ 30 ਵਿੱਚੋਂ ਸਨ, ਜ਼ਮੀਨ ਉੱਪਰ ਰੀਂਗਦੇ ਹੋਏ ਦਾਊਦ
ਕੋਲ ਗੁਫ਼ਾ ਵਿੱਚ ਪਹੁੰਚੇ।
16ਇੱਕ ਵਾਰੀ ਹੋਰ ਦਾਊਦ ਕਿਲ੍ਹੇ ਵਿੱਚ ਸੀ ਅਤੇ ਫ਼ਲਿਸਤੀ
ਸਿਪਾਹੀਆਂ ਦਾ ਇੱਕ ਦਸਤਾ ਬੈਤਲਹਮ ਵਿੱਚ ਸੀ। 17ਦਾਊਦ ਨੂੰ
ਆਪਣੀ ਭੂਮੀ ਦੇ ਪਾਣੀ ਦੀ ਤਲਬ ਹੋਈ। ਤਾਂ ਉਸ ਨੇ ਆਖਿਆ,
"ਕਾਸ਼! ਕੋਈ ਬੈਤਲਹਮ ਦੇ ਉਸ ਖੂਹ ਦਾ ਜਿਹੜਾ ਫਾਟਕ ਦੇ ਕੋਲ
ਹੈ, ਮੈਨੂੰ ਪਾਣੀ ਪਿਲਾਵੇ।" (ਅਸਲ ਵਿੱਚ ਇਉਂ ਉਹ ਸਿਰਫ਼ ਆਖ
ਰਿਹਾ ਸੀ, ਵਾਸਤਵ 'ਚ ਮੰਗ ਨਹੀਂ ਸੀ ਰਿਹਾ।) 18ਪਰ ਉਨ੍ਹਾਂ ਤਿੰਨਾਂ
ਨਾਇਕਾਂ ਨੇ ਫ਼ਲਿਸਤੀਆ ਦੇ ਡੇਰੇ ਰਾਹੀਂ ਆਪਣੇ ਰਾਹ ਲਈ ਲੜਕੇ
ਬੈਤਲਹਮ ਦੇ ਫ਼ਾਟਕ ਦੇ ਖੂਹ ਵਿੱਚੋਂ ਪਾਣੀ ਭਰਕੇ ਦਾਊਦ ਨੂੰ ਲਿਆ
ਕੇ ਦਿੱਤਾ। ਪਰ ਦਾਊਦ ਨੇ ਉਹ ਪਾਣੀ ਪੀਣ ਤੋਂ ਇਨਕਾਰ ਕਰ ਦਿੱਤਾ
ਸਗੋਂ ਉਸ ਨੇ ਇਸ ਪਾਣੀ ਨੂੰ ਧਰਤੀ ਉੱਤੇ ਡੋਲ੍ਹ ਕੇ ਯਹੋਵਾਹ ਨੂੰ ਭੇਟ
ਕਰ ਦਿੱਤਾ। 19ਦਾਊਦ ਨੇ ਕਿਹਾ, "ਹੇ ਪਰਮੇਸ਼ੁਰ! ਇਹ ਪਾਣੀ ਮੈਂ
ਕਿਵੇਂ ਪੀ ਸਕਦਾ ਹਾਂ? ਇਹ ਤਾਂ ਉਨ੍ਹਾਂ ਮਨੁੱਖਾਂ ਦਾ ਲਹੂ ਪੀਣ ਬਰਾਬਰ
ਹੋਵੇਗਾ ਜਿਹੜੇ ਆਪਣੀ ਜਾਨ ਨੂੰ ਜੋਖਿਮ ਵਿੱਚ ਪਾ ਕੇ ਇਸ ਨੂੰ ਮੇਰੇ
ਲਈ ਲੈ ਕੇ ਆਏ ਹਨ।" ਇਸ ਕਾਰਣ ਦਾਊਦ ਨੇ ਇਹ ਪਾਣੀ ਪੀਣ
ਤੋਂ ਇਨਕਾਰ ਕੀਤਾ। ਇਸ ਤਰ੍ਹਾਂ ਦੀਆਂ ਕਈ ਬਹਾਦੁਰੀਆਂ ਉਨ੍ਹਾਂ
ਤਿੰਨਾਂ ਨਾਇਕਾਂ ਨੇ ਵਿਖਾਈਆਂ।

## ਹੋਰ ਬਹਾਦੁਰ ਸਿਪਾਹੀ

20ਯੋਆਬ ਦਾ ਭਰਾ ਅਬਸ਼ਈ ਇਨ੍ਹਾਂ ਤਿੰਨਾਂ ਨਾਇਕਾਂ ਦਾ ਆਗੂ
ਸੀ। ਉਹ 300 ਸਿਪਾਹੀਆਂ ਨਾਲ ਲੜਿਆ ਅਤੇ ਉਨ੍ਹਾਂ ਨੂੰ ਆਪਣੇ
ਬਰਛੇ ਨਾਲ ਮਾਰ ਮੁਕਾਇਆ। ਅਬਸ਼ਈ ਵੀ ਇਨ੍ਹਾਂ ਤਿੰਨਾਂ ਨਾਇਕਾਂ
ਜਿੰਨਾ ਹੀ ਪ੍ਰਸਿੱਧ ਸੀ। 21ਅਬਸ਼ਈ ਉਨ੍ਹਾਂ ਤੀਹਾਂ ਨਾਇਕਾਂ ਤੋਂ ਵਧੇਰੇ
ਪ੍ਰਸਿੱਧ ਸੀ ਅਤੇ ਉਨ੍ਹਾਂ ਦਾ ਮੁਖੀਆ ਬਣਿਆ ਹਾਲਾਂਕਿ ਉਹ ਉਨ੍ਹਾਂ
ਤਿੰਨਾਂ ਨਾਇਕਾਂ ਵਿੱਚੋਂ ਨਹੀਂ ਸੀ।
22ਯਹੋਯਾਦਾ ਦਾ ਪੁੱਤਰ ਬਨਾਯਾਹ ਇੱਕ ਕਬਸਿਏਲੀ ਸੂਰਮੇ
ਦਾ ਪੁੱਤਰ ਸੀ, ਜਿਸ ਨੇ ਵੱਡੀ ਸੂਰਮਤਾਈ ਕੀਤੀ ਸੀ। ਬਨਾਯਾਹ
ਨੇ ਮੋਆਬ ਦੇ ਦੋ ਸਭ ਤੋਂ ਵੱਧ ਬਹਾਦੁਰਾਂ ਨੂੰ ਮਾਰ ਸੁੱਟਿਆ। ਇੱਕ
ਵਾਰੀ ਜਦੋਂ ਬਰਫ਼ ਦੀ ਰੁੱਤ ਸੀ ਤਾਂ ਬਨਾਯਾਹ ਇੱਕ ਸੁਰੰਗ ਜਿਹੀ
ਵਿੱਚ ਜਿਹੜੀ ਕਿ ਜ਼ਮੀਨ ਵਿੱਚ ਖੁੱਡ ਵਾਂਗ ਸੀ, ਜਾ ਕੇ ਉੱਥੇ ਇੱਕ
ਸ਼ੇਰ ਨੂੰ ਮਾਰ ਆਇਆ। 23ਅਤੇ ਉਸ ਨੇ ਇੱਕ ਸਾਢੇ ਸੱਤ ਫੁੱਟ
ਲੰਬੇ ਮਿਸਰੀ ਸਿਪਾਹੀ ਨੂੰ ਵੀ ਮਾਰ ਸੁੱਟਿਆ। ਉਸ ਮਿਸਰੀ ਜੁਆਨ
ਕੋਲ ਇੱਕ ਭਾਰਾ ਲੰਬਾ ਬਰਛਾ ਸੀ ਜੋ ਕਿ ਜੁਲਾਹੇ ਦੀ ਤੁਰ ਵਰਗਾ
ਵੱਡਾ ਸੀ, ਅਤੇ ਬਨਾਯਾਹ ਕੋਲ ਸਿਰਫ਼ ਇੱਕ ਸੋਟਾ ਸੀ। ਬਨਾਯਾਹ
ਨੇ ਉਸ ਮਿਸਰੀ ਦੇ ਹੱਥੋਂ ਉਸ ਦਾ ਬਰਛਾ ਖੋਹਿਆ ਅਤੇ ਉਸ
ਮਿਸਰੀ ਸਿਪਾਹੀ ਨੂੰ ਉਸ ਦੇ ਹੀ ਬਰਛੇ ਨਾਲ ਮਾਰ ਮੁਕਾਇਆ।
24ਯਹੋਯਾਦਾ ਦੇ ਪੁੱਤਰ ਬਨਾਯਾਹ ਨੇ ਅਜਿਹੀਆਂ ਅਨੇਕਾਂ ਬਹਾਦੁਰ
ਕਰਨੀਆਂ ਕੀਤੀਆਂ ਅਤੇ ਤਿੰਨਾਂ ਨਾਇਕਾਂ ਜਿੰਨਾਂ ਹੀ ਮਸ਼ਹੂਰ ਹੋ
ਗਿਆ। 25ਬਨਾਯਾਹ 30 ਨਾਇਕਾਂ ਤੋਂ ਵਧੇਰੇ ਪ੍ਰਸਿੱਧ ਹੋਇਆ, ਪਰ
ਉਹ ਉਨ੍ਹਾਂ ਤਿੰਨਾਂ ਨਾਇਕਾਂ ਵਿੱਚੋਂ ਨਹੀਂ ਸੀ। ਦਾਊਦ ਨੇ ਬਨਾਯਾਹ ਨੂੰ
ਆਪਣੇ ਰੱਖਿਅਕਾ ਦਾ ਮੁਖੀਆ ਥਾਪਿਆ।

## ਤੀਹ ਨਾਇਕ

26ਤੀਹ ਨਾਇਕ ਸਿਪਾਹੀਆਂ ਦੇ ਨਾਂ ਇਉਂ ਸਨ:
ਯੋਆਬ ਦਾ ਭਰਾ ਅਸਾਹੇਲ,
ਬੈਤਲਹਮ ਤੋਂ ਦੋਦੋ ਦਾ ਪੁੱਤਰ ਅਲਹਾਨਨ।
27 ਹਰੋਰ ਦਾ ਸ਼ੰਮੋਥ,
ਪਲੋਨੀ ਹਲਸ,
28 ਤਕੋਆ ਤੋਂ ਇੱਕੇਸ਼ ਦਾ ਪੁੱਤਰ ਈਰਾ,
ਅੰਨਥੋਥ ਤੋਂ ਅਬੀਅਜ਼ਰ,
29 ਹੁਸ਼ਾਥ ਤੋਂ ਸਿੱਬਕਈ,
ਆਹੋਹ ਤੋਂ ਈਲਈ,
30 ਨਟੋਫ਼ਾਥ ਮਹਰਈ ਤੋਂ,
ਨਟੋਫ਼ਾਥ ਤੋਂ ਬਅਨਾਹ ਦਾ ਪੁੱਤਰ ਹੇਲਦ,
31 ਬਿਨਯਾਮੀਨ ਵਿੱਚ ਗਿਬਆਹ ਤੋਂ ਰੀਬਈ ਦਾ ਪੁੱਤਰ
ਈਥਈ,
ਪਰਆਥੋਨ ਤੋਂ ਬਨਾਯਾਹ,
32 ਗਾਅਸ਼ ਘਾਟੀ ਤੋਂ ਹੂਰਈ,
ਅਬੀਏਲ ਅਰਬਾਥੀ,
33 ਬਹਰੂਮੀ ਅਜ਼ਮਾਵਥ,
ਸ਼ਅਲਬੋਨ ਤੋਂ ਅਲਯਹਬਾ,
34 ਗਿਜ਼ੋਨੀ ਹਾਸੇਮ ਦੇ ਪੁੱਤਰ,
ਹਰਾਰੀ ਸ਼ਾਗੇ ਦਾ ਪੁੱਤਰ ਯੋਨਾਥਾਨ,
35 ਹਰਾਰੀ ਸਾਕਾਰ ਦਾ ਪੁੱਤਰ ਅਹੀਆਮ,
ਊਰ ਦਾ ਪੁੱਤਰ ਅਲੀਫ਼ਾਲ,
36 ਮਕੇਰਾਥ ਦਾ ਹੇਫ਼ਰ,
ਪਲੋਨੀ ਅਹੀਯਾਹ,
37 ਕਰਮਲੀ ਹਸਰੋ,
ਅਜ਼ਬਈ ਦਾ ਪੁੱਤਰ ਨਾਰਈ,
38 ਨਾਥਾਨ ਦਾ ਭਰਾ ਯੋਏਲ,
ਹਗਰੀ ਦਾ ਪੁੱਤਰ ਮਿਬਹਾਰ,
39 ਸਲਕ ਅੰਮੋਨੀ,
ਬੇਰੋਥ ਤੋਂ ਨਹਰਈ, ਸਰੂਯਾਹ ਦੇ ਪੁੱਤਰ ਯੋਆਬ ਦਾ ਸ਼ਸਤ੍ਰ
ਚੁੱਕਣ ਵਾਲਾ ਸੀ।
40 ਯਿਥਰੀ ਈਰਾ,
ਯਿਥਰੀ ਗਾਰੇਬ,
41 ਹਿੱਤੀ ਊਰੀਯਾਹ,
ਅਹਲਈ ਦਾ ਪੁੱਤਰ ਜ਼ਾਬਾਦ,
42 ਰਊਬੇਨ ਦੇ ਪਰਵਿਾਰ-ਸਮੂਹ ਤੋਂ ਸ਼ੀਜ਼ਾ ਦਾ ਪੁੱਤਰ ਅਦੀਨਾ।
(ਅਦੀਨਾ ਰਊਬੇਨ ਪਰਵਿਾਰ-ਸਮੂਹ ਦਾ ਆਗੂ ਸੀ ਅਤੇ
30 ਨਾਇਕਾਂ ਵਿੱਚੋਂ ਇੱਕ ਸੀ।)
43 ਮਅਕਾਹ ਦਾ ਪੁੱਤਰ ਹਾਨਾਨ,
ਯੋਸ਼ਾਫ਼ਾਟ ਦਾ ਮਿਥਨੀ,
44 ਉੱਜੀਯਾਹ ਅਸ਼ਤਾਰਾਥੀ,
ਅਰੋਏਰ ਤੋਂ ਹੋਥਾਮ ਦੇ ਪੁੱਤਰ ਸ਼ਾਮਾ ਤੇ ਯਈਏਲ,
45 ਸ਼ਿਮਰੀ ਦਾ ਪੁੱਤਰ ਯਦੀਅਏਲ,
ਅਤੇ ਉਸ ਦੇ ਭਰਾ ਯੋਹਾ ਤੀਸੀ,
46 ਮਹਵੀ ਅਲੀਏਲ,
ਅਲਨਅਮ ਦੇ ਪੁੱਤਰ ਯਿਰੀਬਈ ਅਤੇ ਯੋਸ਼ਵਯਾਹ,
ਅਤੇ ਮੋਆਬੀ ਯਿਥਮਾਹ।
47 ਅਲੀਏਲ, ਓਬੇਦ, ਯਅਸੀਏਲ ਅਤੇ ਮਸੋਬਾਯਾਥੀ।

### ਦਾਊਦ ਦੇ ਬਹਾਦੁਰ ਸੰਗੀ

**12** 1ਇਹ ਉਨ੍ਹਾਂ ਮਨੁੱਖਾਂ ਦੀ ਸੂਚੀ ਹੈ ਜੋ ਸਿਕਲਗ ਵਿੱਚ
ਦਾਊਦ ਕੋਲ ਪਹੁੰਚੇ। ਇਹ ਉਹ ਸਮਾਂ ਸੀ ਜਦੋਂ ਦਾਊਦ
ਕੀਸ਼ ਦੇ ਪੁੱਤਰ ਸ਼ਾਊਲ ਦੇ ਕਾਰਨ ਲੁਕਦਾ ਫ਼ਿਰਦਾ ਸੀ। ਇਨ੍ਹਾਂ
ਆਦਮੀਆਂ ਨੇ ਲੜਾਈ ਵਿੱਚ ਦਾਊਦ ਦੀ ਮਦਦ ਕੀਤੀ ਸੀ। 2ਇਹ
ਆਦਮੀ ਬੜੇ ਤੀਰ ਅੰਦਾਜ਼ ਸਨ ਅਤੇ ਉਹ ਆਪਣੇ ਸੱਜੇ-ਖੱਬੇ ਦੋਹਾਂ
ਹੱਥਾਂ ਨਾਲ ਧਨੁਸ਼ ਤੋਂ ਤੀਰ ਚਲਾਣ ਤੇ ਗੁਲੇਲ ਨਾਲ ਪੱਥਰ ਸੁੱਟਣ
ਵਿੱਚ ਨਿਪੁੰਨ ਸਨ। ਇਹ ਮਨੁੱਖ ਬਿਨਯਾਮੀਨ ਘਰਾਣੇ ਵਿੱਚੋਂ ਸ਼ਾਊਲ
ਦੇ ਸੰਬੰਧੀ ਸਨ ਤੇ ਇਨ੍ਹਾਂ ਦੇ ਨਾਉਂ ਇਉਂ ਸਨ:

3 ਅਹੀਅਜ਼ਰ ਜੋ ਆਗੂ ਸੀ, ਯੋਆਸ਼ (ਅਹੀਅਜ਼ਰ ਤੇ ਯੋਆਸ਼
ਗਿਬਆਥ ਦੇ ਸ਼ਮਾਆਹ ਦੇ ਪੁੱਤਰ ਸਨ।) ਯਿਜ਼ੀਏਲ
ਅਤੇ ਫ਼ਲਟ (ਇਹ ਦੋਨੋ ਅਜ਼ਮਾਵਥ ਦੇ ਪੁੱਤਰ ਸਨ)
ਬਰਾਕਾਹ ਅਤੇ ਯੇਹੂ ਜੋ ਕਿ ਅਨਥੋਥ ਤੋਂ ਸਨ। 4ਗਿਬਓਨ
ਸ਼ਹਿਰ ਤੋਂ ਯਿਸ਼ਮਅਯਾਹ (ਉਹ ਤਿੰਨਾਂ ਨਾਇਕਾਂ ਵਿੱਚੋਂ
ਇੱਕ ਸੀ ਅਤੇ ਤਿੰਨਾਂ ਨਾਇਕਾਂ ਦਾ ਆਗੂ ਸੀ।)
ਯਿਰਮਿਯਾਹ, ਯਹਜ਼ੀਏਲ, ਯੋਹਾਨਾਨ ਅਤੇ ਗਦੇਰਾਥ
ਤੋਂ ਯੋਜ਼ਾਬਾਦ। 5ਅਲਊਜ਼ਈ, ਯਿਰੀਮੋਥ, ਬਅਲਯਾਹ,
ਸ਼ਮਰਯਾਹ ਅਤੇ ਸ਼ਫ਼ਟਯਾਹ ਹਰੂਫ਼ੀ, 6ਅਲਕਾਨਾਹ ਅਤੇ
ਯਿੱਸ਼ੀਯਾਹ, ਅਜ਼ਰੇਲ, ਯੋਅਜ਼ਰ ਅਤੇ ਯਾਸ਼ਾਬਆਮ,
ਇਹ ਸਾਰੇ ਕੋਰਹ ਦੇ ਘਰਾਣੇ ਤੋਂ ਸਨ: 7ਯੋਏਲਾਹ ਤੇ
ਜ਼ਬਦਯਾਹ ਜੋ ਕਿ ਗਦੋਰ ਤੋਂ ਯਰੋਹਾਮ ਦੇ ਪੁੱਤਰ ਸਨ।

### ਗਾਦੀ

8ਗਾਦ ਘਰਾਣੇ ਤੋਂ ਕੁਝ ਲੋਕ ਮਾਰੂਥਲ ਨੂੰ ਆਏ, ਅਤੇ ਕਿਲੇ ਵਿੱਚ
ਦਾਊਦ ਨਾਲ ਜੁੜ ਗਏ। ਉਹ ਬਰਛੇ ਅਤੇ ਢਾਲ 'ਚ ਨਿਪੁੰਨ ਸਨ
ਅਤੇ ਸ਼ੇਰਾਂ ਵਾਂਗ ਭਿਅੰਕਰ ਸਨ। ਉਹ ਪਰਬਤਾਂ ਉੱਤੇ ਭੱਜਣ ਲਈ
ਗਜ਼ੇਲਾਂ ਵਾਂਗ ਤੇਜ ਸਨ।

9ਗਾਦ ਘਰਾਣੇ ਤੋਂ ਏਜ਼ਰ ਫ਼ੌਜ ਦਾ ਆਗੂ ਸੀ। ਓਬਦਯਾਹ
ਕਮਾਨ ਵਿੱਚ ਦੂਜਾ ਅਤੇ ਅਲਯਾਬ ਕਮਾਨ ਵਿੱਚ ਤੀਜਾ ਸੀ।
10ਮਿਸ਼ਮੰਨਾਹ ਚੌਥਾ ਤੇ ਪੰਜਵਾਂ ਯਿਰਮਿਯਾਹ। 11ਅੱਤਈ ਛੇਵਾਂ
ਅਤੇ ਅਲੀਏਲ ਸੱਤਵੇਂ ਨੰਬਰ ਤੇ ਅਗਵਾਈ ਕਰਨ ਵਾਲਾ ਸੀ।
12ਯੋਹਾਨਾਨ ਅੱਠਵਾਂ ਅਤੇ ਅਲਜ਼ਾਬਾਦ ਨੌਵਾਂ। 13ਯਿਰਮਿਯਾਹ
ਦਸਵੇਂ ਨੰਬਰ ਤੇ ਅਤੇ ਗਿਆਰ੍ਹਵੇਂ ਤੇ ਮਕਬੰਨਈ।

14ਇਹ ਆਦਮੀ ਗਾਦੀ ਫ਼ੌਜ ਦੇ ਆਗੂ ਸਨ। ਇਨ੍ਹਾਂ ਵਿੱਚੋਂ ਸਭ ਤੋਂ
ਕਮਜ਼ੋਰ ਵੀ ਦੁਸ਼ਮਣਾਂ ਦੇ 100 ਸਿਪਾਹੀਆਂ ਵਿਰੁੱਧ ਲੜ ਸਕਦਾ ਸੀ
ਅਤੇ ਉਨ੍ਹਾਂ ਦਾ ਬਹਾਦੁਰ ਸਿਪਾਹੀ ਦੁਸ਼ਮਣਾਂ ਦੇ 1,000 ਸਿਪਾਹੀਆਂ
ਦੇ ਵਿਰੁੱਧ ਲੜ ਸਕਦਾ ਸੀ। 15ਗਾਦ ਘਰਾਣੇ ਦੇ ਲੋਕ ਹੀ ਉਹ
ਸਿਪਾਹੀ ਸਨ ਜਿਨ੍ਹਾਂ ਨੇ ਵਰ੍ਹੇ ਦੇ ਪਹਿਲੇ ਮਹੀਨੇ ਵਿੱਚ ਯਰਦਨ
ਦਰਿਆ ਨੂੰ ਪਾਰ ਕੀਤਾ ਸੀ, ਜਦੋਂ ਇਸ ਵਿੱਚ ਹੜ੍ਹ ਆਇਆ ਹੋਇਆ
ਸੀ। ਉਨ੍ਹਾਂ ਨੇ ਵਾਦੀ ਵਿੱਚ ਰਹਿੰਦੇ ਸਭਨਾਂ ਲੋਕਾਂ ਨੂੰ ਵਾਦੀ ਦੇ ਪੂਰਬੀ
ਪਾਸੇ ਅਤੇ ਪੱਛਮੀ ਹਿੱਸੇ ਵੱਲ ਭਜਾ ਦਿੱਤਾ।

### ਕੁਝ ਹੋਰ ਸਿਪਾਹੀ ਦਾਊਦ ਨਾਲ ਰਲ ਗਏ

16ਬਿਨਯਾਮੀਨ ਅਤੇ ਯਹੂਦਾਹ ਦੇ ਪਰਿਵਾਰ-ਸਮੂਹਾਂ ਵਿੱਚੋਂ ਕੁਝ ਹੋਰ
ਲੋਕ ਦਾਊਦ ਕੋਲ ਗੜ੍ਹ ਵਿੱਚ ਆ ਰਲੇ। 17ਦਾਊਦ ਉਨ੍ਹਾਂ ਨੂੰ ਮਿਲਣ
ਲਈ ਬਾਹਰ ਆਇਆ ਅਤੇ ਆਖਿਆ, "ਜੇਕਰ ਤੁਸੀਂ ਸ਼ਾਂਤੀ
ਨਾਲ ਮੇਰੀ ਸਹਾਇਤਾ ਕਰਨ ਲਈ ਆਏ ਹੋ; ਤਾਂ ਜੀ ਆਇਆਂ ਨੂੰ
ਪਰ ਜੇਕਰ ਤੁਸੀਂ ਮੇਰੇ ਨਾਲ ਚਾਲ ਚੱਲ ਕੇ ਮੈਨੂੰ ਮੇਰੇ ਵੈਰੀਆਂ ਹੱਥ
ਫੜਾਉਣ ਲਈ ਆਏ ਹੋ ਭਾਵੇਂ ਮੇਰੇ ਹੱਥੋਂ ਕੁਝ ਮਾੜਾ ਨਹੀਂ ਹੋਇਆ
ਤਾਂ ਫ਼ਿਰ ਮੇਰੇ ਪੁਰਖਿਆਂ ਦਾ ਪਰਮੇਸ਼ੁਰ ਇਸ ਨੂੰ ਵੇਖੇ ਅਤੇ ਤੁਹਾਨੂੰ
ਦੰਡ ਦੇਵੇ।"

18ਅਮਾਸਈ 30 ਨਾਇਕਾਂ ਦਾ ਆਗੂ ਸੀ, ਅਮਾਸਈ ਦੇ ਉੱਤੇ
ਆਤਮਾ ਆਇਆ ਅਤੇ ਆਖਿਆ,

"ਹੇ ਦਾਊਦ, ਅਸੀਂ ਤੇਰੇ ਹਾਂ, ਹੇ ਯੱਸੀ ਦੇ ਪੁੱਤਰ, ਅਸੀਂ
ਤੇਰੇ ਨਾਲ ਹਾਂ। ਤੇਰੇ ਨਾਲ ਅਤੇ ਤੇਰੀ ਮਦਦ ਕਰਨ ਵਾਲੇ
ਲੋਕਾਂ ਨਾਲ ਵੀ ਸ਼ਾਂਤੀ ਹੋਵੇ, ਕਿਉਂਕਿ ਤੇਰਾ ਪਰਮੇਸ਼ੁਰ ਤੇਰੀ
ਮਦਦ ਕਰਦਾ ਹੈ!"

ਇਉਂ ਦਾਊਦ ਨੇ ਉਨ੍ਹਾਂ ਆਦਮੀਆਂ ਨੂੰ ਸਵੀਕਾਰ ਕਰਕੇ ਆਪਣੇ
ਫ਼ੌਜੀਆਂ ਦਾ ਆਗੂ ਥਾਪਿਆ।

19ਮਨੱਸ਼ਹ ਘਰਾਣੇ ਵਿੱਚੋਂ ਕਈ ਲੋਕ ਦਾਊਦ ਨਾਲ ਆ ਕੇ ਰਲ
ਗਏ। ਇਹ ਉਸ ਵਕਤ ਰਲੇ ਜਦੋਂ ਉਹ ਫ਼ਲਿਸਤੀਆਂ ਦੇ ਨਾਲ
ਲੜਾਈ ਨੂੰ ਸ਼ਾਊਲ ਉੱਪਰ ਚੜ੍ਹੇ। ਪਰ ਦਾਊਦ ਅਤੇ ਉਸ ਦੇ ਮਨੁੱਖਾਂ
ਨੇ ਅਸਲ ਵਿੱਚ ਫ਼ਲਿਸਤੀਆਂ ਦੀ ਮਦਦ ਨਾ ਕੀਤੀ। ਫ਼ਲਿਸਤੀਆਂ
ਦੇ ਆਗੂਆਂ ਨੇ ਦਾਊਦ ਦੀ ਉਨ੍ਹਾਂ ਨੂੰ ਮਦਦ ਬਾਰੇ ਗੱਲ ਕੀਤੀ, ਪਰ
ਫ਼ਿਰ ਉਸ ਨੂੰ ਵਾਪਸ ਭੇਜਣ ਦਾ ਫ਼ੈਸਲਾ ਲਿਆ। ਉਨ੍ਹਾਂ ਆਗੂਆਂ
ਨੇ ਆਖਿਆ, "ਜੇਕਰ ਦਾਊਦ ਆਪਣੇ ਸੁਆਮੀ ਸ਼ਾਊਲ ਨਾਲ ਜਾ
ਮਿਲਿਆ, ਤਾਂ ਸਾਡੇ ਸਿਰ ਵੱਢੇ ਜਾਣਗੇ।" 20ਇਹ ਲੋਕ ਮਨੱਸ਼ਹ
ਦੇ ਸਨ ਜਦੋਂ ਦਾਊਦ ਸਿਕਲਗ ਨੂੰ ਤੁਰਿਆ ਤੇ ਇਹ ਮਨੁੱਖ ਉਸ
ਨਾਲ ਰਲ ਗਏ, ਅਦਨਾਹ, ਯੋਜ਼ਾਬਾਦ, ਯਦਿਏਲ, ਮੀਕਾਏਲ,
ਯੋਜ਼ਾਬਾਦ, ਅਲੀਹੂ ਤੇ ਸਿੱਲਥਈ। ਇਹ ਸਾਰੇ ਮਨੱਸ਼ਹ ਘਰਾਣੇ ਦੇ
ਸਰਦਾਰ ਸਨ। 21ਇਨ੍ਹਾਂ ਨੇ ਦਾਊਦ ਦੀ ਬੁਰੇ ਲੋਕਾਂ ਨਾਲ ਲੜਨ ਵਿੱਚ
ਮਦਦ ਕੀਤੀ। ਇਹ ਬੁਰੇ ਲੋਕ ਸਾਰੇ ਸ਼ਹਿਰ ਵਿੱਚੋਂ ਲੋਕਾਂ ਦੇ ਘਰਾਂ ਚੋ
ਉਨ੍ਹਾਂ ਦੀਆਂ ਵਸਤਾਂ ਚੋਰੀ ਕਰਦੇ ਸਨ। ਮਨੱਸ਼ਹ ਦੇ ਇਹ ਸਾਰੇ ਮਨੁੱਖ
ਬਹਾਦੁਰ ਸਿਪਾਹੀ ਸਨ ਜੋ ਦਾਊਦ ਦੀ ਫ਼ੌਜ ਦੇ ਆ ਕੇ ਆਗੂ ਬਣੇ।

22ਦਿਨੋ-ਦਿਨ ਲੋਕ ਦਾਊਦ ਦੀ ਸਹਾਇਤਾ ਲਈ ਆ ਕੇ ਰਲਦੇ ਰਹੇ
ਇਉਂ ਦਾਊਦ ਦੀ ਸੈਨਾ ਬੜੀ ਵਿਸ਼ਾਲ ਅਤੇ ਸ਼ਕਤੀਸ਼ਾਲੀ ਹੋ ਗਈ।

### ਹੋਰ ਮਨੁੱਖਾਂ ਦਾ ਦਾਊਦ ਨਾਲ ਹਬਰੋਨ ਵਿੱਚ ਰਲਣਾ

23ਇਹ ਉਨ੍ਹਾਂ ਲੋਕਾਂ ਦੀ ਗਿਣਤੀ ਹੈ ਜਿਹੜੇ ਹਬਰੋਨ ਵਿੱਚ ਦਾਊਦ
ਨਾਲ ਜੁੜ ਗਏ, ਜਿਹੜੇ ਯੁੱਧ ਲਈ ਤਿਆਰ ਸਨ। ਉਹ ਸ਼ਾਊਲ ਦੇ
ਰਾਜ ਨੂੰ, ਯਹੋਵਾਹ ਦੇ ਬਚਨ ਅਨੁਸਾਰ ਹੋਣ ਲਈ, ਦਾਊਦ ਨੂੰ ਸੌਂਪਣ
ਲਈ ਆਏ ਸਨ। ਉਨ੍ਹਾਂ ਦੀ ਗਿਣਤੀ ਦੀ ਸੂਚੀ ਇਉਂ ਹੈ:

24 ਯਹੂਦਾਹ ਦੇ ਪਰਿਵਾਰ-ਸਮੂਹ ਵਿੱਚੋਂ ਉਨ੍ਹਾਂ ਆਦਮੀਆਂ ਦੀ
ਗਿਣਤੀ ਜਿਹੜੇ ਜੰਗ ਲਈ ਤਿਆਰ ਸਨ 6,800 ਸੀ
ਅਤੇ ਉਨ੍ਹਾਂ ਨੇ ਢਾਲਾਂ ਅਤੇ ਬਰਛੇ ਚੁੱਕੇ ਹੋਏ ਸਨ।

25 ਸ਼ਿਮਓਨੀਆਂ ਦੇ ਘਰਾਣੇ ਵਿੱਚੋਂ 7,100 ਮਹਾਨ ਯੋਧੇ ਯੁੱਧ
ਲਈ ਤਿਆਰ ਸਨ।

26 ਲੇਵੀਆਂ ਦੇ ਘਰਾਣੇ ਵਿੱਚੋਂ 4,600 ਸਿਪਾਹੀ ਸਨ।
27ਯਹੋਯਾਦਾ ਉਸੇ ਧੜੇ ਵਿੱਚ ਸੀ ਅਤੇ ਉਸ ਨਾਲ
3,700 ਆਦਮੀ ਸਨ। 28ਸਾਦੋਕ ਵੀ ਇਸ ਸਮੂਹ
ਵਿੱਚ ਸੀ ਤੇ ਇੱਕ ਜਵਾਨ ਬਹਾਦੁਰ ਸਿਪਾਹੀ ਸੀ ਅਤੇ
ਉਹ ਆਪਣੇ ਪਰਿਵਾਰ ਦੇ 22 ਸਰਦਾਰਾਂ ਦੇ ਨਾਲ
ਆਇਆ ਸੀ।

29 ਬਿਨਯਾਮੀਨ ਦੇ ਘਰਾਣੇ ਵਿੱਚੋਂ 3,000 ਆਦਮੀ ਸਨ, ਉਹ ਸ਼ਾਊਲ ਦੇ ਸਬੰਧੀਆਂ ਵਿੱਚੋਂ ਸਨ ਅਤੇ ਉਨ੍ਹਾਂ ਵਿੱਚੋਂ ਬਹੁਤ ਸਾਰੇ ਉਸ ਸਮੇਂ ਤੀਕ ਸ਼ਾਊਲ ਦੇ ਵਫ਼ਾਦਾਰ ਸਨ।
30 ਇਫ਼ਰਾਮੀਆਂ ਵਿੱਚੋਂ 20,800, ਜਿਹੜੇ ਵੱਡੇ ਸੂਰਵੀਰ ਸਨ, ਉਹ ਆਪੋ-ਆਪਣੇ ਪਰਿਵਾਰ-ਸਮੂਹਾਂ ਵਿੱਚੋਂ ਪ੍ਰਸਿੱਧ ਸਿਪਾਹੀ ਸਨ।
31 ਮਨੱਸ਼ਹ ਦੇ ਅੱਧੇ ਘਰਾਣੇ ਵਿੱਚੋਂ 18,000 ਆਦਮੀ ਸਨ ਜੋ ਚੁਣੇ ਗਏ ਸਨ ਅਤੇ ਨਾਮਾਂ ਦੁਆਰਾ ਸੱਦੇ ਗਏ ਸਨ, ਤਾਂ ਜੋ ਉਹ ਆ ਕੇ ਦਾਊਦ ਨੂੰ ਪਾਤਸ਼ਾਹ ਬਣਾ ਸਕਣ।
32 ਯਿੱਸਾਕਾਰ ਦੇ ਘਰਾਣੇ ਵਿੱਚੋਂ 200 ਸਿਆਣੇ ਆਗੂ ਸਨ ਜਿਨ੍ਹਾਂ ਕੋਲ ਇਸਰਾਏਲ ਦੇ ਭਲੇ ਲਈ ਸਹੀ ਸਮੇਂ ਤੇ ਸਹੀ ਕੰਮ ਕਰਨ ਦੀ ਸਿਆਣਪ ਸੀ ਅਤੇ ਉਨ੍ਹਾਂ ਦੇ ਸੰਬੰਧੀ ਉਨ੍ਹਾਂ ਸਮੇਤ ਉਨ੍ਹਾਂ ਦੀ ਹਕੂਮਤ ਹੇਠ ਕਾਰਜ ਕਰਦੇ ਸਨ।
33 ਜ਼ਬੂਲੂਨ ਦੇ ਘਰਾਣੇ ਵਿੱਚੋਂ 50,000 ਕਾਬਿਲ ਸਿਪਾਹੀ ਸਨ, ਜਿਨ੍ਹਾਂ ਨੂੰ ਸਭ ਤਰ੍ਹਾਂ ਦੀ ਸ਼ਸਤ੍ਰ ਵਿਦਿਆ ਦੀ ਸਿਖਲਾਈ ਦਿੱਤੀ ਗਈ ਸੀ ਅਤੇ ਉਹ ਦਾਊਦ ਨਾਲ ਵਫ਼ਾਦਾਰ ਸਨ।
34 ਨਫ਼ਤਾਲੀਆਂ ਦੇ ਘਰਾਣੇ ਵਿੱਚੋਂ 1,000 ਸੈਨਾਪਤੀ ਸਨ ਅਤੇ ਉਨ੍ਹਾਂ ਦੀ ਅਗਵਾਈ ਹੇਠ 37,000 ਆਦਮੀ ਸਨ ਜਿਹੜੇ ਢਾਲਾਂ ਅਤੇ ਬਰਛੇ ਰੱਖਣ ਵਾਲੇ ਸਨ।
35 ਦਾਨ ਘਰਾਣੇ ਵਿੱਚੋਂ 28,600 ਸਿਪਾਹੀ ਜੰਗ ਲਈ ਤਿਆਰ ਸਨ।
36 ਅਸ਼ੇਰ ਦੇ ਘਰਾਣੇ ਵਿੱਚੋਂ 40,000 ਲੜਾਈ ਲਈ ਹਰ ਪਲ ਤਿਆਰ ਸਿਪਾਹੀ ਸਨ।
37 ਯਰਦਨ ਦਰਿਆ ਦੇ ਪੂਰਬੀ ਹਿੱਸੇ ਵੱਲੋਂ, ਰਊਬੇਨ, ਗਾਦ ਪਰਵਿਾਰ-ਸਮੂਹਾਂ ਅਤੇ ਮਨੱਸ਼ਹ ਦੇ ਅੱਧੇ ਘਰਾਣੇ ਵਿੱਚੋਂ 1,20,000 ਸਿਪਾਹੀ ਸਨ, ਜਿਹੜੇ ਯੁੱਧ ਵਿੱਚ ਕਿਸੇ ਤਰ੍ਹਾਂ ਦੇ ਵੀ ਸ਼ਸਤ੍ਰ ਇਸਤੇਮਾਲ ਕਰ ਸਕਦੇ ਸਨ।

38ਇਹ ਸਾਰੇ ਬਹਾਦੁਰ ਸਿਪਾਹੀ ਸਨ। ਇਹ ਲੜਾਈ ਦੀਆਂ
ਯੋਜਨਾਵਾਂ ਬਣਾਉਣੀਆਂ ਜਾਣਦੇ ਸਨ, ਤੇ ਉਹ ਦਾਊਦ ਨੂੰ
ਇਸਰਾਏਲ ਦਾ ਰਾਜਾ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੋ ਕੇ
ਆਏ ਸਨ। ਇਸਰਾਏਲ ਦੇ ਬਾਕੀ ਲੋਕ ਵੀ ਦਾਊਦ ਨੂੰ ਪਾਤਸ਼ਾਹ
ਬਣਾਉਣ ਲਈ ਰਾਜ਼ੀ ਸਨ। 39ਇਨ੍ਹਾਂ ਮਨੁੱਖਾਂ ਨੇ ਹਬਰੋਨ ਵਿੱਚ
ਦਾਊਦ ਨਾਲ 3 ਦਿਨ ਗੁਜ਼ਾਰੇ। ਇਹ ਰੱਜ ਕੇ 3 ਦਿਨ ਤੀਕ ਖਾਂਦੇ
ਪੀਂਦੇ ਰਹੇ ਕਿਉਂਕਿ ਉਨ੍ਹਾਂ ਦੇ ਭਾਈਆਂ ਨੇ ਉਨ੍ਹਾਂ ਲਈ ਭੋਜਨ ਤਿਆਰ
ਕੀਤੇ ਸਨ। 40ਇਸ ਤੋਂ ਇਲਾਵਾ ਉਹ ਲੋਕ ਜੋ ਉਨ੍ਹਾਂ ਦੇ ਨੇੜੇ ਸਨ,
ਅਤੇ ਉਹ ਜੋ ਯਿੱਸਾਕਾਰ ਤੇ ਜ਼ਬੂਲੂਨ ਅਤੇ ਨਫ਼ਤਾਲੀ ਤੀਕ ਵੀ
ਵੱਸਦੇ ਸਨ ਉਹ ਵੀ ਖੋਤਿਆਂ, ਊਠਾਂ, ਖੱਚਰਾਂ ਅਤੇ ਬਲਦਾਂ ਉੱਪਰ
ਲੱਦ-ਲੱਦ ਕੇ ਰੋਟੀਆਂ, ਆਟਾ, ਅੰਜੀਰਾਂ, ਕਿਸ਼ਮਿਸ਼, ਤੇਲ, ਪਸ਼ੂ ਅਤੇ
ਭੇਡਾਂ ਬਹੁਤ ਮਾਤਰਾ ਵਿੱਚ ਲੈ ਕੇ ਆਏ। ਉਨ੍ਹੀ ਦਿਨੀ ਇਸਰਾਏਲ
ਦੇ ਲੋਕ ਬੜੇ ਖੁਸ਼ ਸਨ।

## ਨੇਮ ਦੇ ਸੰਦੂਕ ਨੂੰ ਵਾਪਸ ਲਿਆਉਣਾ

13 1ਦਾਊਦ ਨੇ ਆਪਣੀ ਫ਼ੌਜ ਦੇ ਸਾਰੇ ਸਰਦਾਰਾਂ ਨਾਲ ਗੱਲ
ਬਾਤ ਕੀਤੀ। 2ਫ਼ਿਰ ਦਾਊਦ ਨੇ ਸਾਰੇ ਇਸਰਾਏਲੀਆਂ
ਨੂੰ ਇੱਕ ਸਭਾ ’ਚ ਬੁਲਾ ਕੇ ਆਖਿਆ, “ਜੇਕਰ ਤੁਹਾਨੂੰ ਲੱਗੇ ਕਿ ਇਹ
ਚੰਗਾ ਵਿਚਾਰ ਹੈ, ਅਤੇ ਜੇਕਰ ਅਜਿਹਾ ਯਹੋਵਾਹ ਸਾਡੇ ਪਰਮੇਸ਼ੁਰ
ਵੱਲੋਂ ਹੈ ਤਾਂ ਸਾਨੂੰ ਇਸਰਾਏਲ ਵਿੱਚ ਰਹਿੰਦੇ ਸਾਰੇ ਲੋਕਾਂ, ਅਤੇ
ਜਾਜਕਾਂ ਅਤੇ ਨਗਰਾਂ ਅਤੇ ਪਿੰਡਾਂ ਵਿੱਚ ਉਨ੍ਹਾਂ ਨਾਲ ਰਹਿੰਦੇ ਲੇਵੀਆਂ
ਨੂੰ ਸਾਡੇ ਨਾਲ ਆ ਕੇ ਜੁੜ ਜਾਣ ਦੀ ਬੇਨਤੀ ਕਰਦਿਆਂ ਹੋਇਆਂ
ਸੰਦੇਸ਼ ਦੇ ਨਾਲ ਹਲਕਾਰੇ ਭੇਜਣੇ ਚਾਹੀਦੇ ਹਨ। 3ਚਲੋ ਅਸੀਂ ਨੇਮ
ਦਾ ਸੰਦੂਕ ਯਰੂਸ਼ਲਮ ਵਿੱਚ ਵਾਪਸ ਲੈ ਕੇ ਆਈਏ। ਜਦੋਂ ਸ਼ਾਊਲ
ਰਾਜਾ ਸੀ, ਅਸੀਂ ਨੇਮ ਦੇ ਸੰਦੂਕ ਦੀ ਦੇਖਭਾਲ ਨਹੀਂ ਕੀਤੀ।” 4ਸਾਰੇ
ਇਸਰਾਏਲੀਆਂ ਨੇ ਦਾਊਦ ਦੀ ਗੱਲ ਦੀ ਹਾਮੀ ਭਰੀ ਅਤੇ ਸਭ ਨੇ
ਇਹ ਕੰਮ ਕਰਨਾ ਠੀਕ ਸਮਝਿਆ।

5ਤਾਂ ਦਾਊਦ ਨੇ ਸਾਰੇ ਇਸਰਾਏਲੀਆਂ ਨੂੰ ਮਿਸਰ ਦੇ ਸ਼ੀਹੋਰ
ਦਰਿਆ ਤੋਂ ਹਮਾਥ ਦੇ ਲਾਂਘੇ ਤੀਕ ਇਕੱਠਾ ਕੀਤਾ ਤਾਂ ਜੋ ਉਹ ਸਭ
ਇਕੱਠੇ ਹੋ ਕੇ ਕਿਰਯਥ-ਯਾਰੀਮ ਤੋਂ ਨੇਮ ਦੇ ਸੰਦੂਕ ਨੂੰ ਵਾਪਸ ਲੈ ਕੇ
ਆਉਣ। 6ਦਾਊਦ ਅਤੇ ਉਸ ਨਾਲ ਸਾਰੇ ਇਸਰਾਏਲੀ ਯਹੂਦਾਹ ਦੇ
ਬਆਲਹ ਨੂੰ ਗਏ। (ਬਆਲਹ ਕਿਰਯਥ-ਯਾਰੀਮ ਦਾ ਹੀ ਹੋਰ ਨਾਂ
ਹੈ।) ਉੱਥੇ ਉਹ ਯਹੋਵਾਹ ਪਰਮੇਸ਼ੁਰ ਦੇ ਨੇਮ ਦੇ ਸੰਦੂਕ ਨੂੰ ਲੈਣ ਵਾਸਤੇ
ਗਏ, ਉਹ ਕਰੂਬੀ ਫ਼ਰਿਸ਼ਤਿਆਂ ਦੇ ਉੱਪਰ ਬੈਠਦਾ ਹੈ ਅਤੇ ਇਹ
ਉਹ ਸੰਦੂਕ ਹੈ ਜਿਸ ਨੂੰ ਯਹੋਵਾਹ ਦੇ ਨਾਂ ਨਾਲ ਜਾਣਿਆਂ ਜਾਂਦਾ ਹੈ।

7ਲੋਕਾਂ ਨੇ ਨੇਮ ਦੇ ਸੰਦੂਕ ਨੂੰ ਅਬੀਨਾਦਾਬ ਦੇ ਘਰ ਤੋਂ ਕੱਢ ਕੇ
ਉਸ ਨੂੰ ਨਵੀਂ ਗੱਡੀ ਉੱਪਰ ਰੱਖਿਆ ਜਿਸ ਨੂੰ ਉੱਜ਼ਾ ਅਤੇ ਅਹਯੋ
ਹੱਕ ਰਹੇ ਸਨ।

8ਦਾਊਦ ਅਤੇ ਸਾਰੇ ਇਸਰਾਏਲੀ ਪਰਮੇਸ਼ੁਰ ਦੇ ਅੱਗੇ ਪੂਰੇ ਜ਼ੋਰ
ਨਾਲ ਜ਼ਸਨ ਮਨਾ ਰਹੇ ਸਨ ਪਵਿੱਤਰ ਗੀਤ ਗਾ ਰਹੇ ਸਨ ਅਤੇ
ਸਿਤਾਰ, ਤੰਬੂਰਾ, ਢੋਲਕ, ਛੈਣੇ ਅਤੇ ਤੁਰ੍ਹੀਆਂ ਵਜਾ ਰਹੇ ਸਨ।

9ਫ਼ਿਰ ਉਹ ਕੀਦੋਨ ਦੇ ਪਿੜ ਵਿੱਚ ਪਹੁੰਚੇ ਤਾਂ ਉੱਜ਼ਾ ਨੇ ਸੰਦੂਕ
ਦੇ ਥੰਮ੍ਹਣ ਲਈ ਆਪਣਾ ਹੱਥ ਲੰਮਾ ਕੀਤਾ ਇਸ ਲਈ ਕਿਉਂਕਿ
ਬਲਦਾਂ ਨੇ ਠੁੱਡਾ ਖਾਧਾ ਸੀ ਤੇ ਇਸ ਨਾਲ ਸੰਦੂਕ ਡਿੱਗਣ ਲੱਗਾ ਸੀ।
10ਯਹੋਵਾਹ ਨੂੰ ਉੱਜ਼ਾ ਤੇ ਕ੍ਰੋਧ ਆਇਆ, ਕਿਉਂਕਿ ਉੱਜ਼ਾ ਨੇ ਸੰਦੂਕ
ਨੂੰ ਛੂਹਿਆ ਸੀ ਇਸ ਲਈ ਪਰਮੇਸ਼ੁਰ ਨੇ ਉੱਜ਼ਾ ਨੂੰ ਮਾਰ ਸੁੱਟਿਆ।
ਤੇ ਉੱਜ਼ਾ ਦੀ ਯਹੋਵਾਹ ਦੇ ਸਾਹਮਣੇ ਮੌਤ ਹੋ ਗਈ। 11ਪਰਮੇਸ਼ੁਰ ਨੇ
ਉੱਜ਼ਾ ਤੇ ਆਪਣੀ ਕਰੋਪੀ ਵਿਖਾਈ ਇਸ ਨਾਲ ਦਾਊਦ ਨੂੰ ਕਰੋਧ
ਆਇਆ। ਇਸ ਲਈ ਅੱਜ ਤੀਕ ਉਸ ਥਾਂ ਨੂੰ “ਪਰਸ ਉੱਜ਼ਾ” ਦੇ
ਨਾਂ ਨਾਲ ਜਾਣਿਆਂ ਜਾਂਦਾ ਹੈ।

12ਦਾਊਦ ਉਸ ਦਿਨ ਪਰਮੇਸ਼ੁਰ ਤੋਂ ਡਰਿਆ ਅਤੇ ਉਸ ਨੇ
ਆਖਿਆ, “ਮੈਂ ਨੇਮ ਦੇ ਸੰਦੂਕ ਨੂੰ ਆਪਣੇ ਕੋਲ ਨਹੀਂ ਲਿਆ
ਸਕਦਾ!” 13ਇਸ ਲਈ ਫ਼ਿਰ ਦਾਊਦ ਉਸ ਸੰਦੂਕ ਨੂੰ ਦਾਊਦ ਦੇ
ਸ਼ਹਿਰ ਵਿੱਚ ਨਾ ਲਿਆਇਆ। ਉਸ ਨੇ ਨੇਮ ਦੇ ਸੰਦੂਕ ਨੂੰ ਓਬੇਦ-
ਅਦੋਮ ਦੇ ਘਰ ਵਿੱਚ ਹੀ ਰਹਿਣ ਦਿੱਤਾ। ਓਬੇਦ-ਅਦੋਮ ਗਥ ਸ਼ਹਿਰ
ਤੋਂ ਸੀ। 14ਇਉਂ ਨੇਮ ਦਾ ਸੰਦੂਕ ਤਿੰਨ ਮਹੀਨੇ ਓਬੇਦ-ਅਦੋਮ ਦੇ ਘਰ
ਵਿੱਚ ਰਿਹਾ। ਅਤੇ ਯਹੋਵਾਹ ਨੇ ਓਬੇਦ-ਅਦੋਮ ਦੇ ਘਰ ਨੂੰ ਅਤੇ ਉਸ
ਦੀਆਂ ਸਾਰੀਆਂ ਵਸਤਾਂ ਨੂੰ ਅਸੀਸ ਦਿੱਤੀ।

## ਦਾਊਦ ਦਾ ਵੱਧਦਾ ਰਾਜ

14 1ਹੀਰਾਮ ਸੂਰ ਦਾ ਰਾਜਾ ਸੀ ਅਤੇ ਉਸ ਨੇ ਦਾਊਦ
ਕੋਲ ਹਲਕਾਰੇ ਭੇਜੇ। ਉਸ ਨੇ ਦਿਆਰ ਦੀਆਂ ਸ਼ਤੀਰਾਂ,
ਸੰਗਤਰਾਸ਼ ਅਤੇ ਤਰਖਾਣ ਵੀ ਭੇਜੇ ਤਾਂ ਜੋ ਉਹ ਦਾਊਦ ਲਈ
ਇੱਕ ਭਵਨ ਤਿਆਰ ਕਰ ਸਕਣ। 2ਤਦ ਦਾਊਦ ਨੂੰ ਮਹਿਸੂਸ
ਹੋਇਆ ਕਿ ਯਹੋਵਾਹ ਨੇ ਸੱਚਮੁੱਚ ਉਸ ਨੂੰ ਇਸਰਾਏਲ ਦਾ ਰਾਜਾ

ਬਣਾਇਆ ਹੈ। ਯਹੋਵਾਹ ਨੇ ਦਾਊਦ ਦੇ ਰਾਜ ਨੂੰ ਬੜਾ ਵਿਸ਼ਾਲ ਅਤੇ ਸ਼ਕਤੀਸ਼ਾਲੀ ਬਣਾਇਆ। ਪਰਮੇਸ਼ੁਰ ਨੇ ਅਜਿਹਾ ਇਸ ਲਈ ਕੀਤਾ ਕਿਉਂਕਿ ਉਹ ਦਾਊਦ ਅਤੇ ਇਸਰਾਏਲੀਆਂ ਨੂੰ ਬਹੁਤ ਪਿਆਰ ਕਰਦਾ ਸੀ।

3ਦਾਊਦ ਨੇ ਯਰੂਸ਼ਲਮ ਵਿੱਚ ਹੋਰ ਇਸਤ੍ਰੀਆਂ ਨਾਲ ਵਿਆਹ ਕਰਵਾਇਆ ਅਤੇ ਉਨ੍ਹਾਂ ਤੋਂ ਉਸ ਦੇ ਘਰ ਵਧੇਰੇ ਧੀਆਂ-ਪੁੱਤਰ ਪੈਦਾ ਹੋਏ।
4ਯਰੂਸ਼ਲਮ ਵਿੱਚ ਦਾਊਦ ਦੇ ਜੰਮੇ ਬੱਚਿਆਂ ਦੇ ਨਾਂ ਇਸ ਪ੍ਰਕਾਰ ਹਨ: ਸ਼ੰਮੂਆ, ਸ਼ੋਬਾਬ, ਨਾਥਾਨ, ਸੁਲੇਮਾਨ,
5ਯਿਬਹਾਰ, ਅਲੀਸ਼ੂਆ ਤੇ ਅਲਪਾਲਟ,
6ਨੋਗਹ, ਨਫ਼ਗ ਤੇ ਯਾਫ਼ੀਆ,
7ਅਲੀਸ਼ਾਮਾ, ਬਅਲਯਾਦਾ ਅਤੇ ਅਲੀਫ਼ਾਲਟ।

## ਦਾਊਦ ਦੇ ਹੱਥੋਂ ਫ਼ਲਿਸਤੀਆਂ ਦੀ ਹਾਰ

8ਜਦ ਫ਼ਲਿਸਤੀਆਂ ਨੇ ਸੁਣਿਆ ਕਿ ਦਾਊਦ ਸਾਰੇ ਇਸਰਾਏਲ ਉੱਤੇ ਪਾਤਸ਼ਾਹ ਬਣਨ ਲਈ ਮਸਹ ਕੀਤਾ ਗਿਆ ਹੈ, ਤਾਂ ਸਾਰੇ ਫ਼ਲਿਸਤੀ ਦਾਊਦ ਨੂੰ ਭਾਲਣ ਤੁਰ ਆਏ। ਦਾਊਦ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਉਹ ਫ਼ਲਿਸਤੀਆਂ ਨਾਲ ਲੜਨ ਤੇ ਉਨ੍ਹਾਂ ਦਾ ਸਾਹਮਣਾ ਕਰਨ ਬਾਹਰ ਨਿੱਕਲ ਆਇਆ।
9ਫ਼ਲਿਸਤੀਆਂ ਨੇ ਰਫ਼ਾਈਮ ਦੀ ਵਾਦੀ ਵਿੱਚ ਰਹਿੰਦੇ ਲੋਕਾਂ ਤੇ ਹਮਲਾ ਕੀਤਾ ਅਤੇ ਉਨ੍ਹਾਂ ਦੀਆਂ ਵਸਤਾਂ ਲੁੱਟ ਲਈਆਂ।
10ਦਾਊਦ ਨੇ ਪਰਮੇਸ਼ੁਰ ਤੋਂ ਪੁੱਛਿਆ, "ਕੀ ਮੈਨੂੰ ਫ਼ਲਿਸਤੀਆਂ ਦੇ ਵਿਰੁੱਧ ਲੜਨਾ ਚਾਹੀਦਾ ਹੈ? ਕੀ ਤੂੰ ਉਨ੍ਹਾਂ ਨੂੰ ਹਰਾਉਣ ਵਿੱਚ ਮੇਰੀ ਮਦਦ ਕਰੇਂਗਾ?"

ਯਹੋਵਾਹ ਨੇ ਦਾਊਦ ਨੂੰ ਜਵਾਬ ਦਿੱਤਾ, "ਜਾਹ, ਮੈਂ ਉਨ੍ਹਾਂ ਨੂੰ ਹਰਾਉਣ ਵਿੱਚ ਤੇਰੀ ਮਦਦ ਕਰਾਂਗਾ।"

11ਤਦ ਦਾਊਦ ਅਤੇ ਉਸ ਦੇ ਆਦਮੀ ਬਅਲ ਪਰਾਸੀਮ ਤਾਈਂ ਗਏ। ਉੱਥੇ, ਉਸ ਨੇ ਅਤੇ ਉਸ ਦੇ ਆਦਮੀਆਂ ਨੇ ਫ਼ਲਿਸਤੀਆਂ ਨੂੰ ਹਰਾ ਦਿੱਤਾ। ਤਾਂ ਦਾਊਦ ਨੇ ਆਖਿਆ, "ਜਿਵੇਂ ਕਿ ਟੁੱਟੇ ਹੋਏ ਬੰਨ੍ਹ ਵਿੱਚੋਂ ਪਾਣੀ ਫ਼ਟ ਪੈਂਦਾ ਹੈ, ਪਰਮੇਸ਼ੁਰ ਮੇਰੇ ਰਾਹੀਂ ਮੇਰੇ ਦੁਸਮਣਾਂ ਤੇ ਫ਼ਟ ਪਿਆ ਹੈ।" ਇਸੇ ਕਾਰਣ ਉਸ ਥਾਂ ਦਾ ਨਾਂ ਬਅਲ ਪਰਾਸੀਮ ਰੱਖਿਆ ਗਿਆ।
12ਫ਼ਲਿਸਤੀ ਲੋਕ ਆਪਣੇ ਦੇਵਤਿਆਂ ਦੇ ਬੁੱਤ ਬਅਲ ਪਰਾਸੀਮ 'ਚ ਹੀ ਛੱਡ ਗਏ, ਤਾਂ ਦਾਊਦ ਨੇ ਉਨ੍ਹਾਂ ਬੁੱਤਾਂ ਨੂੰ ਅੱਗ ਵਿੱਚ ਸਾੜਨ ਦਾ ਹੁਕਮ ਦਿੱਤਾ।

## ਫ਼ਲਿਸਤੀਆਂ ਉੱਪਰ ਇੱਕ ਹੋਰ ਜਿੱਤ

13ਫ਼ਲਿਸਤੀਆਂ ਨੇ ਰਫ਼ਾਈਮ ਦੀ ਵਾਦੀ ਵਿੱਚ ਇੱਕ ਵਾਰ ਫ਼ੇਰ ਹਮਲਾ ਕੀਤਾ।
14ਦਾਊਦ ਨੇ ਮੁੜ ਪਰਮੇਸ਼ੁਰ ਅੱਗੇ ਪ੍ਰਾਰਥਨਾ ਕੀਤੀ ਅਤੇ ਪਰਮੇਸ਼ੁਰ ਨੇ ਉਸ ਦੀ ਪ੍ਰਾਰਥਨਾ ਦਾ ਜਵਾਬ ਦਿੱਤਾ ਅਤੇ ਆਖਿਆ, "ਦਾਊਦ, ਇਸ ਵਾਰ, ਪਹਾੜੀਆਂ ਤਾਈਂ ਉਨ੍ਹਾਂ ਦਾ ਪਿੱਛਾ ਨਾ ਕਰੀਂ, ਪਰ ਉਨ੍ਹਾਂ ਦੇ ਦੁਆਲੇ ਮੈਂਹਦੀ ਦੇ ਦਰੱਖਤਾਂ ਦੇ ਪਿੱਛੇ ਲੁਕ ਜਾਵੀਂ।
15ਇੱਕ ਦਰਬਾਨ ਨੂੰ ਮੈਂਹਦੀ ਦੇ ਦਰੱਖਤਾਂ ਉੱਤੇ ਚੜ੍ਹਨ ਲਈ ਆਖੀਂ। ਜਦੋਂ ਹੀ ਉਹ ਉਨ੍ਹਾਂ ਨੂੰ ਕੂਚ ਕਰਦਿਆਂ ਸੁਣੇ, ਤੈਨੂੰ ਉਨ੍ਹਾਂ ਤੇ ਹਮਲਾ ਕਰ ਦੇਣਾ ਚਾਹੀਦਾ ਹੈ। ਮੈਂ ਤੇਰੇ ਅਗਾਂਹ ਹੋਵਾਂਗਾ ਅਤੇ ਫ਼ਲਿਸਤੀ ਫੌਜ ਨੂੰ ਹਰਾ ਦੇਵਾਂਗਾ।"
16ਦਾਊਦ ਨੇ ਉਵੇਂ ਹੀ ਕੀਤਾ ਜਿਵੇਂ ਪਰਮੇਸ਼ੁਰ ਨੇ ਆਖਿਆ। ਇਉਂ ਦਾਊਦ ਅਤੇ ਉਸ ਦੀ ਸੈਨਾ ਨੇ ਫ਼ਲਿਸਤੀ ਸੈਨਾ ਨੂੰ ਹਰਾ ਦਿੱਤਾ। ਉਨ੍ਹਾਂ ਨੇ ਫ਼ਲਿਸਤੀਆਂ ਦੇ ਦਲ ਨੂੰ ਗਿਬਓਨ ਤੋਂ ਲੈ ਕੇ ਗਜ਼ਰ ਤੀਕ ਸਾਰਿਆਂ ਨੂੰ ਵੱਢ ਸੁੱਟਿਆ।
17ਇਉਂ ਦਾਊਦ ਸਾਰੇ ਦੇਸ਼ਾਂ ਵਿੱਚ ਪ੍ਰਸਿੱਧ ਹੋ ਗਿਆ ਅਤੇ ਯਹੋਵਾਹ ਨੇ ਸਾਰੀਆਂ ਕੌਮਾਂ ਤੇ ਉਸ ਦਾ ਡਰ ਪਾ ਦਿੱਤਾ।

## ਨੇਮ ਦਾ ਸੰਦੂਕ ਯਰੂਸ਼ਲਮ ਵਿੱਚ

15 1ਦਾਊਦ ਨੇ ਆਪਣੇ ਰਹਿਣ ਲਈ ਦਾਊਦ ਦੇ ਸ਼ਹਿਰ ਵਿੱਚ ਘਰ ਉਸਾਰੇ। ਫ਼ਿਰ ਉਸ ਨੇ ਨੇਮ ਦੇ ਸੰਦੂਕ ਨੂੰ ਰੱਖਣ ਲਈ ਜਗ੍ਹਾ ਬਣਵਾਈ ਜਿਸ ਲਈ ਉਸ ਨੇ ਤੰਬੂ ਖੜ੍ਹਾ ਕੀਤਾ।
2ਫ਼ਿਰ ਦਾਊਦ ਨੇ ਕਿਹਾ, "ਸਿਰਫ਼ ਲੇਵੀਆਂ ਨੂੰ ਹੀ ਨੇਮ ਦਾ ਸੰਦੂਕ ਚੁੱਕਣ ਦੀ ਇਜਾਜ਼ਤ ਹੈ। ਯਹੋਵਾਹ ਨੇ ਨੇਮ ਦੇ ਸੰਦੂਕ ਨੂੰ ਚੁੱਕਣ ਅਤੇ ਹਮੇਸ਼ਾ ਲਈ ਉਸ ਦੀ ਸੇਵਾ ਕਰਨ ਲਈ ਲੇਵੀਆਂ ਨੂੰ ਚੁਣਿਆ ਹੈ।"

3ਤਦ ਦਾਊਦ ਨੇ ਸਾਰੇ ਇਸਰਾਏਲੀਆਂ ਨੂੰ ਯਰੂਸ਼ਲਮ ਵਿੱਚ ਇਕੱਠਿਆਂ ਸੱਦਿਆ। ਜਦ ਕਿ ਲੇਵੀਆਂ ਨੇ ਨੇਮ ਦੇ ਸੰਦੂਕ ਨੂੰ ਉਸ ਥਾਂ ਤੀਕ ਲਿਆਂਦਾ ਜਿਹੜੀ ਦਾਊਦ ਨੇ ਉਸ ਲਈ ਬਣਵਾਈ ਸੀ।
4ਦਾਊਦ ਨੇ ਹਾਰੂਨ ਦੇ ਵੰਸ਼ ਨੂੰ ਅਤੇ ਲੇਵੀਆਂ ਨੂੰ ਇਕੱਠਾ ਕੀਤਾ।

5 ਕਹਾਥੀਆਂ ਦੇ ਘਰਾਣੇ ਵਿੱਚੋਂ 120 ਮਨੁੱਖ ਸਨ ਅਤੇ
ਊਰੀਏਲ ਉਨ੍ਹਾਂ ਦਾ ਆਗੂ ਸੀ।
6 ਮਰਾਰੀ ਦੇ ਘਰਾਣੇ ਵਿੱਚੋਂ 220 ਮਨੁੱਖ ਸਨ ਅਸਾਯਾਹ ਉਨ੍ਹਾਂ
ਦਾ ਆਗੂ ਸੀ।
7 ਗੇਰਸ਼ੋਮੀਆਂ ਦੇ ਘਰਾਣੇ ਵਿੱਚ 130 ਮਨੁੱਖ ਸਨ ਅਤੇ
ਯੋਏਲ ਉਨ੍ਹਾਂ ਦਾ ਆਗੂ ਸੀ।
8 ਅਲੀਸਾਫ਼ਾਨ ਦੇ ਘਰਾਣੇ ਚੋ 200 ਮਨੁੱਖ ਸਨ ਅਤੇ
ਸ਼ਮਅਯਾਹ ਉਨ੍ਹਾਂ ਦਾ ਆਗੂ ਸੀ।
9 ਹਬਰੋਨ ਦੇ ਘਰਾਣੇ ਵਿੱਚੋਂ 80 ਮਨੁੱਖ ਸਨ, ਜਿਨ੍ਹਾਂ ਦਾ
ਸਰਦਾਰ ਅਲੀਏਲ ਸੀ।
10 ਉਜ਼ੀਏਲ ਦੇ ਘਰਾਣੇ ਵਿੱਚੋਂ 112 ਮਨੁੱਖ ਸਨ ਅਤੇ
ਅਮੀਨਾਦਾਬ ਉਨ੍ਹਾਂ ਦਾ ਸਰਦਾਰ ਸੀ।

## ਦਾਊਦ ਦੀ ਜਾਜਕਾਂ ਅਤੇ ਲੇਵੀਆਂ ਨਾਲ ਗੱਲ-ਬਾਤ

11ਤਦ ਦਾਊਦ ਨੇ ਸਾਦੋਕ ਅਤੇ ਅਬਯਾਥਾਰ ਜਾਜਕ ਨੂੰ ਆਪਣੇ ਕੋਲ ਬੁਲਾਇਆ। ਦਾਊਦ ਨੇ ਊਰੀਏਲ, ਅਸਾਯਾਹ, ਯੋਏਲ, ਸ਼ਮਅਯਾਹ, ਅਲੀਏਲ ਅਤੇ ਅੰਮੀਨਾਦਾਬ ਲੇਵੀਆਂ ਨੂੰ ਵੀ ਆਪਣੇ ਕੋਲ ਸੱਦਿਆ।
12ਦਾਊਦ ਨੇ ਉਨ੍ਹਾਂ ਨੂੰ ਆਖਿਆ, "ਤੁਸੀਂ ਲੇਵੀ ਘਰਾਣੇ ਦੇ ਆਗੂ ਹੋ, ਤੁਹਾਨੂੰ ਅਤੇ ਬਾਕੀ ਲੇਵੀਆਂ ਨੂੰ ਆਪਣੇ-ਆਪ ਨੂੰ ਪਵਿੱਤਰ ਕਰਨਾ ਚਾਹੀਦਾ ਹੈ, ਫ਼ੇਰ ਜਿਹੜੀ ਜਗ੍ਹਾ ਮੈਂ ਨੇਮ ਦੇ ਸੰਦੂਕ ਲਈ ਬਣਾਈ ਹੈ, ਸੰਦੂਕ ਨੂੰ ਉੱਥੇ ਲੈ ਕੇ ਆਓ।
13ਪਿੱਛਲੀ ਵਾਰੀ, ਕਿਉਂ ਜੋ ਅਸੀਂ ਯਹੋਵਾਹ ਨੂੰ ਨੇਮ ਦੇ ਸੰਦੂਕ ਨੂੰ ਚੁੱਕਣ ਦੀ ਵਿਧੀ ਨਹੀਂ ਪੁੱਛੀ ਸੀ, ਯਹੋਵਾਹ ਨੇ ਸਾਨੂੰ ਦੰਡ ਦਿੱਤਾ ਸੀ।"

14ਤਦ ਫ਼ਿਰ ਜਾਜਕਾਂ ਅਤੇ ਲੇਵੀਆਂ ਨੇ ਇਸਰਾਏਲ ਦੇ ਯਹੋਵਾਹ ਪਰਮੇਸ਼ੁਰ ਦੇ ਨੇਮ ਦੇ ਸੰਦੂਕ ਨੂੰ ਚੁੱਕਣ ਲਈ ਆਪਣੇ-ਆਪ ਨੂੰ ਪਵਿੱਤਰ ਕੀਤਾ।
15ਤਾਂ ਲੇਵੀਆਂ ਨੇ ਪਰਮੇਸ਼ੁਰ ਦੇ ਸੰਦੂਕ ਨੂੰ ਚੋਬਾਂ ਨਾਲ ਆਪਣੇ ਮੋਢਿਆਂ ਤੇ ਚੁੱਕਿਆ ਜਿਵੇਂ ਕਿ ਮੂਸਾ ਨੇ ਯਹੋਵਾਹ ਦੇ ਬਚਨਾਂ ਮੁਤਾਬਕ ਆਗਿਆ ਦਿੱਤੀ ਸੀ। ਉਨ੍ਹਾਂ ਨੇ ਯਹੋਵਾਹ ਦੀ ਆਗਿਆ ਅਨੁਸਾਰ ਉਸ ਸੰਦੂਕ ਨੂੰ ਚੁੱਕਿਆ।

## ਗਵੱਯੇ

16ਦਾਊਦ ਨੇ ਲੇਵੀ ਆਗੂਆਂ ਨੂੰ ਉਨ੍ਹਾਂ ਦੇ ਗਵੱਯੇ ਭਾਈਆਂ ਨੂੰ ਸੱਦਣ ਲਈ ਆਖਿਆ ਤਾਂ ਜੋ ਉਹ ਆਪਣੀਆਂ ਸਿਤਾਰਾਂ, ਤੰਬੂਰੇ ਅਤੇ ਮਜੀਰੇ ਵਜਾਉਂਦੇ ਹੋਏ ਖੁਸ਼ੀ ਦੇ ਅਨੰਦਮਈ ਗੀਤ ਗਾਉਣ।

17ਤਦ ਲੇਵੀ ਹੇਮਾਨ ਅਤੇ ਉਸ ਦੇ ਭਰਾ ਨੂੰ ਲੈ ਕੇ ਆਏ ਜੋ ਕਿ ਆਸਾਫ਼ ਅਤੇ ਏਥਾਨ ਸਨ। ਹੇਮਾਨ ਯੋਏਲ ਦਾ ਪੁੱਤਰ ਸੀ ਅਤੇ

ਆਸਾਫ਼ ਬਰਕਯਾਹ ਦਾ ਪੁੱਤਰ ਸੀ। ਅਤੇ ਏਥਾਨ ਕੁਸ਼ਾਯਾਹ ਦਾ
ਪੁੱਤਰ ਸੀ। ਇਹ ਸਾਰੇ ਮਨੁੱਖ ਮਰਾਰੀ ਘਰਾਣੇ ਵਿੱਚੋਂ ਸਨ। 18ਉੱਥੇ
ਲੇਵੀਆਂ ਦਾ ਇੱਕ ਹੋਰ ਦਲ ਵੀ ਸੀ। ਜਿਨ੍ਹਾਂ ਦੇ ਨਾਓਂ ਇਸ ਤਰ੍ਹਾਂ
ਸਨ: ਜ਼ਕਰਯਾਹ, ਬੇਨ, ਯਅਜ਼ੀਏਲ, ਸ਼ਮੀਰਾਂ ਮੋਥ, ਯਹੀਏਲ,
ਉੱਨੀ, ਅਲੀਆਬ, ਬਨਾਯਾਹ, ਮਅਸੇਯਾਹ, ਮੱਤਿਥਯਾਹ,
ਅਲੀਫ਼ਲੇਹੂ, ਮਿਕਨੇਯਾਹ, ਓਬੇਦ-ਅਦੋਮ ਅਤੇ ਯਈਏਲ। ਇਹ
ਦੂਜੇ ਦਰਜੇ ਦੇ ਮਨੁੱਖ ਲੇਵੀ ਦਰਬਾਨ ਸਨ।

19ਹੇਮਾਨ, ਆਸਾਫ਼ ਅਤੇ ਏਥਾਨ ਗਵੱਯੇ ਪਿੱਤਲ ਦੇ ਛੈਣੇ
ਵਜਾਉਂਦੇ ਸਨ। 20ਜ਼ਕਰਯਾਹ, ਅਜ਼ੀਏਲ, ਸ਼ਮੀਰਾਮੋਥ,
ਯਹੀਏਲ, ਉੱਨੀ, ਅਲੀਆਬ, ਮਅਸੇਯਾਹ ਤੇ ਬਨਾਯਾਹ ਅਲਾਮੋਥ
ਸੁਰ ਉੱਤੇ ਸਿਤਾਰਾਂ ਵਜਾਉਂਦੇ ਸਨ। 21ਮੱਤਿਥਯਾਹ, ਅਲੀਫ਼ਲੇਹੂ,
ਮਿਕਨੇਯਾਹ, ਓਬੇਦ-ਅਦੋਮ, ਯਈਏਲ, ਅਤੇ ਅਜ਼ਜ਼ਯਾਹ
ਸ਼ਮੀਨੀਥ, ਸਾਰੰਗੀ ਵਜਾਉਂਦੇ ਸਨ ਅਤੇ ਗਵੈਯਾਂ ਦੀ ਆਗਵਾਈ
ਕਰਦੇ ਸਨ। 22ਲੇਵੀਆਂ ਦਾ ਸਰਦਾਰ ਕਨਨਯਾਹ ਇਨ੍ਹਾਂ ਗਵੱਯਾਂ
ਦਾ ਸਰਦਾਰ ਸੀ ਕਨਨਯਾਹ ਨੂੰ ਇਹ ਕੰਮ ਇਸ ਲਈ ਸੌਂਪਿਆ
ਗਿਆ ਕਿਉਂਕਿ ਉਹ ਗਾਉਣ ਵਿੱਚ ਬਹੁਤ ਗੁਣੀ ਸੀ।

23ਬਰਕਯਾਹ ਅਤੇ ਅਲਕਾਨਾਹ ਨੇਮ ਦੇ ਸੰਦੂਕ ਦੀ ਰਖਵਾਲੀ
ਲਈ ਦਰਬਾਨ ਸਨ। 24ਜਾਜਕ ਸ਼ਬਨਯਾਹ, ਯੋਸ਼ਾਫ਼ਾਟ,
ਨਥਨਏਲ, ਅਮਾਸਈ, ਜ਼ਕਰਯਾਹ, ਬਨਾਯਾਹ ਤੇ ਅਲੀਅਜ਼ਰ
ਦਾ ਕੰਮ ਨੇਮ ਦੇ ਸੰਦੂਕ ਦੇ ਅੱਗੇ-ਅੱਗੇ ਚੱਲਦੇ ਤੁਰ੍ਹੀਆਂ ਵਜਾਉਣ
ਦਾ ਸੀ। ਓਬੇਦ-ਅਦੋਮ ਅਤੇ ਯਿਹਯਾਹ ਦੇ ਨੇਮ ਦੇ ਸੰਦੂਕ ਲਈ
ਹੋਰ ਦਰਬਾਨ ਸਨ।

25ਦਾਊਦ ਅਤੇ ਇਸਰਾਏਲ ਦੇ ਬਜ਼ੁਰਗ ਅਤੇ ਫੌਜ ਦੇ ਸਰਦਾਰ
ਜਾ ਕੇ ਓਬੇਦ-ਅਦੋਮ ਦੇ ਘਰੋਂ ਪਵਿੱਤਰ ਸੰਦੂਕ ਨੂੰ ਲੈ ਆਏ। ਸਾਰੇ
ਲੋਕ ਬੜੇ ਖੁਸ਼ ਸਨ। 26ਪਰਮੇਸ਼ੁਰ ਨੇ ਉਨ੍ਹਾਂ ਲੇਵੀਆਂ ਦੀ ਮਦਦ
ਕੀਤੀ, ਜਿਨ੍ਹਾਂ ਨੇ ਨੇਮ ਦਾ ਸੰਦੂਕ ਚੁੱਕਿਆ ਹੋਇਆ ਸੀ। ਉਨ੍ਹਾਂ ਨੇ ਸੱਤ
ਬਲਦ ਅਤੇ ਸੱਤ ਭੇਡੂ ਬਲੀ ਚੜ੍ਹਾਏ। 27ਉਹ ਸਾਰੇ ਲੇਵੀ ਜਿਨ੍ਹਾਂ ਨੇ
ਨੇਮ ਦੇ ਸੰਦੂਕ ਨੂੰ ਚੁੱਕਿਆ ਹੋਇਆ ਸੀ, ਉਨ੍ਹਾਂ ਨੇ ਮਹੀਨ ਕਤਾਨ ਦੇ
ਚੋਲੇ ਪਾਏ ਹੋਏ ਸਨ। ਕਨਨਯਾਹ, ਸੰਗੀਤ ਦੇ ਇੰਚਾਰਜਾਂ ਨੇ, ਅਤੇ
ਹੋਰ ਸਾਰੇ ਸੰਗੀਤਕਾਰਾਂ ਨੇ ਵੀ ਮਹੀਨ ਕਤਾਨ ਦੇ ਚੋਲੇ ਪਏ ਹੋਏ
ਸਨ। ਦਾਊਦ ਨੇ ਇੱਕ ਚੋਲਾ ਅਤੇ ਇੱਕ ਮਹੀਨ ਕਤਾਨ ਦਾ ਏਫੋਦ
ਵੀ ਪਾਇਆ ਹੋਇਆ ਸੀ।

28ਇਉਂ ਸਾਰੇ ਇਸਰਾਏਲੀ ਪੁਕਾਰਦਿਆਂ ਅਰ ਤੁਰ੍ਹੀਆਂ ਅਰ
ਨਰਸਿੰਗੇ ਫੂਕਦੇ ਫੂਕਦੇ ਅਰ ਮਜੀਰਿਆਂ ਅਰ ਸਿਤਾਰਾਂ ਅਰ ਬੀਨਾਂ
ਨੂੰ ਉੱਚੀ ਅਵਾਜ਼ ਨਾਲ ਵਜਾਉਂਦਿਆਂ ਹੋਇਆਂ ਯਹੋਵਾਹ ਦੇ ਨੇਮ ਦੇ
ਸੰਦੂਕ ਨੂੰ ਚੁੱਕ ਲਿਆਏ।

29ਜਦੋਂ ਨੇਮ ਦਾ ਸੰਦੂਕ ਦਾਊਦ ਦੇ ਸ਼ਹਿਰ ਪਹੁੰਚਿਆ ਤਾਂ ਸ਼ਾਊਲ
ਦੀ ਧੀ ਮੀਕਲ ਨੇ ਖਿੜਕੀ ਵਿੱਚੋਂ ਬਾਹਰ ਵੇਖਿਆ। ਜਦੋਂ ਉਸ ਨੇ
ਵੇਖਿਆ ਕਿ ਰਾਜਾ ਦਾਊਦ ਨੱਚਦਾ ਕੁੱਦਦਾ ਹੈ ਤਾਂ ਉਸ ਨੇ ਆਪਣੇ
ਮਨ ਵਿੱਚ ਉਸ ਨੂੰ ਤੁਛ ਜਾਣਿਆ।

16 1ਲੇਵੀਆਂ ਨੇ ਨੇਮ ਦੇ ਸੰਦੂਕ ਨੂੰ ਲਿਆ ਕੇ ਡੇਰੇ ਦੇ
ਅੰਦਰ ਰੱਖਿਆ, ਜਿਹੜਾ ਕਿ ਦਾਊਦ ਨੇ ਸੰਦੂਕ ਰੱਖਣ
ਲਈ ਬਣਾਇਆ ਸੀ। ਉਪਰੰਤ ਉਨ੍ਹਾਂ ਨੇ ਹੋਮ ਦੀਆਂ ਭੇਟਾਂ ਅਤੇ
ਸੁੱਖ ਸਾਂਦ ਦੀਆਂ ਭੇਟਾਂ ਪਰਮੇਸ਼ੁਰ ਅੱਗੇ ਚੜ੍ਹਾਈਆਂ। 2ਜਦੋਂ
ਦਾਊਦ ਹੋਮ ਦੀਆਂ ਭੇਟਾਂ ਅਤੇ ਸੁੱਖ ਸਾਂਦ ਦੀਆਂ ਭੇਟਾਂ ਚੜ੍ਹਾ
ਚੁੱਕਿਆ ਤਾਂ ਉਸ ਨੇ ਯਹੋਵਾਹ ਦਾ ਨਾਂ ਲੈ ਕੇ ਲੋਕਾਂ ਨੂੰ ਅਸੀਸਾਂ
ਦਿੱਤੀਆਂ। 3ਇਸਤੋਂ ਬਾਦ ਉਸ ਨੇ ਸਾਰੇ ਇਸਰਾਏਲੀਆਂ ਨੂੰ ਜਿਨ੍ਹਾਂ
ਵਿੱਚ ਔਰਤ-ਮਰਦ ਸਭ ਮੌਜੂਦ ਸਨ ਰੋਟੀ, ਖਜ਼ੂਰਾਂ ਅਤੇ ਕਿਸ਼ਮਿਸ਼
ਵੰਡੀ।

4ਫ਼ਿਰ ਦਾਊਦ ਨੇ ਲੇਵੀਆਂ ਵਿੱਚੋਂ ਕੁਝ ਲੋਕਾਂ ਨੂੰ ਪਰਮੇਸ਼ੁਰ ਦੇ
ਨੇਮ ਦੇ ਸੰਦੂਕ ਅੱਗੇ ਸੇਵਾ ਕਰਨ ਲਈ ਚੁਣਿਆ। ਉਨ੍ਹਾਂ ਦਾ ਕੰਮ
ਯਹੋਵਾਹ ਇਸਰਾਏਲ ਦੇ ਪਰਮੇਸ਼ੁਰ ਦਾ ਧੰਨਵਾਦ ਕਰਨਾ ਅਤੇ ਉਸ
ਦੀਆਂ ਉਸਤਤਾਂ ਗਾਉਣਾ ਸੀ। 5ਆਸਾਫ਼ ਲੇਵੀਆਂ ਦੇ ਪਹਿਲੇ ਦਲ
ਦਾ ਆਗੂ ਸੀ ਅਤੇ ਉਸ ਦੀ ਟੋਲੀ ਦਾ ਕੰਮ ਛੈਣੇ ਵਜਾਉਣਾ ਸੀ।
ਜ਼ਕਰਯਾਹ ਦੂਜੇ ਦਲ ਦਾ ਆਗੂ ਸੀ। ਦੂਜੇ ਲੇਵੀ ਜੋ ਉਨ੍ਹਾਂ ’ਚ ਸਨ
ਉਨ੍ਹਾਂ ਦੇ ਨਾਓਂ: ਯਈਏਲ, ਸ਼ਮੀਰਾਮੋਥ, ਯਿਹੀਏਲ, ਮੱਤਿਥਯਾਹ,
ਅਲੀਆਬ, ਬਨਾਯਾਹ, ਓਬੇਦ-ਅਦੋਮ ਅਤੇ ਯਿਈਏਲ ਸਨ। ਇਹ
ਮਨੁੱਖ ਸਿਤਾਰ ਤੇ ਸਾਰੰਗੀਆਂ ਵਜਾਉਂਦੇ ਸਨ। 6ਬਨਾਯਾਹ ਅਤੇ
ਯਹਜ਼ੀਏਲ ਜਾਜਕ ਸਨ ਜੋ ਕਿ ਹਮੇਸ਼ਾ ਪਰਮੇਸ਼ੁਰ ਦੇ ਨੇਮ ਦੇ ਸੰਦੂਕ
ਅੱਗੇ ਤੁਰ੍ਹੀਆਂ ਵਜਾਉਂਦੇ ਸਨ। 7ਇਹ ਉਸ ਵਕਤ ਦੀ ਗੱਲ ਹੈ ਜਦੋਂ
ਦਾਊਦ ਨੇ ਆਸਾਫ਼ ਅਤੇ ਉਸ ਦੇ ਭਰਾਵਾਂ ਦੇ ਹੱਥ ਵਿੱਚ ਯਹੋਵਾਹ
ਦੀ ਉਸਤਤ ਦਾ ਗਾਨ ਕਰਨ ਦਾ ਕਾਰਜ ਸੌਂਪਿਆ।

## ਦਾਊਦ ਦਾ ਧੰਨਵਾਦ ਦਾ ਗੀਤ

8 ਯਹੋਵਾਹ ਦੀ ਉਸਤਤ ਕਰੋ ਉਸ ਦੇ ਨਾਮ ਦੀ ਜੈਕਾਰ ਕਰੋ
ਕੌਮਾਂ ਵਿੱਚ ਉਸ ਦੇ ਕਾਰਜਾਂ ਦਾ ਯਸ਼ਗਾਨ ਕਰੋ।
9 ਯਹੋਵਾਹ ਦਾ ਗੁਣਗਾਣ ਕਰੋ ਉਸ ਦੀ ਮਹਿਮਾ ਦਾ ਗਾਣ
ਕਰੋ ਕੌਮਾਂ ਵਿੱਚ ਉਸ ਦੀਆਂ ਕਰਾਮਾਤਾਂ ਦਾ ਯਸ਼ਗਾਨ
ਕਰੋ।
10 ਯਹੋਵਾਹ ਦੇ ਪਵਿੱਤਰ ਨਾਂ ਤੇ ਫ਼ਖਰ ਕਰੋ, ਤੁਸੀਂ ਸਾਰੇ ਲੋਕ
ਜੋ ਉਸ ਕੋਲ ਆਉਂਦੇ ਹੋ-ਖੁਸ਼ ਹੋਵੋ।
11 ਬਲਸ਼ਾਲੀ ਯਹੋਵਾਹ ਵੱਲ ਵੇਖੋ, ਮਦਦ ਲਈ ਸਦਾ ਉਸ
ਦਾ ਦਾਮਨ ਪਕੜੋ।
12 ਹਮੇਸ਼ਾ ਉਸ ਦੇ ਕਰਿਸ਼ਮਿਆਂ ਨੂੰ, ਉਸ ਦੇ ਫ਼ੈਸਲਿਆਂ ਅਤੇ
ਉਸ ਦੀਆਂ ਕੀਤੀਆਂ ਸ਼ਕਤੀਸ਼ਾਲੀ ਗੱਲਾਂ ਨੂੰ ਯਾਦ ਰੱਖੋ।
13 ਇਸਰਾਏਲ ਦੇ ਲੋਕ ਯਹੋਵਾਹ ਦੇ ਸੇਵਕ ਹਨ। ਯਾਕੂਬ ਦੇ
ਵੰਸ਼ ਯਹੋਵਾਹ ਦੇ ਚੁਣੇ ਹੋਏ ਲੋਕ ਹਨ।
14 ਯਹੋਵਾਹ ਸਾਡਾ ਪਰਮੇਸ਼ੁਰ ਹੈ ਅਤੇ ਉਸ ਦੀ ਸ਼ਕਤੀ ਹਰ
ਪਾਸੇ ਹੈ।
15 ਉਸ ਦੇ ਨੇਮ ਨੂੰ ਸਦਾ ਚੇਤੇ ਰੱਖੋ, ਉਸ ਬਚਨ ਨੂੰ ਜਿਸ ਦਾ
ਉਸ ਨੇ ਹਜ਼ਾਰਾਂ ਪੀੜ੍ਹੀਆਂ ਲਈ ਹੁਕਮ ਦਿੱਤਾ।
16 ਉਸ ਨੇਮ ਨੂੰ ਚੇਤੇ ਰੱਖੋ ਜਿਹੜਾ ਯਹੋਵਾਹ ਨੇ ਅਬਰਾਹਾਮ
ਨਾਲ ਬੰਨ੍ਹਿਆ। ਚੇਤੇ ਰੱਖੋ ਇਸਹਾਕ ਨਾਲ ਉਸ ਜੋ ਸੌਂਹ
ਖਾਧੀ।
17 ਯਹੋਵਾਹ ਨੇ ਇਸ ਨੂੰ ਯਾਕੂਬ ਲਈ ਇੱਕ ਸ਼ਰ੍ਹਾ ਬਣਾ
ਦਿੱਤੀ ਅਤੇ ਇਹ ਇਸਰਾਏਲ ਨਾਲ ਇੱਕ ਇਕਰਾਰਨਾਮਾ
ਹੈ। ਜੋ ਹਮੇਸ਼ਾ ਲਈ ਜਾਰੀ ਰਹੇਗਾ
18 ਯਹੋਵਾਹ ਨੇ ਇਸਰਾਏਲ ਨੂੰ ਕਿਹਾ, “ਮੈਂ ਕਨਾਨ ਦਾ ਦੇਸ
ਤੈਨੂੰ ਦੇਵਾਂਗਾ, ਉਹ ਤੁਹਾਡੇ ਵਿਰਸੇ ਦੀ ਜ਼ਮੀਨ ਹੋਵੇਗੀ।”
19 ਉੱਥੇ ਗਿਣਤੀ ਵਿੱਚ ਥੋੜੇ ਕੁ ਮਨੁੱਖ ਸਨ ਪਰਦੇਸ ਵਿੱਚ
ਸਿਰਫ਼ ਕੁਝ ਅਜਨਬੀ।
20 ਉਹ ਇੱਕ ਕੌਮ ਤੋਂ ਦੂਜੀ ਕੌਮ, ਇੱਕ ਰਾਜ ਤੋਂ ਦੂਜੇ ਰਾਜ
ਤੀਕ ਗਏ।
21 ਯਹੋਵਾਹ ਨੇ ਕਿਸੇ ਨੂੰ ਵੀ ਉਨ੍ਹਾਂ ਨੂੰ ਨੁਕਸਾਨ ਨਾ ਪਹੁੰਚਾਣ

ਦਿੱਤਾ। ਉਸ ਨੇ ਰਾਜਿਆਂ ਨੂੰ ਉਨ੍ਹਾਂ ਨੂੰ ਨੁਕਸਾਨ ਨਾ
ਪਹੁੰਚਾਣ ਦੀ ਚੇਤਾਵਨੀ ਦਿੱਤੀ।
22 ਸਗੋਂ ਯਹੋਵਾਹ ਨੇ ਉਨ੍ਹਾਂ ਰਾਜਿਆਂ ਨੂੰ ਕਿਹਾ, "ਮੇਰੇ ਮਸਹ
ਕੀਤਿਆਂ ਨੂੰ ਦੁੱਖ ਨਾ ਦੇਵੋ ਨਾ ਹੀ ਮੇਰੇ ਨਬੀਆਂ ਦਾ ਜੀਅ
ਦੁਖਾਓ।"
23 ਸਾਰੇ ਲੋਕੋ: ਯਹੋਵਾਹ ਦੀ ਉਸਤਤ ਕਰੋ, ਯਹੋਵਾਹ ਦੀ ਸਾਨੂੰ
ਬਚਾਉਣ ਦੀ ਖੁਸ਼ਖਬਰੀ ਨੂੰ ਹਰ ਰੋਜ਼ ਦੱਸੋ।
24 ਹੋਰਨਾਂ ਕੌਮਾਂ ਦੇ ਲੋਕਾਂ ਨੂੰ ਯਹੋਵਾਹ ਦੀ ਮਹਿਮਾ ਬਾਰੇ ਦੱਸੋ।
ਸਾਰੀਆਂ ਕੌਮਾਂ ਨੂੰ ਉਸ ਦੇ ਕਰਿਸ਼ਮਿਆਂ ਬਾਰੇ ਦੱਸੋ।
25 ਯਹੋਵਾਹ ਮਹਾਨ ਹੈ, ਉਸ ਦੀ ਉਸਤਤ ਲਾਜ਼ਮੀ ਹੈ!
ਯਹੋਵਾਹ ਬਾਕੀ ਸਾਰੇ ਦੇਵਤਿਆਂ ਤੋਂ ਵਧੀਕ ਭੈ ਦਾਇਕ
ਹੈ।
26 ਕਿਉਂਕਿ ਬਾਕੀ ਸਾਰੀਆਂ ਕੌਮਾਂ ਦੇ ਬਾਕੀ ਸਾਰੇ ਦੇਵਤੇ
ਕੇਵਲ ਪੱਥਰ ਦੇ ਬੁੱਤ ਹਨ, ਪਰ ਯਹੋਵਾਹ ਆਕਾਸ਼ਾਂ ਦਾ
ਕਰਤਾ ਹੈ।
27 ਪਰਤਾਪ ਅਤੇ ਸ਼ਾਨ ਉਸ ਦੇ ਅੱਗੇ ਹਨ। ਤਾਕਤ ਤੇ
ਪ੍ਰਸੰਨਤਾ ਉਸ ਦੀ ਰਿਹਾਇਸ ਦੀ ਥਾਂ ਵਿੱਚ ਕਾਇਮ ਹਨ।
28 ਹਰ ਕੌਮ ਦੇ ਸਾਰੇ ਲੋਕੋ, ਯਹੋਵਾਹ ਦੇ ਪਰਤਾਪ ਅਤੇ ਉਸ
ਦੀ ਸਮਰੱਥਾ ਦੀ ਉਸਤਤ ਕਰੋ।
29 ਯਹੋਵਾਹ ਦੇ ਪਰਤਾਪ ਦੀ ਉਸਤਤ ਕਰੋ, ਉਸ ਦੇ ਨਾਂ
ਨੂੰ ਆਦਰ ਦਰਸਾਵੋ। ਆਪਣੇ ਚੜ੍ਹਾਵੇ ਯਹੋਵਾਹ ਕੋਲ
ਲਿਆਵੋ ਅਤੇ ਉਸ ਦੀ ਪਵਿੱਤਰ ਸੁੰਦਰਤਾ ਦੀ ਉਪਾਸਨਾ
ਕਰੋ।
30 ਸਾਰੀ ਦੁਨੀਆ ਨੂੰ ਯਹੋਵਾਹ ਦੇ ਅੱਗੇ ਭੈ ਨਾਲ ਕੰਬਣਾ
ਚਾਹੀਦਾ ਹੈ! ਉਸ ਨੇ ਧਰਤੀ ਨੂੰ ਦ੍ਰਿੜ ਬਣਾਇਆ, ਤਾਂ ਜੋ
ਦੁਨੀਆ ਹਿੱਲੇ ਨਾ।
31 ਸਾਰੀ ਧਰਤੀ ਅਤੇ ਆਕਾਸ਼ ਖੁਸ਼ ਹੋਣ, ਅਤੇ ਹਰ ਜਗ੍ਹਾ
ਲੋਕ ਇਹ ਆਖਣ, "ਯਹੋਵਾਹ ਹੀ ਇਕੱਲਾ ਪਾਤਸ਼ਾਹ
ਹੈ।"
32 ਸਮੁੰਦਰ ਅਤੇ ਉਸ ਅੰਦਰ ਵੱਸਦੀ ਸ੍ਰਿਸ਼ਟੀ ਗਰਜੇ ਖੇਤ
ਅਤੇ ਸਾਰੀ ਵਨਸਪਤੀ ਮੌਲਦੀ ਆਪਣੀ ਖੁਸ਼ੀ ਪ੍ਰਗਟਾਵੇ।
33 ਜੰਗਲਾਂ ਦੇ ਸਾਰੇ ਦਰੱਖਤ ਯਹੋਵਾਹ ਦੇ ਅੱਗੇ ਗਾਉਣਗੇ,
ਕਿਉਂਕਿ ਯਹੋਵਾਹ ਦੁਨੀਆ ਦਾ ਨਿਆਂ ਕਰਨ ਲਈ ਆ
ਰਿਹਾ ਹੈ।
34 ਯਹੋਵਾਹ ਦਾ ਧੰਨਵਾਦ ਕਰੋ ਕਿਉਂਕਿ ਉਹ ਭਲਾ ਹੈ। ਉਸ
ਦਾ ਪਿਆਰ ਸਦਾ ਲਈ ਸਥਿਰ ਹੈ।
35 ਯਹੋਵਾਹ ਨੂੰ ਕਹੋ, "ਹੇ ਸਾਡੀ ਮੁਕਤੀ ਦੇ ਪਰਮੇਸ਼ੁਰ ਸਾਨੂੰ
ਬਚਾ ਸਾਨੂੰ ਇਕੱਠਿਆਂ ਕਰ ਅਤੇ ਸਾਨੂੰ ਦੂਜੀਆਂ ਕੌਮਾਂ
ਤੋਂ ਬਚਾ ਤਾਂ ਜੋ ਅਸੀਂ ਤੇਰੇ ਪਾਕ ਨਾਂ ਦਾ ਗੁਣਗਾਣ ਕਰ
ਸੱਕੀਏ ਫਿਰ ਅਸੀਂ ਤੇਰੀ ਮਹਿਮਾ ਦਾ ਗੁਣਗਾਣ ਕਰ
ਸੱਕੀਏ।"
36 ਇਸਰਾਏਲ ਦੇ ਯਹੋਵਾਹ ਪਰਮੇਸ਼ੁਰ ਦੀ ਉਸਤਤ ਹਮੇਸ਼ਾ
ਲਈ ਹੋਵੇ, ਜਿਵੇਂ ਕਿ ਹਮੇਸ਼ਾ ਹੀ ਉਸ ਦੀ ਉਸਤਤ ਹੋਈ
ਹੈ!

ਸਭ ਲੋਕਾਂ ਨੇ ਯਹੋਵਾਹ ਨੂੰ ਉਸਤਤਾਂ ਗਾਈਆਂ ਅਤੇ ਆਖਿਆ,
"ਆਮੀਨ।"

37 ਫ਼ਿਰ ਦਾਊਦ ਨੇ ਆਸਾਫ਼ ਅਤੇ ਉਸ ਦੇ ਭਰਾਵਾਂ ਨੂੰ ਨੇਮ ਦੇ
ਸੰਦੂਕ ਕੋਲ ਛੱਡ ਦਿੱਤਾ ਤਾਂ ਜੋ ਉਹ ਹਰ ਰੋਜ਼ ਉਸ ਦੇ ਸਾਹਮਣੇ ਸੇਵਾ
ਕਰ ਸਕਣ। 38 ਦਾਊਦ ਨੇ ਆਸਾਫ਼ ਅਤੇ ਉਸ ਦੇ ਭਰਾਵਾਂ ਨਾਲ 68
ਹੋਰ ਲੇਵੀਆਂ ਨੂੰ ਵੀ ਉਨ੍ਹਾਂ ਨਾਲ ਸੇਵਾ ਸੰਭਾਲ ਕਰਨ ਲਈ ਰਹਿਣ
ਦਿੱਤਾ। ਓਬੇਦ-ਅਦੋਮ ਯਦੀਥੂਨ ਦਾ ਪੁੱਤਰ ਅਤੇ ਹੋਸਾਹ ਨੂੰ ਦਰਬਾਨ
ਦੇ ਕਾਰਜ ਲਈ ਉੱਥੇ ਰਹਿਣ ਦਿੱਤਾ।
39 ਦਾਊਦ ਨੇ ਸਾਦੋਕ ਜਾਜਕ ਅਤੇ ਉਸ ਦੇ ਭਰਾਵਾਂ ਜਾਜਕਾਂ ਨੂੰ
ਉੱਥੇ ਰਹਿਣ ਦਿੱਤਾ ਜਿਹੜੇ ਗਿਬਓਨ ਦੇ ਉੱਚੇ ਥਾਂ ਤੇ ਯਹੋਵਾਹ ਦੇ
ਤੰਬੂ ਦੇ ਸਾਹਮਣੇ ਉਸ ਦੀ ਸੇਵਾ ਕਰਦੇ ਸਨ। 40 ਹਰ ਸਵੇਰ ਅਤੇ
ਸ਼ਾਮ, ਸਾਦੋਕ ਅਤੇ ਬਾਕੀ ਦੇ ਜਾਜਕ ਹੋਮ ਦੀਆਂ ਭੇਟਾਂ ਦੀ ਜਗਵੇਦੀ
ਤੇ ਹੋਮ ਦੀਆਂ ਭੇਟਾਂ ਚੜ੍ਹਾਉਂਦੇ ਸਨ। ਉਹ ਇਹ ਸਭ ਯਹੋਵਾਹ
ਦੀਆਂ ਬਿਧੀਆਂ ਮੁਤਾਬਕ ਕਰਦੇ ਸਨ ਜੋ ਯਹੋਵਾਹ ਨੇ ਇਸਰਾਏਲ
ਨੂੰ ਦਿੱਤੀਆਂ ਸਨ, ਅਤੇ ਜੋ ਬਿਵਸਥਾ ਦੀ ਪੋਥੀ ਵਿੱਚ ਲਿਖੀਆਂ
ਸਨ। 41 ਹੇਮਾਨ, ਯਦੂਥੂਨ ਅਤੇ ਹੋਰ ਦੂਜੇ ਲੇਵੀਆਂ ਨੂੰ ਉਨ੍ਹਾਂ ਦੇ
ਨਾਲ ਨਾਮਾਂ ਦੁਆਰਾ ਚੁਣਿਆ ਗਿਆ ਸੀ ਤਾਂ ਜੋ ਉਹ ਯਹੋਵਾਹ ਨੂੰ
ਉਸਤਤ ਗਾਉਣ, ਕਿਉਂਕਿ ਉਸ ਦਾ ਪਿਆਰ ਸਦਾ ਲਈ ਸਥਿਰ
ਹੈ। 42 ਹੇਮਾਨ ਅਤੇ ਯਦੂਥੂਨ ਉਨ੍ਹਾਂ ਦੇ ਸੰਗ ਸਨ। ਉਨ੍ਹਾਂ ਦਾ ਕੰਮ
ਤੁਰ੍ਹੀਆਂ ਅਤੇ ਸਾਰੰਗੀਆਂ ਵਜਾਉਣਾ ਸੀ। ਇਸ ਦੇ ਇਲਾਵਾ ਉਹ
ਹੋਰ ਵੀ ਸਾਜ਼ ਵਜਾਉਂਦੇ। ਜਦੋਂ ਪਰਮੇਸ਼ੁਰ ਦਾ ਗੁਣਗਾਣ ਹੁੰਦਾ ਤਾਂ
ਉਹ ਕਈ ਤਰ੍ਹਾਂ ਦੇ ਸੰਗੀਤਕ ਸਾਜ਼ ਵਜਾਉਂਦੇ। ਯਦੂਥੂਨ ਦੇ ਪੁੱਤਰ
ਫ਼ਾਟਕਾਂ ਦੀ ਰਖਵਾਲੀ ਕਰਦੇ।
43 ਇਸ ਜਸ਼ਨ ਉਪਰੰਤ ਸਭ ਲੋਕ ਆਪੋ-ਆਪਣੇ ਘਰਾਂ ਨੂੰ ਮੁੜ
ਪਏ। ਦਾਊਦ ਵੀ ਆਪਣੇ ਪਰਿਵਾਰ ਨੂੰ ਅਸੀਸ ਦੇਣ ਲਈ ਘਰ
ਨੂੰ ਪਰਤਿਆ।

## ਪਰਮੇਸ਼ੁਰ ਦਾ ਦਾਊਦ ਨੂੰ ਇਕਰਾਰ

**17** 1 ਜਦੋਂ ਦਾਊਦ ਆਪਣੇ ਮਹਿਲ ਨੂੰ ਪਰਤਿਆ ਤਾਂ ਉਸ ਨੇ
ਨਾਥਾਨ ਨਬੀ ਨੂੰ ਆਖਿਆ, "ਵੇਖ! ਮੈਂ ਤਾਂ ਦਿਆਰ ਦੀ
ਲੱਕੜ ਦੇ ਬਣੇ ਹੋਏ ਮਹਿਲ ਵਿੱਚ ਰਹਿੰਦਾ ਹਾਂ, ਪਰ ਨੇਮ ਦਾ ਸੰਦੂਕ
ਕੇਵਲ ਤੰਬੂ ਹੇਠ ਪਿਆ ਹੈ। ਇਸ ਲਈ ਮੈਂ ਪਰਮੇਸ਼ੁਰ ਲਈ ਇੱਕ
ਮੰਦਰ ਬਣਾਉਣਾ ਚਾਹੁੰਦਾ ਹਾਂ।"
2 ਨਾਥਾਨ ਨੇ ਦਾਊਦ ਨੂੰ ਕਿਹਾ, "ਤੂੰ ਜੋ ਤੇਰੇ ਜੀਅ ਆਏ ਸੋ ਕਰ
ਕਿਉਂਕਿ ਪਰਮੇਸ਼ੁਰ ਤੇਰੇ ਅੰਗ-ਸੰਗ ਹੈ।"
3 ਪਰ ਉਸ ਰਾਤ ਨਾਥਾਨ ਨੂੰ ਪਰਮੇਸ਼ੁਰ ਦੀ ਬਾਣੀ ਹੋਈ।
4 ਪਰਮੇਸ਼ੁਰ ਨੇ ਆਖਿਆ,

"ਜਾਹ! ਅਤੇ ਜਾ ਕੇ ਮੇਰੇ ਸੇਵਕ ਨੂੰ ਇਹ ਗੱਲਾਂ ਦੱਸ:
ਯਹੋਵਾਹ ਆਖਦਾ ਹੈ, 'ਦਾਊਦ, ਤੂੰ ਮੇਰੇ ਰਹਿਣ ਲਈ
ਕੋਈ ਸਥਾਨ ਬਣਾਉਣ ਵਾਲਾ ਵਿਅਕਤੀ ਨਹੀਂ ਹੈਂ।
5-6 ਕਿਉਂਕਿ ਮੈਂ ਜਦੋਂ ਦਾ ਇਸਰਾਏਲੀਆਂ ਨੂੰ ਮਿਸਰ ਵਿੱਚੋਂ
ਕੱਢ ਕੇ ਲਿਆਇਆ ਹਾਂ, ਉਦੋਂ ਦਾ ਮੈਂ ਕਿਸੇ ਭਵਨ ਵਿੱਚ
ਨਿਵਾਸ ਨਹੀਂ ਕੀਤਾ। ਪਰ ਮੈਂ ਤੰਬੂ ਤੋਂ ਤੰਬੂ ਅਤੇ ਡੇਰਰੇ
ਤੋਂ ਡੇਰਰੇ ਵਿੱਚ ਫਿਰਦਾ ਰਿਹਾ ਹਾਂ। ਮੈਂ ਕੁਝ ਇਸਰਾਏਲੀ
ਆਗੂਆਂ ਨੂੰ ਮੇਰੇ ਲੋਕਾਂ ਦੇ ਆਜੜੀ ਹੋਣ ਲਈ ਚੁਣਿਆ
ਹੈ ਜਦੋਂ ਮੈਂ ਇਸਰਾਏਲ ਵਿੱਚ ਵੱਖ-ਵੱਖ ਥਾਵਾਂ ਤੇ ਜਾ ਰਿਹਾ
ਸੀ, ਮੈਂ ਉਨ੍ਹਾਂ ਵਿੱਚੋਂ ਕਿਸੇ ਵੀ ਆਗੂ ਨੂੰ ਨਹੀਂ ਆਖਿਆ
ਭਈ ਤੂੰ ਮੇਰੇ ਲਈ ਦਿਆਰ ਦਾ ਭਵਨ ਕਿਉਂ ਨਹੀਂ
ਬਣਾਇਆ?'

[7]“ਹੁਣ, ਮੇਰੇ ਸੇਵਕ ਦਾਊਦ ਨੂੰ ਜਾ ਕੇ ਆਖ: ਸਰਬ
ਸ਼ਕਤੀਮਾਨ ਯਹੋਵਾਹ ਦਾ ਕਹਿਣਾ ਹੈ, ‘ਮੈਂ ਤੈਨੂੰ ਚਰਾਂਦਾ
ਵਿੱਚੋਂ ਜਿੱਥੇ ਤੂੰ ਭੇਡਾਂ ਚਰਾਉਂਦਾ ਹੁੰਦਾ ਸੀ, ਕੱਢ ਕੇ ਲਿਆਂਦਾ
ਅਤੇ ਮੈਂ ਤੈਨੂੰ ਆਪਣੀ ਪਰਜਾ ਇਸਰਾਏਲ ਦਾ ਪਾਤਸ਼ਾਹ
ਥਾਪਿਆ। [8]ਹਰ ਥਾਵੇਂ ਮੈਂ ਤੇਰੇ ਅੰਗ-ਸੰਗ ਰਿਹਾ। ਮੈਂ
ਤੇਰੇ ਡੇਰੇ ਤੋਂ ਅਗਾਂਹ ਜਾ ਕੇ ਤੇਰੇ ਵੈਰੀਆਂ ਨੂੰ ਮਾਰਿਆ।
ਹੁਣ ਮੈਂ ਤੈਨੂੰ ਦੁਨੀਆ ਦੇ ਪ੍ਰਸਿੱਧ ਆਦਮੀਆਂ ਵਿੱਚੋਂ ਇੱਕ
ਬਣਾਵਾਂਗਾ। [9]ਇਸ ਲਈ ਮੈਂ ਇਹ ਜਗ੍ਹਾ ਆਪਣੇ ਲੋਕਾਂ,
ਇਸਰਾਏਲੀਆਂ ਲਈ ਦੇ ਰਿਹਾ ਹਾਂ, ਤਾਂ ਜੋ ਉਹ ਇੱਥੇ ਰੁੱਖ
ਉਗਾਉਣ ਅਤੇ ਉਨ੍ਹਾਂ ਰੁੱਖਾਂ ਹੇਠਾਂ ਸ਼ਾਂਤੀ ਨਾਲ ਬੈਠ ਸਕਣ।
ਉਨ੍ਹਾਂ ਨੂੰ ਹੋਰ ਤੰਗ ਨਹੀਂ ਕੀਤਾ ਜਾਵੇਗਾ। ਬਦ ਲੋਕ ਉਨ੍ਹਾਂ
ਨੂੰ ਕਸ਼ਟ ਨਹੀਂ ਦੇਣਗੇ ਜਿਵੇਂ ਉਨ੍ਹਾਂ ਨੇ ਪਹਿਲਾਂ ਕੀਤਾ ਸੀ।
[10]ਉਹ ਬੁਰੀਆਂ ਗੱਲਾਂ ਵਾਪਰੀਆਂ ਪਰ ਮੈਂ ਆਪਣੇ ਲੋਕਾਂ,
ਇਸਰਾਏਲੀਆਂ ਤੇ ਹੋਣ ਲਈ ਆਗੂਆਂ ਨੂੰ ਚੁਣਿਆ ਅਤੇ
ਮੈਂ ਤੇਰੇ ਸਾਰੇ ਵੈਰੀਆਂ ਨੂੰ ਹਰਾਵਾਂਗਾ।

“ ‘ਮੈਂ ਤੈਨੂੰ ਦੱਸਦਾ ਹਾਂ ਕਿ ਯਹੋਵਾਹ ਤੇਰੇ ਲਈ ਇੱਕ
ਭਵਨ ਬਣਾਵੇਗਾ।[a] [11]ਜਦ ਤੂੰ ਮਰ ਜਾਵੇਂਗਾ ਅਤੇ ਮਰ ਕੇ
ਆਪਣੇ ਪੁਰਖਿਆਂ ਨਾਲ ਮਿਲ ਜਾਵੇਂਗਾ ਤਦ ਮੈਂ ਤੇਰੇ ਬਾਦ
ਤੇਰੇ ਪੁੱਤਰ ਨੂੰ ਨਵਾਂ ਪਾਤਸ਼ਾਹ ਬਣਾਵਾਂਗਾ। ਇਹ ਨਵਾਂ
ਪਾਤਸ਼ਾਹ ਤੇਰੇ ਆਪਣੇ ਪੁੱਤਰਾਂ ਵਿੱਚੋਂ ਇੱਕ ਹੋਵੇਗਾ। ਅਤੇ
ਮੈਂ ਉਸ ਦਾ ਰਾਜ ਮਜ਼ਬੂਤ ਬਣਾਵਾਂਗਾ। [12]ਤੇਰਾ ਪੁੱਤਰ ਮੇਰੇ
ਲਈ ਭਵਨ ਦਾ ਨਿਰਮਾਣ ਕਰੇਗਾ ਅਤੇ ਮੈਂ ਤੇਰੇ ਪੁੱਤਰ ਦੀ
ਗੱਦੀ ਸਦੀਵ ਤੀਕ ਅਚੱਲ ਰੱਖਾਂਗਾ। [13]ਮੈਂ ਉਸ ਦਾ ਪਿਤਾ
ਹੋਵਾਂਗਾ, ਤੇ ਉਹ ਮੇਰਾ ਪੁੱਤਰ ਹੋਵੇਗਾ। ਤੇਰੇ ਤੋਂ ਪਹਿਲਾਂ,
ਇੱਥੋਂ ਦਾ ਪਾਤਸ਼ਾਹ ਸ਼ਾਊਲ ਸੀ, ਅਤੇ ਮੈਂ ਆਪਣਾ ਪਿਆਰ
ਅਤੇ ਆਪਣੀ ਮਿਹਰ ਉਸ ਤੋਂ ਹਟਾ ਲਈ, ਪਰ ਮੈਂ ਤੇਰੇ
ਪੁੱਤਰ ਨੂੰ ਸਦੀਵ ਪਿਆਰ ਕਰਾਂਗਾ। [14]ਉਸ ਨੂੰ ਮੈਂ ਆਪਣੇ
ਭਵਨ ਵਿੱਚ ਅਤੇ ਆਪਣੇ ਰਾਜ ਵਿੱਚ ਸਦਾ ਲਈ ਮੁਖੀਆਂ
ਰੱਖਾਂਗਾ ਅਤੇ ਉਸ ਦਾ ਰਾਜ ਹਮੇਸ਼ਾ-ਹਮੇਸ਼ਾ ਲਈ ਅਚੱਲ
ਰਹੇਗਾ।’ ”

[15]ਨਾਥਾਨ ਨੇ ਦਾਊਦ ਨੂੰ ਇਸ ਸਾਰੇ ਦਰਸ਼ਣ ਬਾਰੇ ਦੱਸਿਆ
ਅਤੇ ਉਨ੍ਹਾਂ ਸਾਰੀਆਂ ਗੱਲਾਂ ਬਾਰੇ ਵੀ ਦੱਸਿਆ ਜੋ ਪਰਮੇਸ਼ੁਰ ਨੇ
ਬਚਨ ਕੀਤੇ ਸਨ।

### ਦਾਊਦ ਦੀ ਪ੍ਰਾਰਥਨਾ

[16]ਤਦ ਦਾਊਦ ਪਾਤਸ਼ਾਹ ਪਵਿੱਤਰ ਤੰਬੂ ਨੂੰ ਗਿਆ ਅਤੇ ਯਹੋਵਾਹ
ਦੇ ਸਾਹਮਣੇ ਬੈਠ ਕੇ ਆਖਣ ਲੱਗਾ,

“ਹੇ ਯਹੋਵਾਹ ਪਰਮੇਸ਼ੁਰ! ਤੂੰ ਮੇਰੇ ਅਤੇ ਮੇਰੇ ਘਰਾਣੇ
ਤੇ ਅਪਾਰ ਰਹਿਮਤ ਕੀਤੀ ਹੈ। ਮੈਂ ਨਹੀਂ ਜਾਣਦਾ ਇਸ
ਨਾਚੀਜ਼ ਤੇ ਕਿਰਪਾ ਦਾ ਕਾਰਣ। [17]ਅਤੇ ਹੇ ਪਰਮੇਸ਼ੁਰ,
ਇਹ ਤਾਂ ਤੇਰੀ ਦ੍ਰਿਸ਼ਟ ਵਿੱਚ ਛੋਟੀ ਜਿਹੀ ਗੱਲ ਸੀ ਪਰ ਤੂੰ
ਮੈਨੂੰ ਮੇਰੇ ਪਰਿਵਾਰ ਦਾ ਭਵਿੱਖ ਦੱਸਿਆ, ਅਤੇ ਤੂੰ ਮੈਨੂੰ
ਇੰਝ ਵਿਖਾਇਆ ਜਿਵੇਂ ਕਿ ਮੈਂ ਸਾਰੇ ਆਦਮੀਆਂ ਤੋਂ ਵਧੇਰੇ
ਮਹੱਤਵਪੂਰਣ ਹੋਵਾਂ। [18]ਮੈਂ ਕੌਣ ਹਾਂ ਜੋ ਕੁਝ ਆਖਾਂ ਤੇ ਹੋਰ
ਇਸ ਤੋਂ ਵੱਧ ਮੈਂ ਕੀ ਆਖ ਸਕਦਾ ਹਾਂ? ਤੂੰ ਤਾਂ ਪਹਿਲਾਂ ਹੀ
ਮੇਰੇ ਤੇ ਅਪਾਰ ਦ੍ਰਿਸ਼ਟੀ ਕੀਤੀ ਹੈ ਤੇ ਤੂੰ ਜਾਣਦਾ ਹੈਂ ਕਿ ਮੈਂ
ਤਾਂ ਸਿਰਫ਼ ਤੇਰਾ ਸੇਵਕ ਹਾਂ! [19]ਹੇ ਯਹੋਵਾਹ, ਤੂੰ ਆਪਣੀ
ਇੱਛਾ ਅਨੁਸਾਰ ਮੇਰੀ ਖਾਤਰ ਇਹ ਅਚਰਜ ਕਾਰਜ
ਕੀਤਾ। ਤੂੰ ਮੈਨੂੰ ਇਨ੍ਹਾਂ ਸਾਰੀਆਂ ਮਹਾਨ ਗੱਲਾਂ ਦਾ ਪਤਾ
ਲਗਾਉਣ ਦੀ ਇੱਛਾ ਕੀਤੀ! [20]ਹੇ ਯਹੋਵਾਹ! ਤੈਥੋਂ ਸਿਵਾ
ਹੋਰ ਕੋਈ ਪਰਮੇਸ਼ੁਰ ਨਹੀਂ। ਅਸੀਂ ਹੋਰ ਕਿਸੇ ਵੀ ਦੇਵਤੇ
ਬਾਰੇ ਅਜਿਹੇ ਕਰਿਸ਼ਮੇ ਦਿਖਾਉਣ ਬਾਰੇ ਨਹੀਂ ਸੁਣਿਆ
ਜਿਵੇਂ ਤੂੰ ਕਰਦਾ ਹੈਂ! [21]ਕੀ ਦੁਨੀਆ ਵਿੱਚ ਕੋਈ ਅਜਿਹੀ
ਕੌਮ ਹੈ ਜਿਹੜੀ ਤੇਰੇ ਲੋਕਾਂ, ਇਸਰਾਏਲ ਦੇ ਤੁਲ ਹੋਵੇ।
ਨਹੀਂ! ਧਰਤੀ ਤੇ ਅਜਿਹੀ ਕੌਮ ਸਿਰਫ਼ ਇਸਰਾਏਲ ਹੀ ਹੈ
ਜਿਸ ਲਈ ਤੂੰ ਅਜਿਹੇ ਅਚਰਜ ਕੰਮ ਕੀਤੇ ਹਨ। ਤੂੰ ਸਾਨੂੰ
ਮਿਸਰ ਵਿੱਚੋਂ ਕੱਢ ਕੇ ਅਜਾਦ ਕੀਤਾ। ਤੂੰ ਆਪਣਾ ਨਾਉਂ
ਜੱਸ ਆਪੇ ਕੀਤਾ। ਤੂੰ ਆਪ ਹੀ ਆਪਣੇ ਲੋਕਾਂ ਦੇ ਸਾਹਮਣੇ
ਹੋਇਆ ਤੇ ਸਾਡੇ ਲਈ ਦੂਜੇ ਲੋਕਾਂ ਤੋਂ ਜ਼ਬਰਦਸਤੀ ਉਨ੍ਹਾਂ
ਦੀ ਭੂਮੀ ਹਥਿਆ ਕੇ ਸਾਨੂੰ ਦਿੱਤੀ! [22]ਤੂੰ ਇਸਰਾਏਲ ਨੂੰ
ਹਮੇਸ਼ਾ ਲਈ ਆਪਣੇ ਲੋਕ ਬਣਾਇਆ। ਅਤੇ ਹੇ ਯਹੋਵਾਹ
ਤੂੰ ਉਨ੍ਹਾਂ ਦਾ ਪਰਮੇਸ਼ੁਰ ਹੋ ਗਿਆ।

[23]“ਹੇ ਯਹੋਵਾਹ! ਜਿਹੜਾ ਬਚਨ ਤੂੰ ਆਪਣੇ ਸੇਵਕ
ਅਤੇ ਉਸ ਦੀ ਕੁਲ ਲਈ ਆਖਿਆ ਸੀ, ਉਹ ਹਮੇਸ਼ਾ
ਲਈ ਸਥਿਰ ਰਹੇ ਅਤੇ ਤੂੰ ਉਸ ਬਚਨ ਨੂੰ ਜਿਵੇਂ ਆਖਿਆ
ਸੀ ਪੂਰਾ ਕਰੇਂ! [24]ਤੂੰ ਆਪਣੇ ਇਕਰਾਰਾਂ ਨੂੰ ਪੂਰਾ ਕਰੀਂ
ਤਾਂ ਜੋ ਲੋਕ ਹਮੇਸ਼ਾ ਤੇਰੇ ਨਾਂ ਦੀ ਉਸਤਤ ਕਰਦੇ ਰਹਿਣ।
ਤਦ ਲੋਕ ਕਹਿਣਗੇ, ‘ਸਰਬ ਸ਼ਕਤੀਮਾਨ ਯਹੋਵਾਹ ਹੀ
ਇਸਰਾਏਲ ਦਾ ਪਰਮੇਸ਼ੁਰ ਹੈ।’ ਮੈਂ ਤੇਰਾ ਸੇਵਕ ਹਾਂ। ਹੇ
ਯਹੋਵਾਹ ਮੇਰੀ ਕੁਲ ਤੇ ਆਪਣੀ ਕਿਰਪਾ ਕਰ ਤਾਂ ਜੋ ਸਦੀਵ
ਤੇਰੀ ਸੇਵਾ ਕਰਦਾ ਰਹੇ।

[25]“ਹੇ ਮੇਰੇ ਪਰਮੇਸ਼ੁਰ, ਤੂੰ ਮੇਰੇ, ਆਪਣੇ ਸੇਵਕ ਨਾਲ
ਗੱਲ ਕੀਤੀ। ਤੂੰ ਇਹ ਸਪੱਸ਼ਟ ਕਰ ਦਿੱਤਾ ਕਿ ਤੂੰ ਮੇਰੇ
ਉਪਰੰਤ, ਮੇਰੀ ਕੁਲ ਨੂੰ ਹੀ ਰਾਜ ਦੇਵੇਂਗਾ। ਇਸੇ ਕਾਰਣ,
ਮੈਂ ਇਨ੍ਹਾਂ ਸਭ ਗੱਲਾਂ ਦੀ ਬੇਨਤੀ ਕਰਨ ਲਈ ਤੇਰੇ ਅੱਗੇ
ਪ੍ਰਾਰਥਨਾ ਕਰਨ ਦਾ ਹੌਂਸਲਾ ਕਰ ਸਕਿਆ ਹਾਂ। [26]ਹੇ
ਯਹੋਵਾਹ! ਤੂੰ ਹੀ ਪਰਮੇਸ਼ੁਰ ਹੈਂ ਅਤੇ ਹੇ ਸੱਚੇ ਯਹੋਵਾਹ! ਤੂੰ
ਖੁਦ ਹੀ ਆਪਣੇ ਸੇਵਕ ਲਈ ਇਹ ਚੰਗੀਆਂ ਗੱਲਾਂ ਕਰਨ
ਦਾ ਇਕਰਾਰ ਕੀਤਾ। [27]ਹੇ ਯਹੋਵਾਹ! ਤੂੰ ਮੇਰੀ ਕੁਲ ਨੂੰ
ਅਸੀਸ ਦੇਣ ਦੀ ਕਿਰਪਾਲਤਾ ਕੀਤੀ, ਅਤੇ ਤੂੰ ਉਨ੍ਹਾਂ ਨੂੰ
ਅਸੀਸ ਦਿੱਤੀ ਅਤੇ ਇਕਰਾਰ ਕੀਤਾ ਕਿ ਉਹ ਸਦੀਵ ਤੇਰੇ
ਅੱਗੇ ਸੇਵਾ ਕਰ ਸਕਣਗੇ। ਹੇ ਯਹੋਵਾਹ! ਤੂੰ ਆਪ ਮੇਰੀ
ਕੁਲ ਨੂੰ ਅਸੀਸ ਦਿੱਤੀ ਹੈ ਤਾਂ ਸੱਚਮੁੱਚ ਉਹ ਸਦਾ ਤੀਕ
ਤੇਰੀ ਅਸੀਸ ਦੀ ਮਿਹਰ ਵਿੱਚ ਰਹੇ।”

### ਦਾਊਦ ਦੀ ਦੂਜੀਆਂ ਕੌਮਾਂ ਉੱਪਰ ਜਿੱਤ

**18** [1]ਬਾਦ ਵਿੱਚ ਦਾਊਦ ਨੇ ਫ਼ਲਿਸਤੀਆਂ ਉੱਪਰ ਹਮਲਾ
ਕੀਤਾ। ਉਸ ਨੇ ਫ਼ਲਿਸਤੀਆਂ ਨੂੰ ਹਰਾਇਆ। ਉਸ ਨੇ
ਫ਼ਲਿਸਤੀਆਂ ਦੇ ਗਥ ਸ਼ਹਿਰ ਅਤੇ ਉਸ ਦੇ ਆਸ-ਪਾਸ ਦੇ ਹੋਰ ਛੋਟੇ
ਸ਼ਹਿਰਾਂ ਨੂੰ ਜਿੱਤ ਲਿਆ।

[a] *17:10 ਮੈਂ... **ਬਣਾਵੇਗਾ*** ਇਸ ਦਾ ਅਰਥ ਅਸਲੀ ਘਰ ਨਹੀਂ ਹੈ। ਇਸ ਦਾ ਅਰਥ ਹੋ ਸਕਦਾ ਕਿ ਯਹੋਵਾਹ ਦਾਊਦ ਦੇ ਪਰਿਵਾਰ ਤੋਂ ਆਦਮੀਆਂ ਨੂੰ ਕਈਆਂ ਸਾਲਾਂ ਤੀਕ ਪਾਤਸ਼ਾਹ ਬਣਾਵੇਗਾ।

2ਫ਼ਿਰ ਦਾਊਦ ਨੇ ਮੋਆਬ ਦੇਸ ਨੂੰ ਹਰਾਇਆ ਅਤੇ ਮੋਆਬੀ
ਦਾਊਦ ਦੇ ਦਾਸ ਬਣ ਗਏ ਅਤੇ ਉਹ ਦਾਊਦ ਲਈ ਨਜ਼ਰਾਨਾ ਲੈ
ਕੇ ਆਏ।
3ਦਾਊਦ ਸ਼ੋਬਾਹ ਦੇ ਰਾਜੇ ਹਦਰਅਜ਼ਰ ਅਤੇ ਉਸ ਦੀ ਫ਼ੌਜ ਦੇ
ਖਿਲਾਫ ਲੜਿਆ। ਉਹ ਹਮਾਥ ਤੀਕ ਲੜਿਆ, ਕਿਉਂਕਿ ਹਦਰਅਜ਼ਰ
ਨੇ ਆਪਣੇ ਰਾਜ ਨੂੰ ਫ਼ਰਾਤ ਦਰਿਆ ਤੀਕ ਫ਼ੈਲਾਉਣ ਦੀ ਕੋਸ਼ਿਸ਼
ਕੀਤੀ ਸੀ। 4ਦਾਊਦ ਨੇ ਹਦਰ ਅਜ਼ਰ ਤੋਂ 1,000 ਰਥ, 7,000
ਸਾਰਥੀ, 20,000 ਸਿਪਾਹੀ ਲੈ ਲਏ ਅਤੇ ਉਸ ਨੇ ਬਹੁਤ ਸਾਰੇ
ਘੋੜਿਆਂ ਨੂੰ ਲੰਗੜਿਆਂ ਕਰ ਦਿੱਤਾ ਜਿਹੜੇ ਰਥਾਂ ਨੂੰ ਖਿੱਚਦੇ ਸਨ।
ਪਰ ਉਸ ਨੇ ਇੱਕ ਸੌ ਰਥਾਂ ਨੂੰ ਖਿੱਚਣ ਲਈ ਘੋੜੇ ਰੱਖ ਲਏ।
5ਦੰਮਿਸਕ ਸ਼ਹਿਰ ਦੇ ਅਰਾਮੀ ਲੋਕ ਸ਼ੋਬਾਹ ਦੇ ਰਾਜਾ ਹਦਰਅਜ਼ਰ
ਦੀ ਮਦਦ ਲਈ ਆਏ, ਪਰ ਦਾਊਦ ਨੇ ਅਰਾਮੀਆਂ ਦੀ ਆਈ ਫ਼ੌਜ
ਵਿੱਚੋਂ ਉਨ੍ਹਾਂ ਦੇ 22,000 ਸੈਨਿਕ ਮਾਰ ਦਿੱਤੇ। 6ਫ਼ਿਰ ਦਾਊਦ ਨੇ
ਦੰਮਿਸਕ ਵਿੱਚ ਗੜ੍ਹ ਬਣਾ ਦਿੱਤੇ। ਅਰਾਮੀ ਉਸ ਦੇ ਦਾਸ ਬਣ ਗਏ
ਅਤੇ ਉਸ ਲਈ ਨਜ਼ਰਾਨਾ ਲਿਆਏ। ਇਉਂ ਜਿੱਥੇ ਕਿਤੇ ਵੀ ਦਾਊਦ
ਗਿਆ, ਯਹੋਵਾਹ ਨੇ ਉਸ ਨੂੰ ਜਿੱਤ ਦਿੱਤੀ।
7ਦਾਊਦ ਨੇ ਹਦਰਅਜ਼ਰ ਦੇ ਸੈਨਾਪਤੀਆਂ ਦੀਆਂ ਸੋਨੇ ਦੀਆਂ
ਢਾਲਾਂ ਲੈ ਲਈਆਂ ਅਤੇ ਯਰੂਸ਼ਲਮ ਵਿੱਚ ਲੈ ਆਇਆ। 8ਦਾਊਦ
ਨੇ ਹਦਰਅਜ਼ਰ ਦੇ ਨਗਰ ਟਿਬਹਥ ਅਤੇ ਕੂਨ ਵਿੱਚੋਂ ਬਹੁਤ ਸਾਰਾ
ਪਿੱਤਲ ਵੀ ਲਿਆਂਦਾ ਜਿਸ ਨੂੰ ਬਾਦ ਵਿੱਚ ਸੁਲੇਮਾਨ ਨੇ ਇਹੀ
ਪਿੱਤਲ ਮੰਦਰ ਦੇ ਪਿੱਤਲ ਦੇ ਹੌਜ਼, ਥੰਮ੍ਹ ਅਤੇ ਭਾਂਡੇ ਬਣਾਉਣ ਲਈ
ਵਰਤਿਆ।
9ਹਮਾਥ ਦੇ ਰਾਜਾ ਤੋਊ ਨੇ ਸੁਣਿਆ ਕਿ ਦਾਊਦ ਨੇ ਸੋਬਾਹ ਦੇ
ਰਾਜੇ, ਹਦਰਅਜ਼ਰ ਦੀ ਸਾਰੀ ਫ਼ੌਜ ਨੂੰ ਹਰਾ ਦਿੱਤਾ ਸੀ। 10ਤਾਂ ਤੋਊ
ਨੇ ਆਪਣੇ ਪੁੱਤਰ, ਹਦੋਰਾਮ ਨੂੰ ਦਾਊਦ ਨੂੰ ਉਸ ਦੀ ਜਿੱਤ ਲਈ
ਵੱਧਾਈਆਂ ਦੇਣ ਲਈ ਅਤੇ ਉਸ ਤੋਂ ਸ਼ਾਂਤੀ ਦੀ ਮੰਗ ਕਰਨ ਲਈ
ਭੇਜਿਆ। ਇਹ ਉਸ ਨੇ ਇਸ ਲਈ ਕੀਤਾ ਕਿਉਂਕਿ ਦਾਊਦ ਨੇ
ਹਦਰਅਜ਼ਰ ਦੇ ਖਿਲਾਫ਼ ਲੜਕੇ ਉਸ ਨੂੰ ਹਰਾਇਆ ਸੀ। ਹਦਰਅਜ਼ਰ
ਤੋਊ ਨਾਲ ਇੱਕ ਵਾਰੀ ਪਹਿਲਾਂ ਲੜਾਈ ਕਰ ਚੁੱਕਾ ਸੀ। ਹਦੋਰਾਮ
ਨੇ ਦਾਊਦ ਨੂੰ ਹਰ ਤਰ੍ਹਾਂ ਦੇ ਸੋਨੇ, ਚਾਂਦੀ ਅਤੇ ਕਾਂਸੀ ਦੀਆਂ ਵਸਤਾਂ
ਭੇਟ ਕੀਤੀਆਂ। 11ਦਾਊਦ ਪਾਤਸ਼ਾਹ ਨੇ ਉਨ੍ਹਾਂ ਸਾਰੀਆਂ ਵਸਤਾਂ
ਨੂੰ ਪਵਿੱਤਰ ਕੀਤਾ ਅਤੇ ਯਹੋਵਾਹ ਨੂੰ ਭੇਟ ਕੀਤੀਆਂ। ਦਾਊਦ ਨੇ
ਉਨ੍ਹਾਂ ਸੋਨੇ-ਚਾਂਦੀ ਦੀਆਂ ਵੀ ਸਾਰੀਆਂ ਵਸਤਾਂ ਨੂੰ ਜੋ ਉਹ ਸਾਰੀਆਂ
ਕੌਮਾਂ ਭਾਵ ਅਦੋਮ, ਮੋਆਬ, ਅੰਮੋਨ ਦੀ ਸੰਤਾਨ, ਫ਼ਲਿਸਤੀਆਂ
ਅਤੇ ਅਮਾਲੇਕ ਤੋਂ ਲਿਆਏ ਸਨ, ਸਭ ਯਹੋਵਾਹ ਦੇ ਅਰਪਣ ਕਰ
ਦਿੱਤੀਆਂ।
12ਅਬਿਸ਼ਈ ਜੋ ਸਰੂਯਾਹ ਦਾ ਪੁੱਤਰ ਸੀ ਨੇ ਲੂਣ ਦੀ ਵਾਦੀ
ਵਿੱਚ 18,000 ਅਦੋਮੀਆਂ ਨੂੰ ਮਾਰ ਸੁੱਟਿਆ। 13ਅਬਿੱਸ਼ਈ ਨੇ
ਅਦੋਮ ਵਿੱਚ ਚੌਂਕੀਆਂ ਬਿਠਾਈਆਂ ਅਤੇ ਸਾਰੇ ਅਦੋਮੀ ਦਾਊਦ ਦੀ
ਦਾਸ ਬਣ ਗਏ। ਜਿੱਥੇ ਕਿਤੇ ਵੀ ਦਾਊਦ ਗਿਆ, ਯਹੋਵਾਹ ਨੇ ਉਸ
ਨੂੰ ਫਤਹ ਦਿੱਤੀ।

## ਦਾਊਦ ਦੇ ਮਹੱਤਵਪੂਰਣ ਅਧਿਕਾਰੀ

14ਦਾਊਦ ਨੇ ਸਾਰੇ ਇਸਰਾਏਲ ਤੇ ਰਾਜ ਕੀਤਾ। ਉਸ ਨੇ ਉਹੀ ਸਭ
ਕੀਤਾ ਜੋ ਸਭ ਦੇ ਲਈ ਠੀਕ ਅਤੇ ਭਲਾ ਸੀ। ਉਹ ਆਪਣੇ ਰਾਜ
ਦੇ ਸਾਰੇ ਲੋਕਾਂ ਨਾਲ ਧਰਮ ਨਾਲ ਨਿਆਉਂ ਕਰਦਾ ਸੀ। 15ਯੋਆਬ
ਜੋ ਸਰੂਯਾਹ ਦਾ ਪੁੱਤਰ ਸੀ ਉਹ ਦਾਊਦ ਦੀ ਫ਼ੌਜ ਦਾ ਸੈਨਾਪਤੀ
ਸੀ। ਅਤੇ ਯਹੋਸ਼ਾਫ਼ਾਟ ਜੋ ਅਹੀਲੂਦ ਦਾ ਪੁੱਤਰ ਸੀ ਉਸ ਨੇ ਦਾਊਦ
ਦੇ ਕੰਮਾਂ ਦਾ ਇਤਿਹਾਸ ਲਿਖਿਆ। 16ਸਾਦੋਕ ਅਹੀਟੂਬ ਦਾ ਪੁੱਤਰ
ਅਤੇ ਅਬਿਯਾਥਾਰ ਦਾ ਪੁੱਤਰ ਅਬੀਮਲਕ ਜਾਜਕ ਸਨ। ਸ਼ੌਂਵਸ਼ਾ
ਮੁਨਸ਼ੀ ਸੀ। 17ਬਿਨਾਯਾਹ ਜੋ ਯਹੋਯਾਦਾ ਦਾ ਪੁੱਤਰ, ਕਰੇਤੀਆਂ ਅਤੇ
ਫ਼ਲੇਤੀਆਂ ਦਾ ਆਗੂ ਸੀ। ਦਾਊਦ ਦੇ ਪੁੱਤਰ ਮਹੱਤਵਪੂਰਣ ਵਜ਼ੀਰ
ਸਨ, ਜੋ ਉਸ ਦੇ ਨਾਲ ਸੇਵਾ ਕਰਦੇ ਸਨ।

## ਅੰਮੋਨੀ ਲੋਕਾਂ ਵੱਲੋਂ ਦਾਊਦ ਦੇ ਬੰਦਿਆਂ ਨੂੰ ਸ਼ਰਮਿੰਦੇ ਕਰਨਾ

**19** 1ਨਾਹਾਸ਼ ਅੰਮੋਨੀਆਂ ਦਾ ਪਾਤਸ਼ਾਹ ਸੀ। ਨਾਹਾਸ਼ ਦੀ
ਮੌਤ ਤੋਂ ਬਾਦ, ਉਸ ਦਾ ਪੁੱਤਰ ਨਵਾਂ ਪਾਤਸ਼ਾਹ ਬਣਿਆ।
2ਤਦ ਦਾਊਦ ਨੇ ਆਖਿਆ, "ਨਾਹਾਸ਼ ਮੇਰੇ ਤੇ ਦਿਆਲੂ ਸੀ, ਇਸ
ਲਈ ਮੈਂ ਵੀ ਉਸ ਦੇ ਪੁੱਤਰ, ਹਾਨੂਨ ਤੇ ਦਿਆਲੂ ਹੋਵਾਂਗਾ।" ਇਸ
ਲਈ ਦਾਊਦ ਨੇ ਹਾਨੂਨ ਕੋਲ ਉਸ ਦੇ ਪਿਤਾ ਦੀ ਮੌਤ ਦਾ ਸੋਗ
ਪ੍ਰਗਟ ਕਰਨ ਲਈ ਆਪਣੇ ਹਲਕਾਰੇ ਭੇਜੇ ਅਤੇ ਉਸ ਦੇ ਹਲਕਾਰੇ
ਅੰਮੋਨ ਦੇਸ ਵਿੱਚ ਹਾਨੂਨ ਨੂੰ ਅਫ਼ਸੋਸ ਪ੍ਰਗਟ ਕਰਨ ਲਈ ਉਸ
ਕੋਲ ਪਹੁੰਚੇ।
3ਪਰ ਅੰਮੋਨੀ ਆਗੂਆਂ ਨੇ ਹਾਨੂਨ ਨੂੰ ਕਿਹਾ, "ਕੀ ਤੂੰ ਉਸ
ਤੇ ਵਿਸ਼ਵਾਸ ਕਰਦਾ ਹੈਂ? ਤੂੰ ਕੀ ਸੋਚਦਾ ਹੈਂ ਕਿ ਦਾਊਦ ਨੇ ਇਨ੍ਹਾਂ
ਆਦਮੀਆਂ ਨੂੰ ਤੇਰੇ ਪਿਤਾ ਦੀ ਮੌਤ ਤੇ ਅਫਸੋਸ ਕਰਨ ਲਈ ਜਾਂ ਤੇਰੇ
ਮੁਰਦਾ ਪਿਤਾ ਦਾ ਆਦਰ ਕਰਨ ਲਈ ਭੇਜਿਆ ਹੈ? ਨਹੀਂ ਪਰ ਉਸ
ਨੇ ਇਨ੍ਹਾਂ ਲੋਕਾਂ ਨੂੰ ਤੈਨੂੰ ਤਬਾਹ ਕਰਨ ਦੇ ਮਕਸਦ ਨਾਲ, ਤੇਰੀ ਧਰਤੀ
ਦੀ ਜਸੂਸੀ ਕਰਨ ਲਈ ਭੇਜਿਆ ਹੈ!" 4ਤਾਂ ਹਾਨੂਨ ਨੇ ਦਾਊਦ ਦੇ
ਸੇਵਕਾਂ ਨੂੰ ਫੜ ਕੇ ਉਨ੍ਹਾਂ ਦੀਆਂ ਦਾੜ੍ਹੀਆਂ ਮੁਨਵਾ ਦਿੱਤੀਆਂ ਇਹੀ
ਨਹੀਂ ਸਗੋਂ ਉਨ੍ਹਾਂ ਦੀਆਂ ਪੋਸ਼ਾਕਾਂ ਨੂੰ ਵੀ ਫ਼ਾੜ ਕੇ ਉਨ੍ਹਾਂ ਨੂੰ ਧੜੋਂ ਨੰਗਾ
ਕਰ ਸੁੱਟਿਆ। ਇਉਂ ਉਨ੍ਹਾਂ ਨੂੰ ਜ਼ਲੀਲ ਕਰਕੇ ਵਾਪਸ ਭੇਜਿਆ।
5ਦਾਊਦ ਦੇ ਆਦਮੀਆਂ ਨੇ ਘਰ ਪਹੁੰਚਣ 'ਚ ਬੜੀ ਸ਼ਰਮ
ਮਹਿਸੂਸ ਕੀਤੀ। ਕੁਝ ਲੋਕਾਂ ਨੇ ਦਾਊਦ ਕੋਲ ਜਾ ਕੇ ਉਨ੍ਹਾਂ ਦੀ ਇਹ
ਸਾਰੀ ਵਾਰਦਾਤ ਉਸ ਨੂੰ ਸੁਣਾਈ। ਤਾਂ ਦਾਊਦ ਪਾਤਸ਼ਾਹ ਨੇ ਆਪਣੇ
ਆਦਮੀਆਂ ਨੂੰ ਇਹ ਸੁਨੇਹਾ ਭੇਜਿਆ, "ਜਦ ਤੀਕ ਤੁਹਾਡੀ ਦਾੜ੍ਹੀ
ਮੁੜ ਵੱਧ ਨਾ ਜਾਵੇ, ਉਨੀ ਦੇਰ ਤੁਸੀਂ ਯਰੀਹੋ ਸ਼ਹਿਰ ਵਿੱਚ ਟਿਕੇ ਰਹੋ।
ਤੇ ਜਦੋਂ ਦਾੜ੍ਹੀ ਵੱਧ ਜਾਵੇ ਤਾਂ ਤੁਸੀਂ ਆਪਣੇ ਘਰੀਂ ਮੁੜ ਆਉਣਾ।"
6ਅੰਮੋਨੀਆਂ ਨੇ ਵੇਖਿਆ ਕਿ ਉਨ੍ਹਾਂ ਨੇ ਦਾਊਦ ਦੀ ਨਜ਼ਰ ਵਿੱਚ
ਆਪਣੇ-ਆਪ ਨੂੰ ਦੁਸ਼ਮਣ ਬਣਾ ਲਿਆ ਸੀ ਤੇ ਉਸ ਦੀ ਨਫ਼ਰਤ ਦੇ
ਪਾਤਰ ਬਣ ਗਏ ਸਨ। ਤਾਂ ਹਾਨੂਨ ਅਤੇ ਅੰਮੋਨੀਆਂ ਨੇ 34,000
ਕਿਲੋ ਚਾਂਦੀ ਮਸੋਪੋਤਾਮੀਆਂ ਤੋਂ ਰਥਾਂ ਅਤੇ ਅਸਵਾਰਾਂ ਨੂੰ ਲਿਆਉਣ
ਲਈ ਦਿੱਤੀ। ਉਹ ਆਰਾਮ ਵਿੱਚੋਂ ਮਾਕਾਹ ਅਤੇ ਸ਼ੋਬਾਹ ਦੇ ਨਗਰਾਂ ਤੋਂ
ਵੀ ਰਥਾਂ ਅਤੇ ਅਸਵਾਰਾਂ ਨੂੰ ਲਿਆਏ। 7ਇਉਂ ਉਨ੍ਹਾਂ ਨੇ 32,000
ਰਥਾਂ ਅਤੇ ਮਕਾਹ ਦੇ ਪਾਤਸ਼ਾਹ ਅਤੇ ਉਸ ਦੇ ਲੋਕਾਂ ਨੂੰ ਭਾੜੇ ਤੇ
ਖਰੀਦਿਆ ਤਾਂ ਜੋ ਉਹ ਉਸ ਦੀ ਮਦਦ ਕਰਨ। ਮਕਾਹ ਦੇ ਪਾਤਸ਼ਾਹ
ਅਤੇ ਉਸ ਦੇ ਲੋਕਾਂ ਨੇ ਮੇਦਬਾ ਸ਼ਹਿਰ ਦੇ ਅੱਗੇ ਡੇਰੇ ਲਾ ਦਿੱਤੇ ਅਤੇ
ਅੰਮੋਨੀ ਵੀ ਆਪੋ-ਆਪਣੇ ਨਗਰਾਂ ਤੋਂ ਇਕੱਠੇ ਹੋ ਕੇ ਯੁੱਧ ਕਰਨ
ਨੂੰ ਆਏ।
8ਦਾਊਦ ਨੂੰ ਪਤਾ ਲੱਗਾ ਕਿ ਅੰਮੋਨੀ ਲੋਕ ਜੰਗ ਲੜਨ ਲਈ
ਇਕੱਠੇ ਹੋ ਰਹੇ ਹਨ ਤਾਂ ਉਸ ਨੇ ਯੋਆਬ ਨੂੰ ਅਤੇ ਆਪਣੀ ਸਾਰੀ
ਇਸਰਾਏਲੀ ਫ਼ੌਜ ਨੂੰ ਅੰਮੋਨੀਆਂ ਦੇ ਵਿਰੁੱਧ ਲੜਾਈ ਕਰਨ ਨੂੰ
ਭੇਜਿਆ। 9ਅੰਮੋਨੀ ਬਾਹਰ ਨਿੱਕਲੇ ਅਤੇ ਲੜਾਈ ਲਈ ਪੂਰੇ
ਤਤਪਰ ਸਨ। ਉਹ ਨਗਰ ਦੇ ਫਾਟਕ ਕੋਲ ਪਹੁੰਚ ਚੁੱਕੇ ਸਨ ਅਤੇ

ਜਿਹੜੇ ਪਾਤਸ਼ਾਹ ਉਸ ਦੀ ਮਦਦ ਲਈ ਨਾਲ ਆਏ ਸਨ ਉਹ
ਸ਼ਹਿਰੋਂ ਦੂਰ ਪੈਲੀਆਂ ਵਿੱਚ ਟਿਕੇ ਰਹੇ।
10ਯੋਆਬ ਨੇ ਵੇਖਿਆ ਕਿ ਲੜਾਈ ਦਾ ਪਿੜ ਉਸ ਦੇ ਵਿਰੁੱਧ ਦੋ
ਦਲਾਂ ਵਿੱਚ ਬਣਿਆ ਹੋਇਆ ਤਤਪਰ ਹੈ। ਇੱਕ ਦਲ ਉਸ ਦੇ ਅੱਗੇ
ਅਤੇ ਦੂਜਾ ਉਸ ਦੇ ਪਿੱਛੇ ਵੱਲ ਸੀ। ਤਾਂ ਯੋਆਬ ਨੇ ਇਸਰਾਏਲ
ਦੇ ਖਾਸ ਸੂਰਮਿਆਂ ਨੂੰ ਚੁਣਿਆ ਅਤੇ ਉਨ੍ਹਾਂ ਨੂੰ ਉਸ ਨੇ ਅਰਾਮ ਦੀ
ਫੌਜ ਦੇ ਵਿਰੁੱਧ ਲੜਨ ਲਈ ਭੇਜਿਆ। 11ਯੋਆਬ ਨੇ ਬਾਕੀ ਦੀ
ਇਸਰਾਏਲੀ ਫੌਜ ਨੂੰ ਆਪਣੇ ਭਰਾ ਅਬਸ਼ਈ ਦੀ ਕਮਾਨ ਹੇਠਾਂ ਕਰ
ਦਿੱਤਾ। ਸੈਨਾ ਦੇ ਸਿਪਾਹੀ ਅੰਮੋਨੀਆਂ ਦੀ ਸੈਨਾ ਦੇ ਖਿਲਾਫ਼ ਲੜਨ
ਲਈ ਬਾਹਰ ਨਿੱਕਲ ਪਏ। 12ਯੋਆਬ ਨੇ ਅਬਸ਼ਈ ਨੂੰ ਕਿਹਾ,
"ਜੇਕਰ ਅਰਾਮ ਦੀ ਸੈਨਾ ਮੇਰੇ ਉੱਤੇ ਹਾਵੀ ਹੋ ਜਾਵੇ ਤਾਂ ਤੂੰ ਮੇਰੀ
ਮਦਦ ਕਰੀਂ ਤੇ ਜੇਕਰ ਅੰਮੋਨੀ ਸੈਨਾ ਤੇਰੇ ਉੱਪਰ ਹਾਵੀ ਹੋ ਗਈ ਤਾਂ
ਮੈਂ ਤੇਰੀ ਸਹਾਇਤਾ ਕਰਾਂਗਾ। 13ਆਪਾਂ ਤਕੜੇ ਬਣੀਏ ਅਤੇ ਉਨ੍ਹਾਂ
ਦਾ ਬਹਾਦੁਰੀ ਨਾਲ ਸਾਹਮਣਾ ਕਰੀਏ ਜਦੋਂ ਅਸੀਂ ਆਪਣੇ ਲੋਕਾਂ ਅਤੇ
ਆਪਣੇ ਪਰਮੇਸ਼ੁਰ ਦੇ ਸ਼ਹਿਰਾਂ ਲਈ ਲੜ ਰਹੀਏ ਹੋਈਏ! ਯਹੋਵਾਹ
ਓਹੀ ਕਰੇ ਜੋ ਉਹ ਸੋਚੇ ਕਿ ਸਹੀ ਹੈ!"
14ਯੋਆਬ ਅਤੇ ਉਸ ਦੇ ਨਾਲ ਜਿਹੜੀ ਫੌਜ ਸੀ ਉਨ੍ਹਾਂ ਨੇ ਅਰਾਮੀ
ਸੈਨਾ ਉੱਪਰ ਹਮਲਾ ਕੀਤਾ ਤਾਂ ਅਰਾਮੀ ਸੈਨਾ ਯੋਆਬ ਅਤੇ ਉਸ
ਦੀ ਫੌਜ ਅੱਗੋਂ ਭੱਜ ਗਈ। 15ਜਦੋਂ ਅੰਮੋਨੀ ਸੈਨਾ ਨੇ ਇਹ ਵੇਖਿਆ
ਕਿ ਅਰਾਮ ਦੀ ਸੈਨਾ ਨੱਸ ਗਈ ਹੈ ਤਾਂ ਉਹ ਵੀ ਭੱਜ ਗਏ। ਤਾਂ
ਅੰਮੋਨੀ ਫੌਜ ਅਬਸ਼ਈ ਦੇ ਅੱਗੋਂ ਭੱਜ ਖੜੋਤੇ ਅਤੇ ਉਹ ਭੱਜ ਕੇ
ਆਪਣੇ ਸ਼ਹਿਰ ਜਾ ਵੜੇ ਅਤੇ ਯੋਆਬ ਫ਼ਿਰ ਵਾਪਸ ਯਰੂਸ਼ਲਮ
ਨੂੰ ਆ ਗਿਆ।
16ਜਦੋਂ ਅਰਾਮੀ ਆਗੂਆਂ ਨੂੰ ਪਤਾ ਲੱਗਾ ਕਿ ਇਸਰਾਏਲੀਆਂ
ਨੇ ਉਨ੍ਹਾਂ ਨੂੰ ਹਰਾ ਦਿੱਤਾ, ਉਨ੍ਹਾਂ ਨੇ ਫ਼ਰਾਤ ਨਦੀ ਦੇ ਪੂਰਬੀ ਹਿੱਸੇ ਵਿੱਚ
ਰਹਿੰਦੇ ਅਰਾਮੀ ਲੋਕਾਂ ਕੋਲ, ਉਨ੍ਹਾਂ ਦੀ ਮਦਦ ਲੈਣ ਲਈ ਹਲਕਾਰੇ
ਘੱਲੇ। ਹਦਰਅਜ਼ਰ ਦੀ ਫੌਜ ਦਾ ਆਗੂ ਸੋਫਕ, ਬਾਕੀ ਅਰਾਮੀ ਫੌਜ
ਦਾ ਵੀ ਆਗੂ ਸੀ।
17ਦਾਊਦ ਨੂੰ ਜਦੋਂ ਪਤਾ ਲੱਗਿਆ ਕਿ ਅਰਾਮ ਦੇ ਲੋਕ ਲੜਾਈ
ਲਈ ਇਕੱਠੇ ਹੋ ਰਹੇ ਹਨ ਤਾਂ ਉਸ ਨੇ ਵੀ ਸਾਰੇ ਇਸਰਾਏਲੀਆਂ ਨੂੰ
ਇਕੱਠਿਆਂ ਕੀਤਾ। ਦਾਊਦ ਨੇ ਆਪਣੀ ਸਾਰੀ ਫੌਜ ਦੀ ਅਗਵਾਈ
ਕਰਕੇ ਯਰਦਨ ਦਰਿਆ ਨੂੰ ਪਾਰ ਕੀਤਾ ਅਤੇ ਅਰਾਮੀ ਫੌਜ ਦੇ
ਆਹਮਣੋ-ਸਾਹਮਣੇ ਆ ਗਿਆ। ਦਾਊਦ ਨੇ ਆਪਣੀ ਸੈਨਾ ਨੂੰ
ਤਿਆਰ ਕਰਕੇ ਅਰਾਮੀਆਂ ਉੱਪਰ ਹਮਲਾ ਕਰ ਦਿੱਤਾ। 18ਤਦ
ਅਰਾਮੀ ਇਸਰਾਏਲੀਆਂ ਅੱਗੋਂ ਭੱਜ ਗਏ। ਦਾਊਦ ਅਤੇ ਉਸ ਦੀ
ਸੈਨਾ ਨੇ 7,000 ਅਰਾਮੀ ਸਾਰਥੀਆਂ ਅਤੇ 40,000 ਅਰਾਮੀ
ਸਿਪਾਹੀਆਂ ਨੂੰ ਮਾਰ ਮੁਕਾਇਆ। ਦਾਊਦ ਅਤੇ ਉਸ ਦੀ ਫੌਜ ਨੇ
ਅਰਾਮੀ ਸੈਨਾ ਦੇ ਸੈਨਾਪਤੀ ਸ਼ੋਫ਼ਕ ਨੂੰ ਵੀ ਵੱਢ ਸੁੱਟਿਆ।
19ਜਦੋਂ ਹਦਰਅਜ਼ਰ ਦੇ ਅਧਿਕਾਰੀਆਂ ਨੇ ਵੇਖਿਆ ਕਿ
ਇਸਰਾਏਲ ਨੇ ਉਨ੍ਹਾਂ ਨੂੰ ਹਰਾ ਦਿੱਤਾ ਹੈ ਤਾਂ ਉਨ੍ਹਾਂ ਨੇ ਦਾਊਦ ਨਾਲ
ਸੁਲਾਹ ਕਰ ਲਈ ਅਤੇ ਉਹ ਦਾਊਦ ਦੇ ਦਾਸ ਬਣ ਗਏ। ਇਉਂ
ਅਰਾਮੀਆਂ ਨੇ ਮੁੜ ਅੰਮੋਨੀਆਂ ਨੂੰ ਮਦਦ ਕਰਨ ਤੋਂ ਇਨਕਾਰ ਕਰ
ਦਿੱਤਾ।

## ਯੋਆਬ ਦਾ ਅੰਮੋਨੀਆਂ ਨੂੰ ਤਬਾਹ ਕਰਨਾ

20 1ਬਸੰਤ ਰੁੱਤ ਵਿੱਚ ਯੋਆਬ ਯੁੱਧ ਕਰਨ ਲਈ
ਇਸਰਾਏਲੀ ਸੈਨਾ ਨਾਲ ਬਾਹਰ ਨਿੱਕਲਿਆ। ਇਹ
ਸਾਲ ਦਾ ਉਹ ਸਮਾਂ ਸੀ, ਜਦੋਂ ਰਾਜੇ ਯੁੱਧ ਕਰਨ ਲਈ ਬਾਹਰ
ਆਉਂਦੇ ਸਨ, ਪਰ ਦਾਊਦ ਯਰੂਸ਼ਲਮ ਵਿੱਚ ਹੀ ਰਿਹਾ। ਇਸਰਾਏਲ
ਦੀ ਸੈਨਾ ਅੰਮੋਨ ਸ਼ਹਿਰ ਨੂੰ ਗਈ ਅਤੇ ਇਸ ਨੂੰ ਨਸ਼ਟ ਕਰ ਦਿੱਤਾ।
ਫ਼ੇਰ ਉਹ ਰੱਬਾਹ ਸ਼ਹਿਰ ਨੂੰ ਗਏ ਤੇ ਇਸ ਨੂੰ ਘੇਰਾ ਪਾ ਲਿਆ ਤਾਂ
ਜੋ ਕੋਈ ਵੀ ਸ਼ਹਿਰ ਵਿੱਚੋਂ ਬਾਹਰ ਨਾ ਆ ਸਕੇ। ਯੋਆਬ ਅਤੇ
ਇਸਰਾਏਲੀ ਸੈਨਾ ਸ਼ਹਿਰ ਨੂੰ ਤਬਾਹ ਕਰਨ ਤੀਕ ਲੜਦੇ ਰਹੇ।
2ਦਾਊਦ ਨੇ ਉਨ੍ਹਾਂ ਦੇ ਰਾਜੇ ਦਾ ਮੁਕਟ ਉਸ ਦੇ ਸਿਰ ਤੋਂ ਲਾਹ
ਲਿਆ। ਉਸ ਸੋਨੇ ਦੇ ਮੁਕਟ ਦਾ ਭਾਰ ਲੱਗਭਗ 75 ਪੌਂਡ ਸੀ ਜਿਸ
ਵਿੱਚ ਕੀਮਤੀ ਪੱਥਰ ਜੜੇ ਹੋਏ ਸਨ। ਇਹ ਮੁਕਟ ਦਾਊਦ ਦੇ ਸਿਰ
ਤੇ ਸਜਾਇਆ ਗਿਆ ਅਤੇ ਦਾਊਦ ਨੂੰ ਉਸ ਸ਼ਹਿਰ ਤੋਂ ਬਹੁਤ ਸਾਰੇ
ਕੀਮਤੀ ਪਦਾਰਥ ਵੀ ਪ੍ਰਾਪਤ ਹੋਏ। 3ਦਾਊਦ ਨੇ ਰੱਬਾਹ ਵਿੱਚੋਂ ਲੋਕਾਂ
ਨੂੰ ਬਾਹਰ ਕੱਢ ਕੇ ਉਨ੍ਹਾਂ ਨੂੰ ਆਰੀਆਂ, ਲੋਹੇ ਦੀਆਂ ਸਲਾਖਾਂ ਅਤੇ
ਕੁਹਾੜੀਆਂ ਨਾਲ ਕੰਮ ਕਰਨ ਲਈ ਮਜ਼ਬੂਰ ਕੀਤਾ। ਉਸ ਨੇ ਇੰਝ ਹੀ
ਅੰਮੋਨੀਆਂ ਦੇ ਬਾਕੀ ਸ਼ਹਿਰਾਂ ਦੇ ਲੋਕਾਂ ਨਾਲ ਵੀ ਕੀਤਾ। ਫ਼ਿਰ ਉਹ
ਅਤੇ ਉਸ ਦੀ ਸੈਨਾ ਯਰੂਸ਼ਲਮ ਨੂੰ ਵਾਪਸ ਮੁੜ ਆਈ।

## ਫ਼ਲਿਸਤੀ ਦੈਂਤਾਂ ਦਾ ਮਾਰਿਆ ਜਾਣਾ

4ਬਾਦ ਵਿੱਚ ਇਸਰਾਏਲੀਆਂ ਦੀ ਫ਼ਲਿਸਤੀਆਂ ਨਾਲ ਗਜ਼ਰ ਵਿੱਚ
ਜੰਗ ਹੋਈ। ਤਦ ਹੁਸ਼ਾਥੀ ਸਿਬਕਾਈ ਨੇ ਸਿੱਪਈ ਨੂੰ ਜਿਹੜਾ ਕਿ
ਰਫ਼ਾ ਦੀ ਅੰਸ ਵਿੱਚੋਂ ਸੀ ਮਾਰ ਸੁੱਟਿਆ ਅਤੇ ਉਹ ਹਾਰ ਗਏ।
5ਇੱਕ ਵਾਰੀ ਫਿਰ ਇਸਰਾਏਲੀਆਂ ਨੇ ਫ਼ਲਿਸਤੀਆਂ ਨਾਲ
ਯੁੱਧ ਕੀਤਾ ਜਿਸ ਵਿੱਚ ਯਾਈਰ ਦੇ ਪੁੱਤਰ ਅਲਹਨਾਨ ਨੇ ਗਿੱਤੀ
ਗੋਲਿਅਥ ਦੇ ਭਰਾ ਲਹਮੀ ਨੂੰ ਮਾਰ ਸੁੱਟਿਆ। ਲਹਮੀ ਦਾ ਨੇਜਾ
ਜੁਲਾਹੇ ਦੇ ਤੁਰ ਜਿੰਨਾ ਵੱਡਾ ਸੀ।
6ਬਾਦ ਵਿੱਚ, ਇਸਰਾਏਲੀਆਂ ਨੇ ਫ਼ਲਿਸਤੀ ਲੋਕਾਂ ਨਾਲ ਗਥ
ਵਿੱਚ ਇੱਕ ਹੋਰ ਜੰਗ ਕੀਤੀ। ਉਸ ਸ਼ਹਿਰ ਵਿੱਚ ਇੱਕ ਬੜਾ ਲੰਬਾ
ਆਦਮੀ ਸੀ ਜਿਸ ਦੀਆਂ ਵੀਹ ਦੀ ਥਾਵੇਂ ਹੱਥਾਂ ਪੈਰਾਂ ਦੀਆਂ 24
ਉਂਗਲਾਂ ਸਨ। ਉਸ ਦੇ ਹਰ ਹੱਥ ਅਤੇ ਪੈਰ ਦੀਆਂ ਛੇ-ਛੇ ਉਂਗਲਾਂ
ਸਨ। ਵੈਸੇ ਵੀ ਉਹ ਦਿਓਆਂ (ਰਫ਼ਾ) ਦੀ ਕੁਲ ਵਿੱਚੋਂ ਸੀ। 7ਤਾਂ ਜਦੋਂ
ਉਸ ਆਦਮੀ ਨੇ ਇਸਰਾਏਲ ਦਾ ਮਖ਼ੌਲ ਉਡਾਇਆ ਤਾਂ ਯੋਨਾਥਾਨ
ਨੇ ਉਸ ਨੂੰ ਵੱਢ ਸੁੱਟਿਆ। ਯੋਨਾਥਾਨ ਸ਼ਿਮਈ ਦਾ ਪੁੱਤਰ ਸੀ ਅਤੇ
ਸ਼ਿਮਈ ਦਾਊਦ ਦਾ ਭਰਾ ਸੀ।
8ਉਹ ਫ਼ਲਿਸਤੀ ਆਦਮੀ ਗਥ ਨਗਰ ਵਿੱਚ ਪੈਦਾ ਹੋਏ ਦੈਂਤਾਂ
ਦੇ ਪੁੱਤਰ ਸਨ। ਦਾਊਦ ਅਤੇ ਉਸ ਦੇ ਸੇਵਕਾਂ ਨੇ ਉਨ੍ਹਾਂ ਦੈਂਤਾਂ ਨੂੰ
ਮਾਰ ਮੁਕਾਇਆ।

## ਦਾਊਦ ਤੋਂ ਇਸਰਾਏਲੀਆਂ ਦੀ ਗਿਣਤੀ ਦਾ ਪਾਪ

21 1ਸ਼ੈਤਾਨ ਇਸਰਾਏਲੀਆਂ ਦੇ ਵਿਰੁੱਧ ਸੀ ਅਤੇ ਦਾਊਦ
ਨੂੰ ਇਸਰਾਏਲੀਆਂ ਦੀ ਗਿਣਤੀ ਕਰਨ ਲਈ
ਉਕਸਾਇਆ। 2ਤਾਂ ਦਾਊਦ ਨੇ ਯੋਆਬ ਅਤੇ ਲੋਕਾਂ ਦੇ ਆਗੂਆਂ
ਨੂੰ ਕਿਹਾ, "ਜਾਓ ਅਤੇ ਬਏਰਸ਼ਬਾ ਤੋਂ ਲੈ ਕੇ ਦਾਨ ਸ਼ਹਿਰ ਤੀਕ
ਇਸਰਾਏਲ ਦੇ ਲੋਕਾਂ ਦੀ ਗਿਣਤੀ ਕਰੋ ਅਤੇ ਫ਼ਿਰ ਆਣ ਕੇ ਮੈਨੂੰ
ਦੱਸੋ ਕਿ ਉਨ੍ਹਾਂ ਦੀ ਗਿਣਤੀ ਕਿੰਨੀ ਹੈ ਤਾਂ ਜੋ ਮੈਨੂੰ ਪਤਾ ਲੱਗੇ ਕਿ
ਇਸਰਾਏਲੀਆਂ ਦੀ ਕੁਲ ਗਿਣਤੀ ਕਿੰਨੀ ਹੈ?"
3ਪਰ ਯੋਆਬ ਨੇ ਜਵਾਬ ਦਿੱਤਾ, "ਚਾਹੇ ਯਹੋਵਾਹ ਆਪਣੀ ਪਰਜਾ
ਨੂੰ ਇਸ ਨਾਲੋਂ ਸੌ ਗੁਣਾ ਵਧੇਰੇ ਵਿਸ਼ਾਲ ਬਣਾ ਦੇਵੇ, ਇਸਰਾਏਲ ਦੇ
ਉਹ ਸਾਰੇ ਲੋਕ ਤੇਰੇ ਦਾਸ ਰਹਿਣਗੇ। ਇਸ ਲਈ ਮੇਰੇ ਮਾਲਕ ਅਤੇ

ਪਾਤਸ਼ਾਹ, ਤੂੰ ਅਜਿਹਾ ਕਿਉਂ ਕਰਨਾ ਚਾਹੁੰਦਾ? ਤੂੰ ਇਸਰਾਏਲ ਦੇ
ਲੋਕਾਂ ਨੂੰ ਪਾਪ ਦੇ ਦੋਸ਼ੀ ਕਿਉਂ ਬਣਾਉਣਾ ਚਾਹੁੰਦਾ ਹੈਂ?”
4ਪਰ ਦਾਊਦ ਪਾਤਸ਼ਾਹ ਆਪਣੀ ਗੱਲ ਤੇ ਅੜਿਆ ਰਿਹਾ ਇਸ
ਲਈ ਯੋਆਬ ਨੂੰ ਪਾਤਸ਼ਾਹ ਦਾ ਹੁਕਮ ਮੰਨਣਾ ਪਿਆ। ਇਸ ਲਈ
ਯੋਆਬ ਦੇਸ ਵਿੱਚ ਰਹਿੰਦੇ ਸਾਰੇ ਇਸਰਾਏਲੀ ਲੋਕਾਂ ਦੀ ਗਿਣਤੀ
ਕਰਨ ਲਈ ਚਲਾ ਗਿਆ। ਫ਼ਿਰ ਯੋਆਬ ਯਰੂਸ਼ਲਮ ਨੂੰ ਵਾਪਸ ਆ
ਗਿਆ। 5ਅਤੇ ਉਸ ਨੇ ਵਾਪਸ ਆ ਕੇ ਦਾਊਦ ਨੂੰ ਲੋਕਾਂ ਦੀ ਗਿਣਤੀ
ਦੱਸੀ। ਉਸ ਵਕਤ ਇਸਰਾਏਲ ਵਿੱਚ ਤਲਵਾਰ ਧਾਰੀਆਂ ਦੀ
ਗਿਣਤੀ 11,00,000 ਸੀ। ਅਤੇ ਯਹੂਦਾਹ ਵਿੱਚ 4,70,000
ਤਲਵਾਰ ਧਾਰੀ ਸਨ। 6ਯੋਆਬ ਨੇ ਲੇਵੀ ਅਤੇ ਬਿਨਯਾਮੀਨ ਦੇ
ਪਰਿਵਾਰ-ਸਮੂਹਾਂ ਨੂੰ ਨਾ ਗਿਣਿਆ। ਇਨ੍ਹਾਂ ਦੀ ਗਿਣਤੀ ਯੋਆਬ
ਨੇ ਇਸ ਲਈ ਨਾ ਕੀਤੀ ਕਿਉਂਕਿ ਉਸ ਨੂੰ ਦਾਊਦ ਦਾ ਇਹ ਹੁਕਮ
ਭਾਇਆ ਨਹੀਂ ਸੀ। 7ਦਾਊਦ ਨੇ ਯਹੋਵਾਹ ਦੀ ਦਰਿਸ਼ਟੀ ਵਿੱਚ
ਇੱਕ ਭੈੜਾ ਕੰਮ ਕੀਤਾ ਸੀ, ਇਸ ਲਈ ਪਰਮੇਸ਼ੁਰ ਨੇ ਇਸਰਾਏਲ
ਨੂੰ ਸਜ਼ਾ ਦਿੱਤੀ।

## ਪਰਮੇਸ਼ੁਰ ਦਾ ਇਸਰਾਏਲ ਨੂੰ ਦੰਡ ਦੇਣਾ

8ਤਦ ਦਾਊਦ ਨੇ ਪਰਮੇਸ਼ੁਰ ਨੂੰ ਕਿਹਾ, “ਮੈਂ ਬੜੀ ਮੂਰਖਤਾਈ ਕੀਤੀ
ਹੈ ਜੋ ਮੈਂ ਇਸਰਾਏਲੀਆਂ ਦੀ ਗਿਣਤੀ ਕੀਤੀ। ਮੇਰੇ ਕੋਲੋਂ ਵੱਡਾ ਪਾਪ
ਹੋਇਆ ਹੈ ਇਸ ਲਈ ਮੈਂ ਤੇਰੇ ਅੱਗੇ ਬੇਨਤੀ ਕਰਦਾ ਹਾਂ ਕਿ ਹੇ
ਯਹੋਵਾਹ ਮੇਰੀ ਭੁੱਲ ਨੂੰ ਆਪਣਾ ਦਾਸ ਜਾਣ ਕੇ ਬਖਸ਼ ਦੇ।”
9-10ਗਾਦ ਦਾਊਦ ਦਾ ਸੰਤ ਸੀ ਤਾਂ ਯਹੋਵਾਹ ਨੇ ਗਾਦ ਨੂੰ
ਆਖਿਆ, “ਜਾਹ, ਅਤੇ ਜਾ ਕੇ ਦਾਊਦ ਨੂੰ ਦੱਸ ਕਿ ਯਹੋਵਾਹ ਨੇ
ਇਹ ਵਾਕ ਕਿਹਾ ਹੈ, ਕਿ ਮੈਂ ਤੈਨੂੰ ਤਿੰਨ ਚੋਣ ਦਿੰਦਾ ਹਾਂ, ਤੂੰ ਉਨ੍ਹਾਂ ਵਿੱਚੋਂ
ਇੱਕ ਦੀ ਚੋਣ ਕਰ ਲੈ ਅਤੇ ਮੈਂ ਫ਼ਿਰ ਤੈਨੂੰ ਤੇਰੀ ਉਸ ਚੋਣ ਮੁਤਾਬਕ
ਸਜ਼ਾ ਦੇਵਾਂਗਾ।”
11-12ਤਦ ਗਾਦ ਦਾਊਦ ਕੋਲ ਗਿਆ ਅਤੇ ਉਸ ਨੂੰ ਜਾ ਕੇ ਕਿਹਾ,
“ਯਹੋਵਾਹ ਆਖਦਾ ਹੈ, ‘ਦਾਊਦ ਤੂੰ ਇਨ੍ਹਾਂ ਵਿੱਚੋਂ ਚੋਣ ਕਰ ਲੈ ਕਿ
ਤੈਨੂੰ ਕਿਹੜਾ ਦੰਡ ਚਾਹੀਦਾ ਹੈ: ਤਿੰਨ ਸਾਲਾਂ ਦਾ ਅੰਨ ਕਾਲ ਹੋਵੇ ਜਾਂ
ਤੂੰ ਆਪਣੇ ਵੈਰੀਆਂ ਸਾਹਮਣਿਓ ਤਿੰਨਾਂ ਮਹੀਨਿਆਂ ਲਈ ਭੱਜਦਾ
ਫਿਰੇਂ, ਜਦੋਂ ਕਿ ਉਹ ਤੈਨੂੰ ਆਪਣੀਆਂ ਤਲਵਾਰਾਂ ਨਾਲ ਭਜਾਉਣ ਜਾਂ
ਤਿੰਨ ਦਿਨ ਯਹੋਵਾਹ ਤੇਰੇ ਉੱਪਰ ਕਰੋਪੀ ਰਹੇ ਜਿਸ ਵਿੱਚ ਮਹਾਂਮਾਰੀ
ਸਾਰੇ ਦੇਸ ਵਿੱਚ ਫ਼ੈਲ ਜਾਵੇ ਅਤੇ ਯਹੋਵਾਹ ਦਾ ਦੂਤ ਸਾਰੇ ਦੇਸ ਵਿੱਚ
ਜਾਵੇ ਅਤੇ ਇਸਰਾਏਲੀਆਂ ਨੂੰ ਤਬਾਹ ਕਰੇ।’ ਦਾਊਦ! ਪਰਮੇਸ਼ੁਰ
ਨੇ ਮੈਨੂੰ ਇਸੇ ਲਈ ਭੇਜਿਆ ਹੈ ਤਾਂ ਜੋ ਇਨ੍ਹਾਂ ਵਿੱਚੋਂ ਤੂੰ ਚੋਣ ਕਰ ਲੈ
ਤਾਂ ਜੋ ਮੈਂ ਜਾ ਕੇ ਪਰਮੇਸ਼ੁਰ ਨੂੰ ਜਵਾਬ ਦੇਵਾਂ।”
13ਦਾਊਦ ਨੇ ਗਾਦ ਨੂੰ ਕਿਹਾ, “ਮੈਂ ਤਾਂ ਵੱਡੀ ਦੁਵਿਧਾ ਵਿੱਚ ਫ਼ਸ
ਗਿਆ ਹਾਂ। ਮੈਂ ਆਪਣੀ ਸਜ਼ਾ ਲਈ ਕਿਸੇ ਮਨੁੱਖ ਦੇ ਹੱਥ ਵਿੱਚ
ਨਹੀਂ ਪੈਣਾ ਚਾਹੁੰਦਾ। ਯਹੋਵਾਹ ਬੜਾ ਦਯਾਵਾਨ ਹੈ, ਇਸ ਲਈ ਮੈਂ
ਯਹੋਵਾਹ ਦੇ ਉੱਪਰ ਹੀ ਛੱਡਦਾ ਹਾਂ ਉਹ ਜਿਵੇਂ ਚਾਹੇ ਮੈਨੂੰ ਦੰਡ ਦੇਵੇ।”
14ਤਾਂ ਯਹੋਵਾਹ ਨੇ ਇਸਰਾਏਲ ਉੱਪਰ ਮਹਾਂਮਾਰੀ ਭੇਜੀ ਜਿਸ
ਵਿੱਚ 70,000 ਲੋਕ ਮਰ ਗਏ। 15ਪਰਮੇਸ਼ੁਰ ਨੇ ਯਰੂਸ਼ਲਮ ਨੂੰ
ਨਸ਼ਟ ਕਰਨ ਲਈ ਦੂਤ ਨੂੰ ਭੇਜਿਆ ਪਰ ਜਦ ਹੀ ਦੂਤ ਨੇ ਯਰੂਸ਼ਲਮ
ਨੂੰ ਨਾਸ ਕਰਨਾ ਸ਼ੁਰੂ ਕੀਤਾ ਤਾਂ ਯਹੋਵਾਹ ਇਸ ਨਾਸ ਨੂੰ ਵੇਖ ਕੇ
ਪਛਤਾਇਆ। ਤਾਂ ਯਹੋਵਾਹ ਨੇ ਉਸ ਦੂਤ ਨੂੰ ਜੋ ਨਾਸ ਕਰ ਰਿਹਾ ਸੀ
ਆਖਿਆ, “ਰੁਕ ਜਾ! ਬਸ ਬਹੁਤ ਹੋ ਗਿਆ!” ਉਸ ਵਕਤ ਯਹੋਵਾਹ
ਦਾ ਦੂਤ ਅਜੇ ਯਬੂਸੀ ਆਰਨਾਨ ਦੇ ਪਿੜ ਕੋਲ ਖੜੋਤਾ ਸੀ।
16ਤਾਂ ਦਾਊਦ ਨੇ ਆਪਣੀਆਂ ਅੱਖਾਂ ਉੱਪਰ ਨੂੰ ਕਰਕੇ ਅਸਮਾਨ
ਵਿੱਚ ਯਹੋਵਾਹ ਦੇ ਦੂਤ ਨੂੰ ਵੇਖਿਆ। ਦੂਤ ਦੀ ਤਲਵਾਰ ਯਰੂਸ਼ਲਮ
ਸ਼ਹਿਰ ਵੱਲ ਨਿੱਕਲੀ ਹੋਈ ਸੀ। ਤਦ ਦਾਊਦ ਅਤੇ ਬਜ਼ੁਰਗਾਂ ਨੇ
ਧਰਤੀ ਉੱਤੇ ਸਿਰ ਨਿਵਾਂ ਕੇ ਮੱਥਾ ਟੇਕਿਆ। ਦਾਊਦ ਅਤੇ ਬਜ਼ੁਰਗਾਂ
ਨੇ ਆਪਣਾ ਦੁੱਖ ਪ੍ਰਗਟ ਕਰਨ ਲਈ ਖਾਸ ਤੱਪੜ ਪਾਇਆ ਹੋਇਆ
ਸੀ। 17ਦਾਊਦ ਨੇ ਪਰਮੇਸ਼ੁਰ ਨੂੰ ਕਿਹਾ, “ਮੈਂ ਹੀ ਪਾਪੀ ਹਾਂ ਜਿਸ ਨੇ
ਲੋਕਾਂ ਦੀ ਗਿਣਤੀ ਕਰਨ ਦਾ ਹੁਕਮ ਦਿੱਤਾ। ਮੈਂ ਹੀ ਇਹ ਬੁਰਾ ਪਾਪ
ਕੀਤਾ ਹੈ। ਇਸਰਾਏਲੀਆਂ ਨੇ ਕੁਝ ਵੀ ਗ਼ਲਤ ਨਹੀਂ ਕੀਤਾ। ਹੇ ਮੇਰੇ
ਹੇ ਯਹੋਵਾਹ ਮੇਰੇ ਪਰਮੇਸ਼ੁਰ, ਮੈਨੂੰ ਅਤੇ ਮੇਰੇ ਪਰਿਵਾਰ ਨੂੰ ਸਜ਼ਾ ਦੇ,
ਪਰ, ਕਿਰਪਾ ਕਰਕੇ ਆਪਣੀਆਂ ਭੇਡਾਂ ਅਤੇ ਆਪਣੇ ਸ਼ਰਧਾਲੂਆਂ
ਉੱਪਰ ਇਹ ਮਹਾਮਾਰੀ ਨੂੰ ਰੋਕ ਦੇ।”
18ਤਦ ਯਹੋਵਾਹ ਦੇ ਦੂਤ ਨੇ ਗਾਦ ਨੂੰ ਕਿਹਾ ਕਿ ਦਾਊਦ ਨੂੰ ਆਖੇ
ਕਿ ਉਹ ਯਹੋਵਾਹ ਦੇ ਉਪਾਸਨਾ ਲਈ ਇੱਕ ਜਗਵੇਦੀ ਬਣਾਏ।
ਦਾਊਦ ਨੂੰ ਕਹੋ ਇਹ ਜਗਵੇਦੀ ਯਬੂਸੀ ਆਰਨਾਨ ਦੇ ਪਿੜ ਦੇ
ਨਜ਼ਦੀਕ ਬਣਾਵੇ। 19ਗਾਦ ਨੇ ਉਹ ਸਭ ਗੱਲਾਂ ਦੱਸੀਆਂ ਜੋ
ਪਰਮੇਸ਼ੁਰ ਨੇ ਉਸ ਨੂੰ ਦਾਊਦ ਨੂੰ ਦੱਸਣ ਲਈ ਕਹੀਆਂ ਸਨ ਤਾਂ
ਦਾਊਦ ਆਰਨਾਨ ਦੇ ਪਿੜ ਵਿੱਚ ਗਿਆ।
20ਉਸ ਵਕਤ ਆਰਨਾਨ ਕਣਕ ਦਾ ਗਾਹ ਪਾ ਰਿਹਾ ਸੀ ਉਸ ਨੇ
ਮੁੜ ਕੇ ਵੇਖਿਆ ਤਾਂ ਉਸ ਨੂੰ ਦੂਤ ਨਜ਼ਰ ਆਇਆ ਤਾਂ ਆਰਨਾਨ ਦੇ
ਚਾਰੋਂ ਪੁੱਤਰ ਲੁਕਣ ਲਈ ਭੱਜ ਖੜੋਤੇ। 21ਦਾਊਦ ਆਰਨਾਨ ਕੋਲ
ਪਹਾੜੀ ਉੱਪਰ ਜਾ ਰਿਹਾ ਸੀ। ਜਦੋਂ ਆਰਨਾਨ ਨੇ ਉਸ ਨੂੰ ਆਉਂਦਿਆਂ
ਵੇਖਿਆ, ਉਸ ਨੇ ਪਿੜ ਵਿੱਚ ਆਪਣਾ ਕੰਮ ਛੱਡ ਦਿੱਤਾ ਅਤੇ ਦਾਊਦ
ਵੱਲ ਆਇਆ। ਉਸ ਨੇ ਦਾਊਦ ਕੋਲ ਪਹੁੰਚ ਕੇ ਜ਼ਮੀਨ ਵੱਲ
ਆਪਣਾ ਮੂੰਹ ਕਰਕੇ ਉਸ ਦੇ ਅੱਗੇ ਝੁਕ ਗਿਆ।
22ਦਾਊਦ ਨੇ ਆਰਨਾਨ ਨੂੰ ਕਿਹਾ, “ਮੈਨੂੰ ਪੂਰੀ ਕੀਮਤ ਤੇ ਆਪਣਾ
ਪਿੜ ਵੇਚ ਦੇ, ਤਾਂ ਜੋ ਇੱਥੇ ਮੈਂ ਯਹੋਵਾਹ ਦੀ ਉਪਾਸਨਾ ਲਈ ਇੱਕ
ਜਗਵੇਦੀ ਬਣਾ ਸਕਾਂ। ਇਉਂ ਕਰਨ ਨਾਲ ਮਹਾਂਮਾਰੀ ਖਤਮ ਹੋ
ਜਾਵੇਗੀ।”
23ਆਰਨਾਨ ਨੇ ਦਾਊਦ ਨੂੰ ਕਿਹਾ, “ਤੂੰ ਇਹ ਪਿੜ ਸੰਭਾਲ ਲੈ।
ਤੂੰ ਤਾਂ ਮੇਰਾ ਪਾਤਸ਼ਾਹ ਸੁਆਮੀ ਹੈਂ। ਤੈਨੂੰ ਜਿਵੇਂ ਚੰਗਾ ਲੱਗਦਾ ਹੈ ਤੂੰ
ਕਰ ਲੈ। ਵੇਖ, ਮੈਂ ਤੈਨੂੰ ਹੋਮ ਦੀ ਭੇਟ ਲਈ ਪਸ਼ੂ ਅਤੇ ਅਨਾਜ ਦੀ
ਭੇਟ ਲਈ ਕਣਕ ਵੀ ਦੇਵਾਂਗਾ।”
24ਪਰ ਦਾਊਦ ਪਾਤਸ਼ਾਹ ਨੇ ਆਰਨਾਨ ਨੂੰ ਆਖਿਆ, “ਨਹੀਂ,
ਇਸ ਸਭ ਕਾਸੇ ਲਈ ਮੈਂ ਤੈਨੂੰ ਪੂਰੀ ਕੀਮਤ ਚੁਕਾਵਾਂਗਾ। ਮੈਂ ਤੇਰੀਆਂ
ਵਸਤਾਂ ਲੈ ਕੇ ਯਹੋਵਾਹ ਨੂੰ ਉਹ ਅਰਪਣ ਨਹੀਂ ਕਰਾਂਗਾ ਜੋ ਤੇਰੀਆਂ
ਹਨ। ਜਿਸ ਵਸਤ ਦੀ ਮੈਨੂੰ ਕੀਮਤ ਅਦਾ ਨਾ ਕਰਨੀ ਪਵੇ ਉਹ ਭੇਟ
ਮੈਂ ਕਿਵੇਂ ਕਰ ਸਕਦਾ ਹਾਂ?”
25ਇਸ ਲਈ ਦਾਊਦ ਨੇ ਆਰਨਾਨ ਨੂੰ ਉਸ ਥਾਂ ਲਈ ਸੋਨੇ
ਦੇ 15 ਪੌਂਡ ਦਿੱਤੇ। 26ਉੱਥੇ ਦਾਊਦ ਨੇ ਯਹੋਵਾਹ ਦੀ ਉਪਾਸਨਾ
ਲਈ ਜਗਵੇਦੀ ਤਿਆਰ ਕੀਤੀ। ਦਾਊਦ ਨੇ ਉੱਥੇ ਹੋਮ ਦੀਆਂ ਭੇਟਾਂ
ਅਤੇ ਸੁੱਖ ਸਾਂਦ ਦੀਆਂ ਭੇਟਾਂ ਚੜ੍ਹਾਈਆਂ। ਦਾਊਦ ਨੇ ਯਹੋਵਾਹ
ਅੱਗੇ ਪ੍ਰਾਰਥਨਾ ਕੀਤੀ। ਤਾਂ ਜਵਾਬ ਵਿੱਚ ਯਹੋਵਾਹ ਨੇ ਅਕਾਸ਼
ਤੋਂ ਹੋਮ ਦੀਆਂ ਭੇਟਾਂ ਦੀ ਜਗਵੇਦੀ ਉੱਪਰ ਅੱਗ ਭੇਜੀ। 27ਉਸ
ਵੇਲੇ ਯਹੋਵਾਹ ਨੇ ਉਸ ਦੂਤ ਨੂੰ ਆਗਿਆ ਦਿੱਤੀ ਕਿ ਉਹ ਆਪਣੀ
ਤਲਵਾਰ ਫ਼ਿਰ ਮਿਆਨ ਵਿੱਚ ਪਾ ਲਵੇ।
28ਦਾਊਦ ਨੇ ਵੇਖਿਆ ਕਿ ਯਹੋਵਾਹ ਨੇ ਯਬੂਸੀ ਆਰਨਾਨ ਦੇ ਪਿੜ
ਵਿੱਚ ਉਸ ਨੂੰ ਉੱਤਰ ਦਿੱਤਾ ਹੈ ਤਾਂ ਦਾਊਦ ਨੇ ਯਹੋਵਾਹ ਨੂੰ ਬਲੀ ਚੜ੍ਹਾਈ।

29(ਪਵਿੱਤਰ ਤੰਬੂ ਅਤੇ ਹੋਮ ਦੀਆਂ ਭੇਟਾਂ ਲਈ ਜਗਵੇਦੀ ਗਿਬਓਨ
ਵਿੱਚ ਉੱਚੇ ਥਾਂ ਉੱਤੇ ਸੀ। ਜਦੋਂ ਇਸਰਾਏਲ ਦੇ ਲੋਕ ਉਜਾੜ ਵਿੱਚ ਸਨ
ਉਸ ਵਕਤ ਮੂਸਾ ਨੇ ਇਹ ਪਵਿੱਤਰ ਤੰਬੂ ਬਣਾਇਆ ਸੀ। 30ਦਾਊਦ
ਕਿਉਂਕਿ ਪਰਮੇਸ਼ੁਰ ਤੋਂ ਭੈਭੀਤ ਸੀ ਇਸ ਲਈ ਉਹ ਉਸ ਕੋਲ ਪਵਿੱਤਰ
ਤੰਬੂ ਵਿੱਚ ਨਾ ਜਾ ਸਕਿਆ। ਦਾਊਦ ਯਹੋਵਾਹ ਦੇ ਦੂਤ ਦੀ ਤਲਵਾਰ
ਤੋਂ ਡਰਦਾ ਸੀ।)

**22** 1ਦਾਊਦ ਨੇ ਕਿਹਾ, "ਯਹੋਵਾਹ ਪਰਮੇਸ਼ੁਰ ਦਾ 'ਮੰਦਰ'
ਅਤੇ ਹੋਮ ਦੀਆਂ ਬਲੀਆਂ ਦੀ ਜਗਵੇਦੀ ਜੋ ਕਿ
ਇਸਰਾਏਲ ਦੇ ਲੋਕਾਂ ਲਈ ਹੋਵੇਗੀ, ਇਸ ਥਾਵੇਂ ਹੀ ਬਣੇਗੀ।"

### ਦਾਊਦ ਦੀ ਮੰਦਰ ਲਈ ਤਿਆਰੀ

2ਦਾਊਦ ਨੇ ਸਾਰੇ ਵਿਦੇਸ਼ੀਆਂ ਨੂੰ ਜੋ ਇਸਰਾਏਲ ਵਿੱਚ ਰਹਿ ਰਹੇ ਸਨ
ਇਕੱਠਿਆਂ ਹੋਣ ਦਾ ਹੁਕਮ ਦਿੱਤਾ ਅਤੇ ਦਾਊਦ ਨੇ ਉਨ੍ਹਾਂ ਵਿਦੇਸ਼ੀਆਂ
ਵਿੱਚੋਂ ਉਨ੍ਹਾਂ ਦੇ ਦਲ ਵਿੱਚੋਂ ਕੁਝ ਪੱਥਰ ਘੜਨ ਵਾਲਿਆਂ ਨੂੰ ਚੁਣਿਆ,
ਜਿਨ੍ਹਾਂ ਦਾ ਕੰਮ ਪਰਮੇਸ਼ੁਰ ਦੇ ਮੰਦਰ ਦੀ ਇਮਾਰਤ ਲਈ ਪੱਥਰ
ਘੜਨੇ ਸੀ। 3ਦਾਊਦ ਨੇ ਪ੍ਰਵੇਸ਼ ਦੇ ਦਰਵਾਜ਼ਿਆਂ ਲਈ ਮੇਖਾਂ ਅਤੇ
ਕਬਜ਼ੇ ਬਣਾਉਣ ਲਈ ਬਹੁਤ ਸਾਰਾ ਲੋਹਾ ਇਕੱਠਾ ਕੀਤਾ ਅਤੇ ਤੋਲੇ
ਜਾਣ ਤੋਂ ਵੀ ਵਧੇਰੇ ਕਾਂਸੀ ਇਕੱਠੀ ਕੀਤੀ। 4ਦਾਊਦ ਨੇ ਸੀਦੋਨ ਅਤੇ
ਸੂਰ ਦੇ ਲੋਕਾਂ ਤੋਂ ਜਿਹੜੇ ਦਾਊਦ ਕੋਲ ਦਿਆਰ ਦੀ ਲੱਕੜੀ ਲੈ ਕੇ
ਆਏ, ਬੇਹਿਸਾਬ ਦਿਆਰ ਦੀ ਲੱਕੜੀ ਲਈ।

5ਦਾਊਦ ਨੇ ਕਿਹਾ, "ਸਾਨੂੰ ਯਹੋਵਾਹ ਲਈ ਇੱਕ ਬਹੁਤ ਹੀ
ਵਿਸ਼ਾਲ ਅਤੇ ਮਹਾਨ ਮੰਦਰ ਬਣਾਉਣਾ ਚਾਹੀਦਾ ਹੈ। ਪਰ ਮੇਰਾ
ਪੁੱਤਰ ਅਜੇ ਬਹੁਤ ਛੋਟਾ ਅਤੇ ਤਜ਼ਰਬਾਹੀਣ ਹੈ। ਯਹੋਵਾਹ ਦਾ
ਮੰਦਰ ਇਸਦੀ ਮਹਾਨਤਾ ਅਤੇ ਸੁੰਦਰਤਾ ਲਈ ਸਾਰੀਆਂ ਕੌਮਾਂ
ਵਿੱਚ ਮਸ਼ਹੂਰ ਹੋਣਾ ਚਾਹੀਦਾ ਹੈ। ਇਸੇ ਕਾਰਣ ਯਹੋਵਾਹ ਦੇ ਮੰਦਰ
ਦੇ ਨਿਰਮਾਣ ਦੀ ਮੈਂ ਯੋਜਨਾ ਬਣਾਈ ਹੈ।" ਇਸ ਲਈ ਦਾਊਦ
ਨੇ ਆਪਣੀ ਮੌਤ ਤੋਂ ਪਹਿਲਾਂ ਮੰਦਰ ਦੇ ਨਿਰਮਾਣ ਦੀਆਂ ਬੜੀਆਂ
ਯੋਜਨਾਵਾਂ ਬਣਾਈਆਂ।

6ਫ਼ਿਰ ਦਾਊਦ ਨੇ ਆਪਣੇ ਪੁੱਤਰ ਸੁਲੇਮਾਨ ਨੂੰ ਸੱਦਿਆ। ਦਾਊਦ
ਨੇ ਸੁਲੇਮਾਨ ਨੂੰ ਇਸਰਾਏਲ ਦੇ ਯਹੋਵਾਹ ਪਰਮੇਸ਼ੁਰ ਲਈ ਮੰਦਰ
ਦੇ ਨਿਰਮਾਣ ਕਰਨ ਦੇ ਬਾਰੇ ਦੱਸਿਆ। 7ਦਾਊਦ ਨੇ ਸੁਲੇਮਾਨ ਨੂੰ
ਕਿਹਾ, "ਮੇਰੇ ਪੁੱਤਰ! ਮੈਂ ਯਹੋਵਾਹ ਆਪਣੇ ਪਰਮੇਸ਼ੁਰ ਦੇ ਨਾਮ ਲਈ
ਇੱਕ ਮੰਦਰ ਬਣਾਉਣਾ ਚਾਹੁੰਦਾ ਹਾਂ। 8ਪਰ ਮੇਰੇ ਯਹੋਵਾਹ ਨੇ ਮੈਨੂੰ
ਆਖਿਆ, 'ਦਾਊਦ ਤੂੰ ਬੜੀਆਂ ਲੜਾਈਆਂ ਲੜਿਆ ਹੈਂ ਅਤੇ ਤੂੰ
ਬਹੁਤ ਸਾਰੇ ਲੋਕਾਂ ਨੂੰ ਮਾਰਿਆ ਹੈ। ਇਸ ਲਈ ਤੂੰ ਮੇਰੇ ਨਾਂ ਲਈ
ਮੰਦਰ ਨਹੀਂ ਬਣਵਾ ਸਕਦਾ। 9ਪਰ ਤੇਰੇ ਘਰ ਇੱਕ ਪੁੱਤਰ ਹੋਵੇਗਾ
ਜੋ ਅਮਨ ਪਸੰਦ ਹੋਵੇਗਾ ਅਤੇ ਮੈਂ ਤੇਰੇ ਪੁੱਤਰ ਨੂੰ ਸ਼ਾਂਤੀ ਦਾ ਸਮਾਂ
ਦੇਵਾਂਗਾ। ਉਸ ਦੇ ਚੌਗਿਰਦੇ 'ਚ ਪਸਰੇ ਉਸ ਦੇ ਵੈਰੀ ਉਸ ਨੂੰ
ਪਰੇਸ਼ਾਨ ਨਹੀਂ ਕਰਨਗੇ ਅਤੇ ਉਸ ਦਾ ਨਾਂ ਸੁਲੇਮਾਨ ਹੋਵੇਗਾ। ਅਤੇ
ਮੈਂ ਸੁਲੇਮਾਨ ਦੇ ਰਾਜ ਵਿੱਚ ਇਸਰਾਏਲ ਨੂੰ ਸੁੱਖ ਸ਼ਾਂਤੀ ਤੇ ਅਮਨ ਦਾ
ਰਾਜ ਦੇਵਾਂਗਾ। 10ਸੁਲੇਮਾਨ ਮੇਰੇ ਨਾਂ ਵਾਸਤੇ ਮੰਦਰ ਦਾ ਨਿਰਮਾਣ
ਕਰੇਗਾ। ਸੁਲੇਮਾਨ ਮੇਰਾ ਪੁੱਤਰ ਹੋਵੇਗਾ ਅਤੇ ਮੈਂ ਉਸ ਦਾ ਪਿਤਾ।
ਅਤੇ ਮੈਂ ਸੁਲੇਮਾਨ ਦੇ ਰਾਜ ਨੂੰ ਮਜ਼ਬੂਤ ਸ਼ਕਤੀਸ਼ਾਲੀ ਬਣਾਵਾਂਗਾ
ਅਤੇ ਉਸ ਦੇ ਘਰਾਣੇ ਵਿੱਚੋਂ ਕਿਸੇ ਦਾ ਰਾਜ ਹਮੇਸ਼ਾ-ਹਮੇਸ਼ਾ ਲਈ
ਇਸਰਾਏਲ ਤੇ ਰਹੇਗਾ।'"

11ਦਾਊਦ ਨੇ ਇਹ ਵੀ ਕਿਹਾ, "ਹੁਣ ਹੇ ਮੇਰੇ ਪੁੱਤਰ! ਪਰਮੇਸ਼ੁਰ ਤੇਰੇ
ਅੰਗ-ਸੰਗ ਰਹੇ। ਤੈਨੂੰ ਸਫ਼ਲਤਾ ਮਿਲੇ ਅਤੇ ਤੂੰ ਯਹੋਵਾਹ ਆਪਣੇ
ਪਰਮੇਸ਼ੁਰ ਲਈ ਮੰਦਰ ਬਣਾਉਣ ਵਿੱਚ ਕਾਮਯਾਬ ਹੋਵੇਂ, ਜਿਵੇਂ ਕਿ
ਉਸ ਨੇ ਤੇਰੇ ਬਾਰੇ ਬਚਨ ਕੀਤਾ ਹੈ। 12ਯਹੋਵਾਹ ਤੈਨੂੰ ਇਸਰਾਏਲ
ਦੀ ਪਾਤਸ਼ਾਹੀ ਦੇਵੇ। ਪਰਮੇਸ਼ੁਰ ਤੈਨੂੰ ਸਮਝ ਅਤੇ ਸੋਝੀ ਦੇਵੇ ਤਾਂ ਜੋ
ਤੂੰ ਬੁੱਧੀ ਨਾਲ ਇਸਰਾਏਲ ਦੇ ਲੋਕਾਂ ਨੂੰ ਆਪਣੇ ਪਰਮੇਸ਼ੁਰ ਦਾ ਹੁਕਮ
ਅਤੇ ਨਿਆਂ ਮੰਨਦਾ ਹੋਇਆ ਰਾਹੇ ਪਾ ਸਕੇਂ। 13ਜੇਕਰ ਤੂੰ ਪਰਮੇਸ਼ੁਰ
ਦੇ ਅਸੂਲ ਅਤੇ ਨੇਮ ਮੰਨੇਂਗਾ ਜਿਹੜੇ ਪਰਮੇਸ਼ੁਰ ਨੇ ਇਸਰਾਏਲ
ਲਈ ਮੂਸਾ ਨੂੰ ਦਿੱਤੇ ਸਨ, ਤਾਂ ਪਰਮੇਸ਼ੁਰ ਤੇਰੇ ਤੇ ਕਿਰਪਾ ਕਰੇਗਾ
ਤੇ ਤੈਨੂੰ ਸਫ਼ਲਤਾ ਦੇਵੇਗਾ। ਤੂੰ ਬਹਾਦੁਰ ਹੋ ਕੇ ਸ਼ਕਤੀਸ਼ਾਲੀ ਹੋ,
ਡਰ ਨਹੀਂ।

14"ਸੁਲੇਮਾਨ, ਵੇਖ, ਮੈਂ ਯਹੋਵਾਹ ਦੇ ਮੰਦਰ ਲਈ ਯੋਜਨਾ
ਬਣਾਉਣ ਵਿੱਚ ਬੜੀ ਸਖਤ ਮਿਹਨਤ ਕੀਤੀ ਹੈ। ਇਸ ਦੇ ਲਈ ਮੈਂ
3,750 ਟੱਨ ਸੋਨਾ, 37,500 ਟੱਨ ਚਾਂਦੀ ਅਤੇ ਬਹੁਤ ਹੀ ਕਾਂਸੀ
ਅਤੇ ਲੋਹਾ ਦਿੱਤਾ ਹੈ ਜੋ ਤੋਲੇ ਨਹੀਂ ਜਾ ਸਕਦੇ। ਇਨ੍ਹਾਂ ਤੋਂ ਇਲਾਵਾ,
ਮੈਂ ਇਸ ਦੇ ਨਿਰਮਾਣ ਲਈ ਲੱਕੜ ਅਤੇ ਪੱਥਰ ਵੀ ਦਿੱਤੇ ਹਨ।
ਸੁਲੇਮਾਨ, ਤੂੰ ਇਨ੍ਹਾਂ ਵਿੱਚ ਹੋਰ ਵਧੇਰੇ ਜੋੜ ਸਕਦਾ ਹੈਂ। 15ਤੇਰੇ ਕੋਲ
ਬਹੁਤ ਸਾਰੇ ਪੱਥਰ ਘਾੜੇ ਅਤੇ ਤਰਖਾਣ ਹਨ ਅਤੇ ਤੇਰੇ ਕੋਲ ਹਰ
ਖੇਤਰ ਦੇ ਮਾਹਿਰ ਕਾਰੀਗਰ ਵੀ ਹਨ। 16ਜੋ ਕਿ ਸੋਨੇ, ਚਾਂਦੀ, ਪਿੱਤਲ
ਅਤੇ ਲੋਹੇ ਆਦਿ ਦੀ ਕਾਰੀਗਰੀ 'ਚ ਬੜੇ ਨਿਪੁੰਨ ਹਨ। ਤੇਰੇ ਕੋਲ
ਤਾਂ ਅਜਿਹੇ ਕਾਰੀਗਰ ਬੇਹਿਸਾਬ ਹਨ। ਇਸ ਲਈ ਹੁਣ ਤੂੰ ਕਾਰਜ
ਸ਼ੁਰੂ ਕਰ। ਯਹੋਵਾਹ ਤੇਰੇ ਅੰਗ-ਸੰਗ ਹੋਵੇ।"

17ਤਦ ਦਾਊਦ ਨੇ ਇਸਰਾਏਲ ਦੇ ਸਾਰੇ ਆਗੂਆਂ ਨੂੰ ਆਪਣੇ
ਪੁੱਤਰ ਸੁਲੇਮਾਨ ਦੀ ਮਦਦ ਕਰਨ ਲਈ ਆਖਿਆ। 18ਦਾਊਦ ਨੇ
ਇਨ੍ਹਾਂ ਆਗੂਆਂ ਨੂੰ ਕਿਹਾ, "ਯਹੋਵਾਹ ਤੁਹਾਡਾ ਪਰਮੇਸ਼ੁਰ ਤੁਹਾਡੇ
ਨਾਲ ਹੈ। ਉਸ ਨੇ ਤੁਹਾਨੂੰ ਸ਼ਾਂਤੀ ਦਾ ਸਮਾਂ ਬਖਸ਼ਿਆ ਹੈ। ਯਹੋਵਾਹ
ਨੇ ਇਸ ਧਰਤੀ ਦੇ ਸਾਰੇ ਵਾਸੀਆਂ ਨੂੰ ਹਰਾਉਣ 'ਚ ਮੇਰੀ ਸਹਾਇਤਾ
ਕੀਤੀ ਹੈ। ਸੋ ਹੁਣ ਯਹੋਵਾਹ ਅਤੇ ਉਸ ਦੇ ਲੋਕ ਇਸ ਧਰਤੀ ਤੇ
ਕਾਬਿਜ਼ ਹਨ। 19ਇਸ ਲਈ ਆਪਣੇ ਮਨ ਅਤੇ ਦਿਲ ਪਰਮੇਸ਼ੁਰ
ਨੂੰ ਸੌਂਪ ਦੇਵੋ ਅਤੇ ਉਸ ਦੇ ਆਦੇਸ਼ ਅਨੁਸਾਰ ਚੱਲੋ। ਯਹੋਵਾਹ ਦੇ
ਪਵਿੱਤਰ ਅਸਥਾਨ ਨੂੰ ਬਣਾਉਣ ਲਈ ਤਿਆਰ ਹੋਵੋ ਅਤੇ ਯਹੋਵਾਹ
ਦੇ ਨਾਂ ਤੇ ਮੰਦਰ ਦੀ ਉਸਾਰੀ ਕਰੋ ਤੇ ਫ਼ਿਰ ਉਸ ਦੇ ਨੇਮ ਦੇ ਸੰਦੂਕ
ਨੂੰ ਅਤੇ ਹੋਰ ਪਵਿੱਤਰ ਵਸਤਾਂ ਨੂੰ ਲਿਆ ਕੇ ਇਸ ਮੰਦਰ ਵਿੱਚ
ਟਿਕਾ ਦੇਵੋ।"

### ਲੇਵੀਆਂ ਲਈ ਮੰਦਰ ਵਿੱਚ ਸੇਵਾ ਕਰਨ ਦੀਆਂ ਵਿਉਂਤਾਂ

**23** 1ਹੁਣ ਦਾਊਦ ਬੁੱਢਾ ਹੋ ਚੁੱਕਾ ਸੀ ਇਸ ਲਈ ਉਸ ਨੇ
ਆਪਣੇ ਪੁੱਤਰ ਸੁਲੇਮਾਨ ਨੂੰ ਇਸਰਾਏਲ ਦਾ ਪਾਤਸ਼ਾਹ
ਠਹਿਰਾਇਆ। 2ਦਾਊਦ ਨੇ ਇਸਰਾਏਲ ਦੇ ਸਾਰੇ ਸਰਦਾਰਾਂ ਨੂੰ
ਇਕੱਠਿਆਂ ਕੀਤਾ ਅਤੇ ਇਸ ਦੇ ਨਾਲ ਹੀ ਸਾਰੇ ਜਾਜਕਾਂ ਅਤੇ
ਲੇਵੀਆਂ ਨੂੰ ਵੀ। 3ਦਾਊਦ ਨੇ 30 ਸਾਲ ਜਾਂ 30 ਸਾਲ ਤੋਂ
ਉੱਪਰ ਦੇ ਲੇਵੀਆਂ ਨੂੰ ਗਿਣਿਆ, ਕੁਲ ਮਿਲਾ ਕੇ ਉੱਥੇ 38,000
ਲੇਵੀਆਂ ਦੀ ਗਿਣਤੀ ਬਣੀ। 4ਦਾਊਦ ਨੇ ਕਿਹਾ, "24,000
ਲੇਵੀ ਯਹੋਵਾਹ ਦੇ ਮੰਦਰ ਦੀ ਇਮਾਰਤ ਦੀ ਦੇਖ ਰੇਖ ਕਰਨਗੇ
ਅਤੇ 6,000 ਲੇਵੀ ਨਿਆਂਕਾਰ ਅਤੇ ਪੁਲਸੀਏ ਹੋਣਗੇ। 5ਚਾਰ
ਹਜ਼ਾਰ ਲੇਵੀ ਦਰਬਾਨ ਦਾ ਕੰਮ ਕਰਨਗੇ ਅਤੇ 4,000 ਲੇਵੀ
ਸੰਗੀਤਕਾਰ ਹੋਣਗੇ, ਜਿਨ੍ਹਾਂ ਵਾਸਤੇ ਮੈਂ ਖਾਸ ਸਾਜ਼ ਬਣਵਾਏ ਹਨ।
ਇਨ੍ਹਾਂ ਸਾਜ਼ਾਂ ਨਾਲ ਇਹ ਵਜੰਤਰੀ ਯਹੋਵਾਹ ਦਾ ਉਸਤਤ ਗਾਨ
ਕਰਨਗੇ।"

6ਦਾਊਦ ਨੇ ਲੇਵੀਆਂ ਨੂੰ 3 ਦਲਾਂ ਵਿੱਚ ਵੰਡਿਆ। ਇਹ ਲੇਵੀ
ਦੇ 3 ਪੁੱਤਰਾਂ ਦੇ ਘਰਾਣੇ ਸਨ। ਜਿਨ੍ਹਾਂ ਦੇ ਨਾਉਂ ਗੇਰਸ਼ੋਨ, ਕਹਾਥ
ਅਤੇ ਮਰਾਰੀ ਸਨ।

### ਗੇਰਸ਼ੋਨ ਦਾ ਘਰਾਣੇ

7 ਗੇਰਸ਼ੋਨ ਦੇ ਘਰਾਣੇ ਵਿੱਚੋਂ ਲਅਦਾਨ ਅਤੇ ਸ਼ਿਮਈ ਸਨ।
8ਲਅਦਾਨ ਦੇ 3 ਪੁੱਤਰ ਸਨ। ਉਸ ਦਾ ਪਲੋਠਾ ਪੁੱਤਰ
ਯਹੀਏਲ ਸੀ ਅਤੇ ਉਸ ਦੇ ਦੂਜੇ ਪੁੱਤਰ ਸਨ ਜ਼ੇਥਾਮ
ਅਤੇ ਯੋਏਲ। 9ਸ਼ਿਮਈ ਦੇ ਪੁੱਤਰ-ਸ਼ਲੋਮੀਥ, ਹਜ਼ੀਏਲ
ਅਤੇ ਹਾਰਾਨ ਸਨ। ਇਹ ਤਿੰਨੇ ਲਅਦਾਨ ਦੇ ਘਰਾਣੇ ਦੇ
ਮੁਖੀਏ ਸਨ।
10 ਸ਼ਿਮਈ ਦੇ ਚਾਰ ਪੁੱਤਰ-ਯਹਥ, ਜ਼ੀਨਾ, ਯਿਊਸ਼ ਅਤੇ
ਬਰੀਆ ਸੀ। 11ਯਹਥ ਉਸ ਦਾ ਪਲੋਠਾ ਪੁੱਤਰ ਸੀ ਅਤੇ
ਜ਼ੀਜ਼ਾਹ ਦੂਜਾ ਪਰ ਯਿਊਸ਼ ਅਤੇ ਬਰੀਆਹ ਦੇ ਬਹੁਤ
ਪੁੱਤਰ ਨਹੀਂ ਸਨ ਇਸੇ ਲਈ ਉਹ ਦੋਨੋ ਇੱਕੋ ਹੀ ਘਰਾਣੇ
ਵਿੱਚ ਗਿਣੇ ਗਏ।

### ਕਹਾਥ ਦਾ ਘਰਾਣੇ

12 ਕਹਾਥ ਦੇ 4 ਪੁੱਤਰ ਸਨ, ਜਿਨ੍ਹਾਂ ਦੇ ਨਾਉਂ ਅਮਰਾਮ,
ਯਿਸਹਾਰ, ਹਬਰੋਨ ਤੇ ਉਜ਼ੀਏਲ ਸਨ। 13ਅਮਰਾਮ ਦੇ
2 ਪੁੱਤਰ ਹਾਰੂਨ ਅਤੇ ਮੂਸਾ ਸਨ। ਹਾਰੂਨ ਨੂੰ ਬਹੁਤ ਖਾਸ
ਹੋਣ ਲਈ ਚੁਣਿਆ ਗਿਆ ਸੀ ਅਤੇ ਇਸ ਲਈ ਉਹ
ਅਤੇ ਉਸ ਦਾ ਵੰਸ਼ ਹਮੇਸ਼ਾ ਖਾਸ ਹੋਣ ਲਈ ਚੁਣੇ ਗਏ
ਸਨ। ਉਹ ਯਹੋਵਾਹ ਦੀ ਉਪਾਸਨਾ ਲਈ ਪਵਿੱਤਰ ਚੀਜ਼ਾਂ
ਨੂੰ ਤਿਆਰ ਕਰਨ ਲਈ ਚੁਣੇ ਗਏ ਸਨ। ਹਾਰੂਨ ਅਤੇ
ਉਸ ਦੇ ਵੰਸ਼ ਨੂੰ ਯਹੋਵਾਹ ਅੱਗੇ ਧੂਪ ਧੁਖਾਉਣ ਲਈ
ਵੀ ਚੁਣਿਆ ਗਿਆ। ਉਨ੍ਹਾਂ ਨੂੰ ਯਹੋਵਾਹ ਨੂੰ ਜਾਜਕ ਬਣ
ਕੇ ਸੇਵਾ ਕਰਨ ਲਈ ਵੀ ਚੁਣਿਆ ਗਿਆ। ਉਨ੍ਹਾਂ ਨੂੰ
ਯਹੋਵਾਹ ਦੀ ਉਪਾਸਨਾ ਕਰਨ ਅਤੇ ਸਦੀਵ ਕਾਲ ਲਈ
ਉਸ ਦਾ ਨਾਉਂ ਲੈ ਕੇ ਬਰਕਤ ਦੇਣ ਦਾ ਹੱਕ ਪ੍ਰਾਪਤ ਸੀ।
14 ਮੂਸਾ ਯਹੋਵਾਹ ਦਾ ਮਨੁੱਖ ਸੀ ਅਤੇ ਮੂਸਾ ਦੇ ਪੁੱਤਰ ਲੇਵੀ
ਘਰਾਣੇ ਦੇ ਅੰਗ ਸਨ। 15ਗੇਰਸ਼ੋਮ ਅਤੇ ਅਲੀਅਜ਼ਰ
ਮੂਸੇ ਦੇ ਪੁੱਤਰ ਸਨ। 16ਗੇਰਸ਼ੋਮ ਦੇ ਵੱਡੇ ਪੁੱਤਰ ਦਾ ਨਾਂ
ਸਬੂਏਲ ਸੀ। 17ਅਲੀਅਜ਼ਰ ਦੇ ਵੱਡੇ ਪੁੱਤਰ ਦਾ ਨਾਂ
ਰਹਾਬਯਾਹ ਸੀ ਤੇ ਅਲੀਅਜ਼ਰ ਦਾ ਇਸਤੋਂ ਇਲਾਵਾ ਹੋਰ
ਕੋਈ ਪੁੱਤਰ ਨਹੀਂ ਸੀ ਪਰ ਰਹਾਬਯਾਹ ਦੇ ਬਹੁਤ ਸਾਰੇ
ਪੁੱਤਰ ਸਨ।
18 ਯਿਸਹਾਰ ਦੇ ਪਲੋਠੇ ਪੁੱਤਰ ਦਾ ਨਾਉਂ ਸ਼ਲੋਮੀਥ ਸੀ।
19 ਹਬਰੋਨ ਦੇ ਪਲੋਠੇ ਪੁੱਤਰ ਦਾ ਨਾਉਂ ਯਰੀਯਾਹ ਸੀ ਅਤੇ ਦੂਜੇ
ਦਾ ਨਾਂ ਅਮਰਯਾਹ। ਯਹਜ਼ੀਏਲ ਉਸ ਦਾ ਤੀਜਾ ਅਤੇ
ਚੌਥਾ ਪੁੱਤਰ ਯਿਕਮਆਮ ਸੀ।
20 ਉਜ਼ੀਏਲ ਦਾ ਸਭ ਤੋਂ ਵੱਡਾ ਪੁੱਤਰ ਮੀਕਾਹ ਅਤੇ ਛੋਟਾ
ਯਿੱਸੀਯਾਹ ਸੀ।

### ਮਰਾਰੀ ਦਾ ਘਰਾਣਾ

21 ਮਹਲੀ ਅਤੇ ਮੂਸ਼ੀ ਮਰਾਰੀ ਦੇ ਪੁੱਤਰ ਸਨ। ਮਹਲੀ ਦੇ ਪੁੱਤਰ
ਅਲਆਜ਼ਾਰ ਅਤੇ ਕੀਸ਼ ਸਨ। 22ਅਲਆਜ਼ਾਰ ਦੀ
ਜਦੋਂ ਮੌਤ ਹੋਈ ਉਸ ਦੇ ਘਰ ਕੋਈ ਪੁੱਤਰ ਨਹੀਂ ਸੀ
ਸਿਰਫ਼ ਧੀਆਂ ਸਨ, ਜਿਨ੍ਹਾਂ ਦਾ ਵਿਆਹ ਉਸ ਨੇ ਆਪਣੇ
ਸਬੰਧੀਆਂ ਵਿੱਚ ਹੀ ਕੀਤਾ ਜੋ ਕਿ ਕੀਸ਼ ਦੇ ਪੁੱਤਰ ਸਨ।
23ਮੂਸ਼ੀ ਦੇ ਘਰ ਤਿੰਨ ਪੁੱਤਰ ਹੋਏ। ਜਿਨ੍ਹਾਂ ਦੇ ਨਾਉਂ
ਮਹਲੀ, ਏਦਰ ਅਤੇ ਯਿਰੇਮੋਥ ਸੀ।

### ਲੇਵੀਆਂ ਦਾ ਕੰਮ

24ਇਨ੍ਹਾਂ ਲੇਵੀਆਂ ਦੇ ਪੁੱਤਰਾਂ ਦੇ ਨਾਂ ਆਪਣੀ ਵੰਸ਼ ਮੁਤਾਬਕ ਸੂਚੀ 'ਚ
ਅੰਕਿਤ ਹਨ। ਇਹ ਆਪੋ-ਆਪਣੇ ਘਰਾਣੇ ਦੇ ਮੁਖੀ ਸਨ ਤੇ ਹਰੇਕ
ਲੇਵੀ ਦਾ ਨਾਂ ਸੂਚੀ ਵਿਚ ਦਰਜ ਸੀ। ਜਿਨ੍ਹਾਂ ਦੇ ਨਾਂ ਸੂਚੀ ਵਿੱਚ ਦਰਜ
ਸਨ ਉਹ 20 ਵਰ੍ਹੇ ਜਾਂ ਉਸ ਤੋਂ ਉੱਤੇ ਸਨ ਅਤੇ ਉਨ੍ਹਾਂ ਨੇ ਯਹੋਵਾਹ
ਦੇ ਮੰਦਰ ਵਿੱਚ ਸੇਵਾ ਕੀਤੀ।
25ਦਾਊਦ ਨੇ ਕਿਹਾ ਸੀ, "ਇਸਰਾਏਲ ਦੇ ਯਹੋਵਾਹ ਪਰਮੇਸ਼ੁਰ
ਨੇ ਆਪਣੇ ਲੋਕਾਂ ਵਿੱਚ ਸੁੱਖ ਸ਼ਾਂਤੀ ਦਿੱਤੀ ਹੈ ਅਤੇ ਉਹ ਸਦੀਵਕਾਲ
ਤੋੜੀ ਯਰੂਸ਼ਲਮ ਵਿੱਚ ਵੱਸਦਾ ਰਹੇਗਾ। 26ਇਸ ਲਈ ਹੁਣ
ਲੇਵੀਆਂ ਨੂੰ ਪਵਿੱਤਰ ਤੰਬੂ ਅਤੇ ਇਸ ਵਿੱਚ ਸੇਵਾ ਲਈ ਵਰਤਣ
ਵਾਲੀਆਂ ਵਸਤਾਂ ਨਹੀਂ ਚੁੱਕਣੀਆਂ ਪੈਣਗੀਆਂ।"
27ਦਾਊਦ ਦੀ ਅਖੀਰਲੀ ਹਿਦਾਇਤ ਇਸਰਾਏਲੀਆਂ ਵਾਸਤੇ
ਜਿਹੜੀ ਸੀ ਉਹ ਸੀ ਲੇਵੀ ਦੇ ਘਰਾਣੇ ਦੇ ਵੰਸ਼ ਦੀ ਗਿਣਤੀ ਕਰਨਾ
ਸੀ। ਤਾਂ ਉਨ੍ਹਾਂ ਨੇ 20 ਵਰ੍ਹੇ ਜਾਂ ਉਸ ਤੋਂ ਉੱਪਰ ਦੇ ਲੇਵੀਆਂ ਦੀ
ਗਿਣਤੀ ਕੀਤੀ।
28ਲੇਵੀਆਂ ਦਾ ਕੰਮ ਯਹੋਵਾਹ ਦੇ ਮੰਦਰ ਦੀ ਸੇਵਾ ਕਰਨ ਵਿੱਚ
ਅਤੇ ਮੰਦਰ ਦੇ ਪਾਸਿਆਂ ਵਾਲੇ ਕਮਰਿਆਂ ਅਤੇ ਮੰਦਰ ਦੇ ਵਿਹੜੇ ਦੀ
ਦੇਖਭਾਲ ਕਰਨ ਵਿੱਚ ਹਾਰੂਨ ਦੇ ਵੰਸ਼ ਦੀ ਮਦਦ ਕਰਨਾ ਸੀ। ਉਨ੍ਹਾਂ
ਦਾ ਕੰਮ ਸਾਰੀਆਂ ਪਵਿੱਤਰ ਵਸਤਾਂ ਨੂੰ ਸ਼ੁੱਧ ਕਰਨਾ ਸੀ। ਪਰਮੇਸ਼ੁਰ
ਦੇ ਮੰਦਰ ਵਿੱਚ ਸੇਵਾ ਕਰਨਾ ਉਨ੍ਹਾਂ ਦਾ ਕੰਮ ਸੀ। 29ਉਹ ਚੜ੍ਹਾਵੇ ਦੀ
ਰੋਟੀ ਲਈ ਅਤੇ ਅਨਾਜ ਦੀ ਭੇਟ ਦੇ ਮੈਦੇ ਲਈ ਅਤੇ ਬੇਖਮੀਰੀ
ਬਣੀ ਰੋਟੀ ਲਈ ਅਤੇ ਤਵੇ ਉੱਤੇ ਪਕਾਈਆਂ ਹੋਈਆਂ ਰੋਟੀਆਂ ਅਤੇ
ਰਲੀਆਂ ਮਿਲੀਆਂ ਭੇਟਾਂ ਲਈ ਜਿੰਮੇਵਾਰ ਸਨ। ਲੇਵੀ ਹਰ ਤਰ੍ਹਾਂ ਦੀ
ਮਿਣਤੀ ਕਰਦੇ ਸਨ। 30ਲੇਵੀ ਹਰ ਸਵੇਰ ਖੜ੍ਹੇ ਹੋ ਕੇ ਯਹੋਵਾਹ ਦੇ
ਧੰਨਵਾਦ ਤੇ ਉਸਤਤ ਕਰਦੇ। ਇੰਞ ਹੀ ਉਸ ਦਾ ਉਸਤਤ ਗਾਣ ਉਹ
ਸਵੇਰ ਅਤੇ ਹਰ ਸ਼ਾਮ ਨੂੰ ਕਰਦੇ ਸਨ। 31ਲੇਵੀ ਸਬਤਾਂ ਦੇ ਦਿਨਾਂ
ਅਤੇ ਅਮੱਸਿਆ ਦੇ ਦਿਨਾਂ ਤੇ ਚੜ੍ਹਾਈਆਂ ਜਾਣ ਵਾਲੀਆਂ ਭੇਟਾਂ
ਅਤੇ ਹੋਮ ਦੀਆਂ ਭੇਟਾਂ ਅਤੇ ਸਾਰੇ ਉਤਸਵਾਂ ਲਈ ਜਿੰਮੇਵਾਰ ਸਨ।
ਉਹ ਹਰ ਰੋਜ਼ ਯਹੋਵਾਹ ਦੇ ਅੱਗੇ ਸੇਵਾ ਕਰਦੇ ਸਨ। ਹਰ ਵਾਰੀ ਕਿੰਨੇ
ਲੇਵੀਆਂ ਨੂੰ ਕੰਮ ਕਰਨਾ ਚਾਹੀਦਾ, ਇਸ ਵਾਸਤੇ ਵੀ ਅਸੂਲ ਸਨ।
32ਇਉਂ, ਲੇਵੀਆਂ ਜਿੰਮੇ ਜੋ-ਜੋ ਕਾਰਜ ਲੱਗੇ ਉਨ੍ਹਾਂ ਬਾਖੂਬੀ ਕੀਤੇ।
ਉਨ੍ਹਾਂ ਨੇ ਪਵਿੱਤਰ ਤੰਬੂ ਅਤੇ ਪਵਿੱਤਰ ਸਥਾਨ ਦੀ ਦੇਖਭਾਲ ਕੀਤੀ।
ਅਤੇ ਆਪਣੇ ਸਬੰਧੀਆਂ (ਜਾਜਕਾਂ) ਜੋ ਕਿ ਹਾਰੂਨ ਦੇ ਵੰਸ਼ ਦੇ ਸਨ
ਦੀ ਸਹਾਇਤਾ ਕੀਤੀ। ਲੇਵੀਆਂ ਨੇ ਜਾਜਕਾਂ ਦੀ ਮਦਦ ਯਹੋਵਾਹ ਦੇ
ਮੰਦਰ ਦੀ ਸੇਵਾ-ਸੰਭਾਲ ਦੇ ਰੂਪ ਵਿੱਚ ਕੀਤੀ।

### ਜਾਜਕਾਂ ਦੇ ਸਮੂਹ

**24** 1ਹਾਰੂਨ ਦੇ ਪੁੱਤਰਾਂ ਦੇ ਸਮੂਹ ਇਉਂ ਸਨ: ਹਾਰੂਨ ਦੇ ਪੁੱਤਰ
ਨਾਦਾਬ, ਅਬੀਹੂ, ਅਲਆਜ਼ਾਰ ਅਤੇ ਈਥਾਮਾਰ ਸਨ।
2ਪਰ ਨਾਦਾਬ ਅਤੇ ਅਬੀਹੂ ਆਪਣੇ ਪਿਤਾ ਦੇ ਮਰਨ ਤੋਂ ਵੀ ਪਹਿਲਾਂ
ਬੇਔਲਾਦੇ ਮਰ ਗਏ। ਇਸ ਲਈ ਅਲਆਜ਼ਾਰ ਅਤੇ ਈਥਾਮਾਰ

ਨੇ ਜਾਜਕ ਦੇ ਰੂਪ ’ਚ ਕੰਮ ਕੀਤਾ। 3ਦਾਊਦ ਨੇ ਅਲਆਜ਼ਾਰ ਅਤੇ
ਈਥਾਮਾਰ ਦੇ ਘਰਾਣੇ ਨੂੰ ਦੋ ਅਲੱਗ-ਅਲੱਗ ਸਮੂਹਾਂ ਵਿੱਚ ਵੰਡ
ਦਿੱਤਾ। ਤਾਂ ਜੋ ਉਨ੍ਹਾਂ ਨੂੰ ਜੋ-ਜੋ ਕੰਮ ਸੌਂਪੇ ਗਏ ਹਨ, ਉਹ ਆਪਣੇ
ਕੰਮਾਂ ਦੇ ਫ਼ਰਜ਼ ਚੰਗੀ ਤਰ੍ਹਾਂ ਸੰਭਾਲਣ ਅਤੇ ਕਰਨ। ਦਾਊਦ ਨੇ ਇਹ
ਕਾਰਜ ਸਾਦੋਕ ਅਤੇ ਅਹੀਮਲਕ ਦੀ ਮਦਦ ਨਾਲ ਕੀਤਾ। ਸਾਦੋਕ
ਅਲਆਜ਼ਾਰ ਦੇ ਵੰਸ਼ ਵਿੱਚੋਂ ਸੀ ਅਤੇ ਅਹੀਮਲਕ ਈਥਾਮਾਰ ਦੇ
ਵੰਸ਼ ਵਿੱਚੋਂ ਸੀ। 4ਅਲਆਜ਼ਾਰ ਦੇ ਘਰਾਣੇ ਵਿੱਚੋਂ ਈਥਾਮਾਰ ਦੇ
ਘਰਾਣੇ ਨਾਲੋਂ ਵਧੇਰੇ ਸਰਦਾਰ ਆਗੂ ਸਨ। ਅਲਆਜ਼ਾਰ ਦੇ ਘਰਾਣੇ
ਵਿੱਚੋਂ ਸੋਲ੍ਹਾਂ ਅਤੇ ਈਥਾਮਾਰ ਦੇ ਘਰਾਣੇ ਵਿੱਚੋਂ ਅੱਠ ਆਗੂ ਸਨ।
5ਗੁਣਾ ਸੁੱਟ ਕੇ ਹਰੇਕ ਘਰਾਣਿਆਂ ਵਿੱਚੋਂ ਮਨੁੱਖਾਂ ਦੀ ਚੋਣ ਕੀਤੀ
ਗਈ। ਉਨ੍ਹਾਂ ਵਿੱਚੋਂ ਕੁਝ ਆਦਮੀਆਂ ਨੂੰ ਪਵਿੱਤਰ ਅਸਥਾਨ ਦਾ
ਮੁਖੀ ਥਾਪਿਆ ਗਿਆ ਅਤੇ ਕੁਝ ਨੂੰ ਜਾਜਕ ਦਾ ਕਾਰਜ ਸੰਭਾਲਿਆ
ਗਿਆ। ਪਰ ਇਹ ਸਾਰੇ ਮਨੁੱਖ ਅਲਆਜ਼ਾਰ ਅਤੇ ਈਥਾਮਾਰ ਦੇ
ਘਰਾਣੇ ਵਿੱਚੋਂ ਸਨ।

6ਸ਼ਮਅਯਾਹ ਲਿਖਾਰੀ ਸੀ ਜੋ ਕਿ ਨਥਨਿਏਲ ਦਾ ਪੁੱਤਰ ਸੀ।
ਸ਼ਮਅਯਾਹ ਲੇਵੀਆਂ ਦੇ ਘਰਾਣੇ ਵਿੱਚੋਂ ਸੀ ਜੋ ਕਿ ਉਨ੍ਹਾਂ ਵੰਸ਼ਜਾਂ ਦੇ
ਨਾਂ ਲਿਖਣ ਦਾ ਕਾਰਜ ਕਰਦਾ ਸੀ। ਉਸ ਨੇ ਉਨ੍ਹਾਂ ਦੇ ਨਾਉਂ ਦਾਊਦ
ਦੇ ਸਨਮੁੱਖ ਲਿਖੇ ਗਏ ਅਤੇ ਇਹ ਆਗੂ ਸਨ: ਸਾਦੋਕ ਜਾਜਕ,
ਅਹੀਮਲਕ ਅਤੇ ਜਾਜਕਾਂ ਅਤੇ ਲੇਵੀਆਂ ਦੇ ਘਰਾਣੇ ਦੇ ਆਗੂ
ਸਨ। ਅਹੀਮਲਕ ਅਬਯਾਥਾਰ ਦਾ ਪੁੱਤਰ ਸੀ। ਹਰ ਵਾਰ ਗੁਣਾ ਸੁੱਟ
ਕੇ ਮਨੁੱਖ ਦੀ ਚੋਣ ਕੀਤੀ ਜਾਂਦੀ ਅਤੇ ਸ਼ਮਅਯਾਹ ਲਿਖਾਰੀ ਉਨ੍ਹਾਂ
ਦੇ ਨਾਉਂ ਲਿਖ ਦਿੰਦਾ। ਇਉਂ ਉਨ੍ਹਾਂ ਅਲਆਜ਼ਾਰ ਅਤੇ ਈਥਾਮਾਰ
ਘਰਾਣਿਆਂ ਦੇ ਮਨੁੱਖਾਂ ਦੇ ਕੰਮ ਵੰਡੇ ਹੋਏ ਸਨ।

7 ਪਹਿਲਾ ਸਮੂਹ ਯਹੋਯਾਰੀਬ ਦਾ ਸੀ।
ਦੂਜਾ ਸਮੂਹ ਯਿਦਅਯਾਹ ਦਾ।
8 ਤੀਜਾ ਸਮੂਹ ਹਾਰੀਮ ਦਾ
ਚੌਥਾ ਸਓਰੀਮ ਦਾ।
9 ਪੰਜਵਾ ਸਮੂਹ ਮਲਕੀਯਾਹ
ਅਤੇ ਛੇਵਾਂ ਮੀਯਾਮੀਨ ਦਾ।
10 ਸੱਤਵਾਂ ਸਮੂਹ ਹੱਕੋਸ ਦਾ
ਅਤੇ ਅੱਠਵਾਂ ਸਮੂਹ ਅਬੀਯਾਹ ਦਾ।
11 ਨੌਂਵਾਂ ਸਮੂਹ ਯੇਸ਼ੂਆ ਦਾ
ਦਸਵਾਂ ਸਮੂਹ ਸ਼ਕਨਯਾਹ ਦਾ।
12 ਗਿਆਰ੍ਹਵਾਂ ਸਮੂਹ ਅਲਯਾਸ਼ੀਬ ਦਾ
ਅਤੇ ਬਾਰ੍ਹਵਾਂ ਸਮੂਹ ਯਾਕੀਮ ਦਾ ਸੀ।
13 ਤੇਰ੍ਹਵਾਂ ਸਮੂਹ ਹੁੱਪਾਹ ਦਾ
ਚੌਦਵਾਂ ਸਮੂਹ ਯਸ਼ਬਆਬ ਦਾ।
14 ਪੰਦਰਵਾਂ ਸਮੂਹ ਬਿਲਗਾਹ ਦਾ
ਸੋਲ੍ਹਵਾਂ ਇੰਮੇਰ ਦਾ।
15 ਸਤਾਰ੍ਹਵਾਂ ਸਮੂਹ ਹੇਜ਼ੀਰ ਦਾ
ਅਤੇ ਅੱਠਾਰ੍ਹਵਾਂ ਸਮੂਹ ਹੱਪੀਸੇਸ ਦਾ।
16 ਉਨ੍ਹੀਵਾਂ ਸਮੂਹ ਪਥਹਯਾਹ ਦਾ,
20ਵਾਂ ਸਮੂਹ ਯਹਜ਼ਕੇਲ ਦਾ।
17 ਇੱਕੀਵਾਂ ਸਮੂਹ ਯਾਕੀਨ ਦਾ
22ਵਾਂ ਸਮੂਹ ਗਾਮੂਲ ਦਾ।
18 ਤੇਈਵਾਂ ਸਮੂਹ ਦਲਾਯਾਹ ਦਾ
ਅਤੇ ਚੌਵੀਵਾਂ ਸਮੂਹ ਮਅਜ਼ਯਾਹ ਦਾ ਸੀ।

19ਇਹ ਸਾਰੇ ਸਮੂਹ ਯਹੋਵਾਹ ਦੇ ਮੰਦਰ ਦੀ ਸੇਵਾ ਸੰਭਾਲ ਕਰਨ
ਲਈ ਚੁਣੇ ਗਏ। ਇਨ੍ਹਾਂ ਨੇ ਮੰਦਰ ਦੀ ਸੇਵਾ ਲਈ ਹਾਰੂਨ ਦੇ ਹੁਕਮਾਂ
ਦਾ ਪਾਲਣ ਕੀਤਾ ਜਿਹੜੇ ਕਿ ਯਹੋਵਾਹ ਇਸਰਾਏਲ ਦੇ ਪਰਮੇਸ਼ੁਰ
ਨੇ ਹਾਰੂਨ ਨੂੰ ਦਿੱਤੇ ਸਨ।

### ਦੂਜੇ ਲੇਵੀ

20ਲੇਵੀਆਂ ਦੀ ਬਾਕੀ ਵੰਸ਼ ਦੇ ਨਾਂ ਇਉਂ ਸਨ:
ਅਮਰਾਮ ਦੇ ਵੰਸ਼ ਵਿੱਚੋਂ ਸ਼ੂਬਾਏਲ
ਅਤੇ ਸ਼ੂਬਾਏਲ ਦੇ ਪੁੱਤਰਾਂ ਵਿੱਚੋਂ ਜਹਦਯਾਹ।
21 ਰਹਬਯਾਹ ਵਿੱਚੋਂ ਯਿੱਸ਼ਿਯਾਹ (ਜੋ ਕਿ ਸਭ ਤੋਂ ਵੱਡਾ ਪੁੱਤਰ
ਸੀ।)
22 ਯਿੱਸਹਾਰੀਆਂ ਦੇ ਘਰਾਣੇ ਵਿੱਚੋਂ ਸ਼ਲੋਮੋਥ
ਅਤੇ ਸ਼ਲੋਮੋਥ ਦੇ ਘਰਾਣੇ ਵਿੱਚੋਂ ਯਹਥ।
23 ਹਬਰੋਨ ਦੇ ਪੁੱਤਰਾਂ ਵਿੱਚੋਂ ਸਭ ਤੋਂ ਵੱਡਾ ਯਰੀਯਾਹ ਸੀ
ਅਤੇ ਅਮਰਯਾਹ ਹਬਰੋਨ ਦਾ ਦੂਜਾ ਪੁੱਤਰ ਸੀ,
ਯਹਜ਼ੀਏਲ ਤੀਜਾ ਅਤੇ ਯਕਮਆਮ ਚੌਥਾ ਸੀ।
24 ਉਜ਼ੀਏਲ ਦਾ ਪੁੱਤਰ ਮੀਕਾਹ
ਅਤੇ ਮੀਕਾਹ ਦਾ ਪੁੱਤਰ ਸ਼ਾਮੀਰ ਸੀ।
25 ਯਿੱਸ਼ੀਯਾਹ ਮੀਕਾਹ ਦਾ ਭਰਾ ਸੀ
ਅਤੇ ਯਿੱਸ਼ੀਯਾਹ ਦਾ ਪੁੱਤਰ ਜ਼ਕਰਯਾਹ।
26 ਮਰਾਰੀ ਦਾ ਵੰਸ਼ ਮਹਲੀ ਤੇ ਮੂਸ਼ੀ ਅਤੇ ਉਸ ਦਾ ਪੁੱਤਰ
ਯਅਜ਼ੀਯਾਹ ਸੀ।
27 ਮਰਾਰੀ ਦੇ ਪੁੱਤਰ ਯਅਜ਼ੀਯਾਹ ਦੇ ਪੁੱਤਰ ਸ਼ੋਹਮ, ਜ਼ੱਕੂਰ ਅਤੇ
ਇਬਰੀ ਸਨ।
28 ਮਹਲੀ ਦਾ ਪੁੱਤਰ ਅਲਆਜ਼ਾਰ ਸੀ ਪਰ ਅਲਆਜ਼ਾਰ ਦੇ
ਘਰ ਕੋਈ ਪੁੱਤਰ ਨਾ ਜੰਮਿਆ।
29 ਕੀਸ਼ ਦੇ ਪੁੱਤਰ ਦਾ ਨਾਂ ਯਰਹਮਏਲ ਸੀ।
30 ਮੂਸ਼ੀ ਦੇ ਪੁੱਤਰ ਮਹਲੀ, ਏਦਰ ਅਤੇ ਯਿਰੀਮੋਥ ਸਨ।

ਇਹ ਲੇਵੀ ਆਗੂ ਉਨ੍ਹਾਂ ਦੇ ਪਰਿਵਾਰਾਂ ਮੁਤਾਬਕ ਦਰਜ ਕੀਤੇ ਗਏ
ਸਨ। 31ਇਨ੍ਹਾਂ ਨੂੰ ਵਿਸ਼ੇਸ਼ ਕੰਮਾਂ ਲਈ ਚੁਣਿਆ ਗਿਆ ਸੀ। ਉਨ੍ਹਾਂ ਨੇ
ਆਪਣੇ ਰਿਸ਼ਤੇਦਾਰਾਂ, ਜਾਜਕਾਂ ਵਾਂਗ ਗੁਣੇ ਪਾਏ। ਜਾਜਕ ਹਾਰੂਨ ਦੇ
ਵੰਸ਼ ਵਿੱਚੋਂ ਸਨ ਜਿਨ੍ਹਾਂ ਨੇ ਰਾਜੇ ਦਾਊਦ, ਸਾਦੋਕ, ਅਹੀਮਲਕ, ਅਤੇ
ਜਾਜਕਾਂ ਦੇ ਪਰਿਵਾਰਾਂ ਦੇ ਆਗੂਆਂ ਅਤੇ ਲੇਵੀ ਪਰਿਵਾਰਾਂ ਦੇ ਸਾਹਮਣੇ
ਗੁਣੇ ਪਾਏ ਸਨ। ਜਦੋਂ ਇਨ੍ਹਾਂ ਦੇ ਕੰਮ ਦੀ ਚੋਣ ਹੁੰਦੀ ਸੀ ਤਾਂ ਵੱਡੇ-ਛੋਟੇ
ਘਰਾਣਿਆਂ ਨੂੰ ਬਰਾਬਰ ਦੀ ਨਿਗਾਹ ਨਾਲ ਵੇਖਿਆ ਜਾਂਦਾ ਸੀ।

### ਸੰਗੀਤ ਦੇ ਸਮੂਹ

25 1ਦਾਊਦ ਅਤੇ ਫ਼ੌਜ ਦੇ ਸੈਨਾਪਤੀਆਂ ਨੇ ਆਸਾਫ਼ ਦੇ
ਪੁੱਤਰਾਂ ਨੂੰ ਖਾਸ ਸੇਵਾ ਲਈ ਵੱਖ ਕਰ ਦਿੱਤਾ। ਆਸਾਫ਼
ਦੇ ਪੁੱਤਰ ਹੇਮਾਨ ਅਤੇ ਯਦੂਥੂਨ ਸਨ। ਉਨ੍ਹਾਂ ਦਾ ਖਾਸ ਕੰਮ ਪਰਮੇਸ਼ੁਰ
ਦੀ ਅਗੰਮ ਬਾਣੀ ਨੂੰ, ਉਸ ਦੇ ਸੰਦੇਸ਼ਾਂ ਨੂੰ ਬਰਬਤਾਂ, ਦਿਲਰੁਬਾ,
ਛੈਣਿਆਂ ਆਦਿ ਸਾਜ਼ਾਂ ਨਾਲ ਲੋਕਾਂ ਤੀਕ ਪਹੁੰਚਾਣਾ ਸੀ। ਜਿਨ੍ਹਾਂ
ਮਨੁੱਖਾਂ ਨੇ ਇਸ ਤਰੀਕੇ ਨਾਲ ਸੇਵਾ ਵਿੱਚ ਹਿੱਸਾ ਲਿਆ, ਉਨ੍ਹਾਂ ਦੀ
ਸੂਚੀ ਇਸ ਤਰ੍ਹਾਂ ਹੈ:
2 ਆਸਾਫ਼ ਦੇ ਘਰਾਣੇ ਵਿੱਚੋਂ: ਜ਼ਕੂਰ, ਯੂਸੁਫ਼, ਨਥਾਨਯਾਹ
ਤੇ ਅਸ਼ਰੇਲਾਹ। ਦਾਊਦ ਨੇ ਆਸਾਫ਼ ਨੂੰ ਭਵਿੱਖਬਾਣੀ

ਕਰਨ ਲਈ ਚੁਣਿਆ ਤੇ ਆਸਾਫ਼ ਨੇ ਆਪਣੇ ਪੁੱਤਰਾਂ ਦੀ ਅਗਵਾਈ ਕੀਤੀ।

3 ਯਦੂਥੂਨ ਦੇ ਘਰਾਣੇ ਵਿੱਚੋਂ ਗਦਾਲਯਾਹ, ਸਰੀ, ਯਸ਼ਆਯਾਹ, ਸ਼ਿਮਈ ਹਸ਼ਬਯਾਹ ਅਤੇ ਮਤਿੱਥਯਾਹ ਸਨ। ਇਹ ਕੁਲ 6 ਸਨ ਜਿਨ੍ਹਾਂ ਨੂੰ ਯਦੂਥੂਨ ਨੇ ਇਹ ਕਾਰਜ ਸੌਂਪਿਆ। ਯਦੂਥੂਨ ਬਰਬਤ ਨਾਲ ਯਹੋਵਾਹ ਦੀ ਉਸਤਤ ਕਰਕੇ ਨਬੁੱਵਤ ਕਰਦਾ ਹੁੰਦਾ ਸੀ।

4 ਹੇਮਾਨ ਦੇ ਪੁੱਤਰ ਬੁੱਕੀਯਾਹ ਮਤਨਯਾਹ, ਉਜ਼ੀਏਲ, ਸ਼ਬੂਏਲ, ਯਰੀਮੋਥ, ਹਨਨਯਾਹ, ਹਨਾਨੀ, ਅਲੀਆਥਾਹ, ਗੱਦਲਤੀ, ਰੋਮਮਤੀ-ਅਜ਼ਰ, ਯਾਸ਼ਬਕਾਸ਼ਾਹ, ਮੱਲੋਥੀ, ਹੋਥੀਰ ਅਤੇ ਮਹਜ਼ੀਓਥ ਸਨ।
5ਇਹ ਸਭ ਦਾਊਦ ਦੇ ਨਬੀ ਹੇਮਾਨ ਦੇ ਪੁੱਤਰ ਸਨ। ਅਤੇ ਪਰਮੇਸ਼ੁਰ ਨੇ ਉਸ ਨੂੰ ਮਜ਼ਬੂਤ ਬਣਾਉਣ ਦਾ ਇਕਰਾਰ ਕੀਤਾ। ਇਸ ਲਈ ਹੇਮਾਨ ਦੇ ਬਹੁਤ ਸਾਰੇ ਪੁੱਤਰ ਹੋਏ। ਪਰਮੇਸ਼ੁਰ ਨੇ ਹੇਮਾਨ ਨੂੰ 14 ਪੁੱਤਰ ਦਿੱਤੇ, ਅਤੇ ਤਿੰਨ ਧੀਆਂ ਦਿੱਤੀਆਂ।

6ਹੇਮਾਨ ਨੇ ਆਪਣੇ ਸਾਰੇ ਪੁੱਤਰਾਂ ਨੂੰ ਯਹੋਵਾਹ ਦੇ ਮੰਦਰ ਵਿੱਚ
ਉਸ ਦੀ ਕੀਰਤੀ ਗਾਉਣ ਦੇ ਕੰਮ ਉੱਤੇ ਲਾਇਆ। ਉਸ ਦੇ ਪੁੱਤਰ
ਵਜਾਉਣ ਵੇਲੇ ਛੈਣੇ, ਦਿਲਰੁਬਾ ਤੇ ਬਰਬਤਾਂ ਦੀ ਵਰਤੋਂ ਕਰਦੇ ਸਨ।
ਪਰਮੇਸ਼ੁਰ ਦੇ ਮੰਦਰ ਵਿੱਚ ਸੇਵਾ ਕਰਨ ਦਾ ਉਨ੍ਹਾਂ ਦਾ ਇਹੀ ਤਰੀਕਾ
ਸੀ। ਇਨ੍ਹਾਂ ਮਨੁੱਖਾਂ ਦੀ ਚੋਣ ਦਾਊਦ ਨੇ ਕੀਤੀ ਸੀ। 7ਲੇਵੀਆਂ
ਦੇ ਘਰਾਣੇ ਵਿੱਚੋਂ ਇਨ੍ਹਾਂ ਆਦਮੀਆਂ ਅਤੇ ਉਨ੍ਹਾਂ ਦੇ ਸਬੰਧੀਆਂ ਨੂੰ
ਪਵਿੱਤਰ ਗੀਤ ਗਾਉਣ ਦੀ ਸਿਖਲਾਈ ਦਿੱਤੀ ਹੋਈ ਸੀ। ਯਹੋਵਾਹ
ਦੀ ਉਸਤਤ ਗਾਨ ਵਾਲੇ ਨਿਪੁੰਨ ਮਨੁੱਖਾਂ ਦੀ ਗਿਣਤੀ 288 ਸੀ।
8ਹਰ ਇੱਕ ਦੇ ਹਿੱਸੇ ਕਿਹੜਾ ਕੰਮ ਆਵੇ, ਤੇ ਉਹ ਕੀ ਕਰੇ ਇਸ
ਲਈ ਗੁਣਾ ਸੁੱਟਿਆ ਜਾਂਦਾ ਅਤੇ ਹਰ ਮਨੁੱਖ ਨਾਲ ਬਰਾਬਰ ਦਾ
ਵਿਵਹਾਰ ਹੁੰਦਾ। ਵੱਡੇ-ਛੋਟੇ ਨੂੰ ਸਮਾਨ ਦਰਿਸ਼ਟੀ ਨਾਲ ਵੇਖਿਆ
ਜਾਂਦਾ ਅਤੇ ਗੁਰੂ ਨੂੰ ਵੀ ਉਸੇ ਨਿਗਾਹ ਨਾਲ ਵੇਖਿਆ ਜਾਂਦਾ ਜਿਸ
ਨਾਲ ਚੇਲੇ ਨੂੰ।

9 ਪਹਿਲੇ ਆਸਾਫ਼ (ਯੂਸੁਫ਼) ਦੇ ਪੁੱਤਰਾਂ ਅਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।
ਦੂਜੇ ਗਦਾਲਯਾਹ ਦੇ ਪੁੱਤਰ ਅਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

10 ਤੀਜੇ 'ਚ ਜ਼ਕੂਰ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

11 ਚੌਥੇ ਯਸਰੀ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

12 ਪੰਜਵੇਂ ਨਥਨਯਾਹ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

13 ਛੇਵੇਂ ਬੁੱਕੀਯਾਹ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

14 ਸੱਤਵੇਂ ਯਸ਼ਰੇਲਾਹ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

15 ਅੱਠਵੇਂ ਯਸ਼ਆਯਾਹ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

16 ਨੌਵੇਂ ਮੱਤਨਯਾਹ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

17 ਦਸਵੇਂ ਸ਼ਿਮਈ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

18 ਗਿਆਰ੍ਹਵੇ ਅਜ਼ਰੇਲ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

19 ਬਾਰ੍ਹਵੇਂ ਹਸ਼ਬਯਾਹ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

20 ਤੇਰਵੇਂ ਸ਼ੂਬਾਏਲ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

21 ਚੌਦ੍ਹਵੇਂ ਮਤਿੱਥਯਾਹ ਦੇ ਪੁੱਤਰਾਂ ਅਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

22 ਪੰਦਰ੍ਹਵੇਂ ਯਰੇਮੋਥ ਦੇ ਪੁੱਤਰਾਂ ਅਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

23 ਸੋਲ੍ਹਵੇਂ ਹਨਨਯਾਹ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

24 ਸਤਾਰ੍ਹਵੇਂ ਯਾਸ਼ਬਕਾਸ਼ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

25 ਅੱਠਾਰ੍ਹਵੇਂ ਹਨਾਨੀ, ਉਸ ਦੇ ਪੁੱਤਰਾਂ ਅਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

26 ਉਨ੍ਹੀਵੇਂ ਮੱਲੋਥੀ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

27 ਵੀਹਵੇਂ ਅਲੀਯਾਥਾਹ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

28 ਇੱਕੀਵੇਂ ਹੋਥੀਰ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

29 ਬਾਈਵੇਂ ਗਿੱਦਲਤੀ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

30 ਤੇਈਵੇਂ ਮਹੀਜ਼ਓਥ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

31 ਚੌਵੀਵੇਂ ਰੋਮਮਤੀ-ਅਜ਼ਰ ਦੇ ਪੁੱਤਰਾਂ ਤੇ ਸਬੰਧੀਆਂ ਵਿੱਚੋਂ 12 ਆਦਮੀ ਚੁਣੇ ਗਏ ਸਨ।

## ਦਰਬਾਨ

**26** 1ਦਰਬਾਨਾਂ ਦੇ ਸਮੂਹ: ਜਿਹੜੇ ਦਰਬਾਨ ਕਾਰਾਹੀ ਘਰਾਣੇ ਵਿੱਚੋਂ ਚੁਣੇ ਗਏ ਉਨ੍ਹਾਂ ਦੀ ਗਿਣਤੀ ਇਉਂ ਹੈ।

ਮਸ਼ਲਮਯਾਹ ਅਤੇ ਉਸ ਦੇ ਪੁੱਤਰ। (ਮਸ਼ਲਮਯਾਹ ਕੋਰੇ ਦਾ ਪੁੱਤਰ ਸੀ ਅਤੇ ਉਹ ਆਸਾਫ਼ ਦੇ ਘਰਾਣੇ ਵਿੱਚੋਂ ਸੀ।)
2ਮਸ਼ਲਮਯਾਹ ਦੇ ਪੁੱਤਰਾਂ ਵਿੱਚੋਂ ਜ਼ਕਰਯਾਹ ਪਲੋਠਾ ਪੁੱਤਰ ਸੀ, ਯਦੀਏਲ ਦੂਜਾ, ਜ਼ਬਦਯਾਹ ਤੀਜਾ ਅਤੇ ਯਥਨੀਏਲ ਚੌਥਾ ਪੁੱਤਰ ਸੀ।
3ਏਲਾਮ ਪੰਜਵਾਂ, ਯਹੋਹਾਨਨ ਛੇਵਾਂ ਅਤੇ ਅਲਯਹੋਏਨਈ ਸੱਤਵਾਂ ਪੁੱਤਰ ਸੀ।

4 ਓਬੇਦ-ਅਦੋਮ ਦੇ ਪੁੱਤਰ-ਸ਼ਮਆਯਾਹ ਪਹਿਲੌਠਾ ਤੇ ਯਹੋਜ਼ਾਬਾਦ ਦੂਜਾ, ਯੋਆਹ ਤੀਜਾ, ਸਾਕਾਰ ਚੌਥਾ ਅਤੇ ਨਥਾਨਿਏਲ ਪੰਜਵਾਂ ਸੀ।
5ਅੰਮੀਏਲ ਛੇਵਾਂ, ਯਿੱਸਾਕਾਰ ਸੱਤਵਾਂ ਅਤੇ ਪਉਲਥਈ ਅੱਠਵਾਂ ਪੁੱਤਰ ਸੀ। ਓਬੇਦ-ਅਦੋਮ[a] ਤੇ ਪਰਮੇਸ਼ੁਰ ਦੀ ਕਿਰਪਾ ਸੀ।
6ਸ਼ਮਆਯਾਹ

[a] *26:5* **ਓਬੇਦ-ਅਦੋਮ** ਪਰਮੇਸ਼ੁਰ ਨੇ ਓਬੇਦ ਅਦੋਮ ਨੂੰ ਅਸੀਸ ਦਿੱਤੀ ਜਦੋਂ ਨੇਮ ਦਾ ਸੰਦੂਕ ਉਸ ਦੇ ਘਰ ਵਿੱਚ ਸੀ। 1 ਇਤਹਾਸ 21 ਪੜ੍ਹੋ।

ਓਬੇਦ-ਅਦੋਮ ਦਾ ਪੁੱਤਰ ਸੀ। ਸ਼ਮਆਯਾਹ ਦੇ ਵੀ ਪੁੱਤਰ
ਸਨ ਜੋ ਕਿ ਆਪਣੇ ਪਿਤਾ ਦੇ ਘਰਾਣੇ ਦੇ ਆਗੂ ਸਨ
ਕਿਉਂਕਿ ਉਹ ਵੀਰ ਬਹਾਦੁਰ ਸਨ। 7ਸ਼ਮਆਯਾਹ ਦੇ
ਪੁੱਤਰ, ਆਥਨੀ, ਰਫ਼ਾਏਲ, ਓਬੇਦ, ਅਲਜ਼ਾਬਾਦ, ਅਲੀਹੂ
ਅਤੇ ਸਮਕਯਾਹ। ਅਲਜ਼ਾਬਾਦ ਦੇ ਰਿਸ਼ਤੇਦਾਰ ਨਿਪੁੰਨ
ਕਾਰੀਗਰ ਸਨ। 8ਇਹ ਸਾਰੇ ਮਨੁੱਖ ਓਬੇਦ-ਅਦੋਮ ਦਾ
ਵੰਸ਼ ਸਨ। ਇਹ ਸਾਰੇ ਮਨੁੱਖ ਅਤੇ ਉਨ੍ਹਾਂ ਦੇ ਪੁੱਤਰ ਅਤੇ
ਰਿਸ਼ਤੇਦਾਰ ਸਭ ਬੜੇ ਸ਼ਕਤੀਸ਼ਾਲੀ ਸਨ। ਇਹ ਇੱਕ ਚੰਗੇ
ਦਰਬਾਨ ਵੀ ਸਨ। ਓਬੇਦ-ਅਦੋਮ ਤੋਂ 62 ਜਣੇ ਸਨ।
9 ਮਸ਼ਲਮਯਾਹ ਦੇ ਪੁੱਤਰ ਅਤੇ ਰਿਸ਼ਤੇਦਾਰ ਬੜੇ ਸ਼ਕਤੀਸ਼ਾਲੀ
ਸਨ, ਜਿਨ੍ਹਾਂ ਦੀ ਗਿਣਤੀ 18 ਸੀ।
10 ਮਰਾਰੀ ਘਰਾਣੇ ਵਿੱਚੋਂ ਇਹ ਦਰਬਾਨ ਸਨ: ਮਰਾਰੀ ਦੇ ਪੁੱਤਰ
ਹੋਸਾਹ ਨੇ ਆਪਣੇ ਪੁੱਤਰ ਸ਼ਿਮਰੀ ਨੂੰ ਆਗੂ ਦੇ ਤੌਰ ਤੇ
ਚੁਣਿਆ ਭਾਵੇਂ ਉਹ ਉਸ ਦਾ ਪਲੋਠਾ ਪੁੱਤਰ ਨਹੀਂ ਸੀ।
11ਹਿਲਕੀਯਾਹ ਉਸ ਦਾ ਦੂਜਾ ਪੁੱਤਰ ਸੀ, ਟਬਲਯਾਹ
ਤੀਜਾ ਤੇ ਜ਼ਕਰਯਾਹ ਚੌਥਾ। ਕੁਲ ਮਿਲਾ ਕੇ ਹੋਸਾਹ ਦੇ
13 ਪੁੱਤਰ ਅਤੇ ਸੰਬੰਧੀ ਸਨ ਜੋ ਕਿ ਦਰਬਾਨ ਸਨ।

12ਇਹ ਦਰਬਾਨਾਂ ਦੇ ਸਮੂਹਾਂ ਦੇ ਆਗੂ ਸਨ। ਦਰਬਾਨਾਂ ਦਾ
ਯਹੋਵਾਹ ਦੇ ਮੰਦਰ ਵਿੱਚ ਸੇਵਾ ਕਰਨ ਦਾ ਇੱਕ ਵਿਸ਼ੇਸ਼ ਢੰਗ ਹੁੰਦਾ
ਸੀ, ਜਿਸ ਤਰੀਕੇ ਉਹ ਸੇਵਾ ਕਰਦੇ ਸਨ। ਇਹ ਤਰੀਕਾ ਉਹੀ ਸੀ
ਜਿਵੇਂ ਉਨ੍ਹਾਂ ਦੇ ਸੰਬੰਧੀ ਕਰਦੇ ਸਨ। 13ਹਰ ਪਰਿਵਾਰ ਨੂੰ ਰੱਖਿਆ
ਕਰਨ ਲਈ ਇੱਕ ਫ਼ਾਟਕ ਦਿੱਤਾ ਜਾਂਦਾ ਸੀ। ਫ਼ਾਟਕ ਦੀ ਚੋਣ ਗੁਣੇ
ਪਾ ਕੇ ਹੁੰਦੀ ਸੀ। ਬੁੱਢਿਆਂ ਅਤੇ ਜਵਾਨਾਂ ਨਾਲ ਇੱਕੋ ਜਿਹਾ ਵਰਤਾਵਾ
ਹੁੰਦਾ ਸੀ।
14ਸ਼ਲਮਯਾਹ ਨੂੰ ਪੂਰਬੀ ਫ਼ਾਟਕ ਦੀ ਰਖਵਾਲੀ ਲਈ ਚੁਣਿਆ
ਗਿਆ ਸੀ। ਫ਼ਿਰ ਸ਼ਲਮਯਾਹ ਦੇ ਪੁੱਤਰ ਜ਼ਕਰਯਾਹ ਲਈ ਗੁਣੇ
ਪਾਏ ਗਏ। ਜ਼ਕਰਯਾਹ ਇੱਕ ਬੁੱਧੀਮਾਨ ਸਲਾਹਕਾਰ ਸੀ ਅਤੇ
ਉਸ ਨੂੰ ਉੱਤਰੀ ਫ਼ਾਟਕ ਲਈ ਚੁਣਿਆ ਗਿਆ। 15ਓਬੇਦ-ਅਦੋਮ
ਨੂੰ ਦੱਖਣੀ ਫ਼ਾਟਕ ਦੀ ਰਖਵਾਲੀ ਲਈ ਚੁਣਿਆ ਗਿਆ ਅਤੇ ਉਸ
ਦੇ ਪੁੱਤਰਾਂ ਨੂੰ ਘਰ ਦੀ ਰਖਵਾਲੀ ਲਈ ਚੁਣਿਆ ਗਿਆ ਜਿੱਥੇ ਕਿ
ਬੜੀਆਂ ਵੱਡਮੁੱਲੀ ਵਸਤਾਂ ਪਈਆਂ ਸਨ। 16ਸ਼ੁੱਪੀਮ ਅਤੇ ਹੋਸਾਹ
ਨੂੰ ਪੱਛਮੀ ਫ਼ਾਟਕ ਦੀ ਰਖਵਾਲੀ ਦਾ ਕੰਮ ਅਤੇ ਉੱਪਰਲੀ ਸੜਕ ਦੇ
ਸ਼ੱਲਕਥ ਫ਼ਾਟਕ ਦੀ ਰਖਵਾਲੀ ਦਾ ਕੰਮ ਸੌਂਪਿਆ ਗਿਆ।
ਦਰਬਾਨ ਬਿਲਕੁਲ ਇੱਕ ਦੂਜੇ ਦੇ ਬਰਾਬਰ ਖੜ੍ਹੇ ਹੋ ਕੇ ਕੇ ਪਹਿਰਾ
ਦਿੰਦੇ ਸਨ। 17ਛੇ ਲੇਵੀ ਹਰ ਰੋਜ਼ ਪੂਰਬੀ ਫ਼ਾਟਕ ਉੱਪਰ, ਚਾਰ ਉੱਤਰੀ
ਫ਼ਾਟਕ ਵੱਲ, 4 ਦੱਖਣੀ ਫ਼ਾਟਕ ਉੱਪਰ ਖੜ੍ਹੇ ਹੋ ਕੇ ਪਹਿਰਾ ਦਿੰਦੇ ਸਨ
ਅਤੇ ਦੋ ਲੇਵੀ ਦਰਬਾਨ ਘਰ ਦੇ ਕੀਮਤੀ ਅਸਬਾਬ ਦੀ ਦੇਖ ਰੇਖ
ਕਰਦੇ ਸਨ। 18ਪੱਛਮੀ ਦਰਬਾਰ ਤੇ ਹਰ ਰੋਜ਼ 4 ਪਹਿਰੇਦਾਰ ਖੜੇ
ਹੁੰਦੇ ਸਨ ਅਤੇ 2 ਪਹਿਰੇਦਾਰ ਉਸ ਰਾਹ ਤੇ ਪਹਿਰਾ ਦਿੰਦੇ ਸਨ ਜੋ
ਇਸ ਦਰਬਾਰ ਵੱਲ ਜਾਂਦਾ ਸੀ।
19ਇਹ ਸਮੂਹ ਉਨ੍ਹਾਂ ਦਰਬਾਨਾਂ ਦੇ ਸਨ ਜੋ ਕਰਾਹੀਆਂ ਅਤੇ
ਮਰਾਰੀਆਂ ਦੇ ਸਮੂਹਾਂ ਵਿੱਚੋਂ ਸਨ।

## ਖਜ਼ਾਨਚੀ ਅਤੇ ਹੋਰ ਕਰਮਚਾਰੀ

20ਅਹੀਯਾਹ ਲੇਵੀਆਂ ਦੇ ਘਰਾਣੇ ਵਿੱਚੋਂ ਸੀ ਅਤੇ ਉਸ ਦਾ ਕੰਮ
ਯਹੋਵਾਹ ਦੇ ਮੰਦਰ ਅੰਦਰਲੀਆਂ ਕੀਮਤੀ ਵਸਤਾਂ ਦੀ ਦੇਖਭਾਲ
ਕਰਨਾ ਸੀ ਅਤੇ ਹੋਰ ਜਿਹੜੀਆਂ ਪਵਿੱਤਰ ਵਸਤਾਂ ਜਿਨ੍ਹਾਂ ਥਾਵਾਂ
ਉੱਪਰ ਰੱਖੀਆਂ ਜਾਂਦੀਆਂ ਸਨ, ਉਨ੍ਹਾਂ ਦੀ ਸੰਭਾਲ ਦੀ ਜ਼ਿੰਮੇਵਾਰੀ ਵੀ
ਅਹੀਯਾਹ ਦੀ ਹੀ ਸੀ।
21ਲਅਦਾਨ ਗੇਰਸ਼ੋਨ ਘਰਾਣੇ ਵਿੱਚੋਂ ਸੀ। ਯਹੀਏਲੀ ਲਅਦਾਨ ਦੇ
ਘਰਾਣੇ ਦੇ ਮੁਖੀਆਂ ਵਿੱਚੋਂ ਇੱਕ ਸੀ। 22ਯਹੀਏਲੀ ਦੇ ਪੁੱਤਰ ਜ਼ੇਥਨ
ਅਤੇ ਜ਼ੇਥਨ ਦੇ ਭਰਾ ਯੋਏਲ ਸੀ। ਇਹ ਯਹੋਵਾਹ ਦੇ ਮੰਦਰ ਦੀਆਂ
ਕੀਮਤੀ ਵਸਤਾਂ ਲਈ ਜਿੰਮੇਵਾਰ ਸਨ।
23ਬਾਕੀ ਦੇ ਮੁਖੀ ਅਮਰਾਮ, ਯਿਸਹਾਰ, ਹਬਰੋਨ ਅਤੇ ਉੱਜ਼ੀਏਲ
ਦੇ ਘਰਾਣੇ ਤੋਂ ਚੁਣੇ ਗਏ।
24 ਸ਼ਬੂਏਲ ਯਹੋਵਾਹ ਦੇ ਮੰਦਰ ਦੇ ਵੱਡਮੁੱਲੇ ਖਜ਼ਾਨੇ ਦੀ ਸੰਭਾਲ
ਲਈ ਜਿੰਮੇਵਾਰ ਸੀ ਜੋ ਕਿ ਗੇਰਸ਼ੋਮ ਦਾ ਪੁੱਤਰ ਸੀ ਅਤੇ
ਗੇਰਸ਼ੋਮ ਮੂਸਾ ਦਾ ਪੁੱਤਰ ਸੀ। 25ਸ਼ਬੂਏਲ ਦੇ ਸੰਬੰਧੀ
ਇਉਂ ਸਨ: ਅਲੀਅਜ਼ਰ ਤੋਂ ਉਸ ਦਾ ਪੁੱਤਰ ਰਹਬਯਾਹ।
ਰਹਬਯਾਹ ਦਾ ਪੁੱਤਰ ਯਸ਼ਆਯਾਹ। ਯਸ਼ਆਯਾਹ ਦਾ
ਪੁੱਤਰ ਯੋਰਾਮ। ਯੋਰਾਮ ਦਾ ਪੁੱਤਰ ਜ਼ਿਕਰੀ। ਜ਼ਿਕਰੀ ਦਾ
ਪੁੱਤਰ ਸ਼ਲੋਮੋਥ। 26ਸ਼ਲੋਮੋਥ ਅਤੇ ਉਸ ਦੇ ਸੰਬੰਧੀ ਉਸ
ਸਾਰੇ ਸਾਮਾਨ ਲਈ ਜਿੰਮੇਵਾਰ ਸਨ ਜਿਹੜਾ ਦਾਊਦ ਨੇ
ਮੰਦਰ ਲਈ ਇਕੱਠਾ ਕੀਤਾ ਸੀ।
ਫ਼ੌਜ ਦੇ ਸਰਦਾਰਾਂ ਨੇ ਵੀ ਮੰਦਰ ਦੀ ਭੇਟਾਂ ਲਈ ਯੋਗਦਾਨ
ਦਿੱਤਾ। 27ਕੁਝ ਸਮਾਨ ਜਿਹੜਾ ਉਹ ਯੁੱਧਾਂ ਚੋ ਜਿੱਤ
ਕੇ ਲਿਆਏ ਸਨ, ਉਹ ਦਿੱਤਾ ਤਾਂ ਜੋ ਉਨ੍ਹਾਂ ਵਸਤਾਂ
ਨੂੰ ਯਹੋਵਾਹ ਦੇ ਮੰਦਰ ਦੀ ਉਸਾਰੀ ਲਈ ਵਰਤੋਂ 'ਚ
ਲਿਆਂਦਾ ਜਾਵੇ। 28ਸ਼ਲੋਮੋਥ ਅਤੇ ਉਸ ਦੇ ਸਬੰਧੀਆਂ
ਨੇ ਪਵਿੱਤਰ ਵਸਤਾਂ ਦੀ ਵੀ ਦੇਖਭਾਲ ਕੀਤੀ, ਜਿਹੜੀਆਂ
ਵਸਤਾਂ ਸਮੂਏਲ ਅਗੰਮ ਗਿਆਨੀ ਨੇ, ਕੀਸ਼ ਦੇ ਪੁੱਤਰ
ਸ਼ਾਊਲ, ਨੇਰ ਦੇ ਪੁੱਤਰ ਅਬਨੇਰ, ਸਰੂਯਾਹ ਦੇ ਪੁੱਤਰ
ਯੋਆਬ ਨੇ ਅਰਪਣ ਕੀਤੀਆਂ ਸਨ। ਸ਼ਲੋਮੋਥ ਅਤੇ
ਉਸ ਦੇ ਭਰਾ-ਭਾਈ ਸਭ ਪਵਿੱਤਰ ਵਸਤਾਂ ਜਿਹੜੀਆਂ
ਲੋਕ ਯਹੋਵਾਹ ਲਈ ਭੇਟ ਕਰਦੇ, ਉਨ੍ਹਾਂ ਦੀ ਸਾਂਭ-ਸੰਭਾਲ
ਕਰਦੇ ਸਨ।
29 ਕਨਨਯਾਹ ਯਿਸਹਾਰੀਆਂ ਦੇ ਘਰਾਣੇ ਵਿੱਚੋਂ ਸੀ। ਕਨਨਯਾਹ
ਅਤੇ ਉਸ ਦੇ ਪੁੱਤਰਾਂ ਨੇ ਮੰਦਰ ਦੇ ਬਾਹਰ ਦਾ ਕੰਮ
ਸੰਭਾਲਿਆ। ਉਨ੍ਹਾਂ ਨੇ ਇਸਰਾਏਲ ਦੇ ਵੱਖੋ-ਵੱਖ ਭਾਗਾਂ
ਵਿੱਚ ਨਿਆਂਕਾਰਾਂ ਅਤੇ ਹੁਦੇਦਾਰਾਂ ਦਾ ਕੰਮ ਕੀਤਾ।
30ਹਸ਼ਬਯਾਹ ਹਬਰੋਨ ਪਰਿਵਾਰ ਵਿੱਚੋਂ ਸੀ। ਅਤੇ ਉਸ
ਦੇ ਸਬੰਧੀ ਪਰਮੇਸ਼ੁਰ ਦੇ ਮੰਦਰ ਵਿੱਚ ਸਾਰੇ ਕੰਮ ਅਤੇ
ਯਰਦਨ ਦਰਿਆ ਦੇ ਪੱਛਮੀ ਪਾਸੇ ਵੱਲ ਇਸਰਾਏਲ
ਦੇ ਰਾਜੇ ਦੇ ਸਾਰੇ ਵਿਉਪਾਰ ਲਈ ਜਿੰਮੇਵਾਰ ਸਨ
ਉਸ ਦੇ ਸਮੂਹ ਵਿੱਚ 1,700 ਸ਼ਕਤੀਸ਼ਾਲੀ ਆਦਮੀ
ਸਨ। 31ਹਬਰੋਨ ਪਰਿਵਾਰ ਦੇ ਇਤਿਹਾਸ ਅਨੁਸਾਰ
ਯਰੀਯਾਹ ਉਨ੍ਹਾਂ ਦਾ ਆਗੂ ਸੀ। ਦਾਊਦ ਦੇ ਸ਼ਾਸਨ ਦੇ
40 ਵਰ੍ਹੇ ਦੌਰਾਨ, ਉਸ ਨੇ ਆਪਣੇ ਲੋਕਾਂ ਨੂੰ ਪਰਿਵਾਰਿਕ
ਇਤਹਾਸਾਂ ਰਾਹੀਂ ਬਹਾਦੁਰ ਸਿਪਾਹੀਆਂ ਅਤੇ ਮਾਹਿਰ
ਆਦਮੀਆਂ ਨੂੰ ਲੱਭਣ ਦਾ ਆਦੇਸ਼ ਦਿੱਤਾ। ਉਨ੍ਹਾਂ ਵਿੱਚੋਂ
ਕੁਝ ਲੋਕ ਯਅਜ਼ੇਰ ਨਗਰ ਵਿੱਚ ਗਿਲਆਦ ਤੋਂ ਹਬਰੋਨ
ਪਰਿਵਾਰ ਵਿੱਚੋਂ ਲੱਭੇ। 32ਯਰੀਯਾਹ ਦੇ 2,700 ਸੰਬੰਧੀ
ਸਨ ਜੋ ਬਹੁਤ ਮਜ਼ਬੂਤ ਅਤੇ ਘਰਾਣਿਆਂ ਦੇ ਆਗੂ

ਸਨ। ਦਾਊਦ ਨੇ ਉਨ੍ਹਾਂ ਨੂੰ ਰਊਬੇਨ, ਗਾਦ ਘਰਾਣੇ ਅਤੇ ਮਨੱਸ਼ਹ ਦੇ ਅੱਧੇ ਪਰਿਵਾਰ ਸਮੂਹ ਦੀ, ਪਰਮੇਸ਼ੁਰ ਦੇ ਸਾਰੇ ਕੰਮਾਂ ਅਤੇ ਰਾਜੇ ਦੇ ਕੰਮਾਂ ਲਈ ਉਨ੍ਹਾਂ ਦੀ ਅਗਵਾਈ ਕਰਨ ਦੀ ਜਿੰਮੇਵਾਰੀ ਦਿੱਤੀ।

### ਫੌਜੀ ਸਮੂਹ

27 1ਇਹ ਸੂਚੀ ਉਨ੍ਹਾਂ ਇਸਰਾਏਲੀਆਂ ਦੀ ਹੈ ਜਿਨ੍ਹਾਂ ਨੇ ਫੌਜ
ਵਿੱਚ ਪਾਤਸ਼ਾਹ ਦੀ ਸੇਵਾ ਕੀਤੀ। ਹਰ ਸਮੂਹ ਦੀ ਸਾਲ
ਵਿੱਚ ਇੱਕ ਮਹੀਨਾ ਕੰਮ ਦੀ ਜਿੰਮੇਵਾਰੀ ਹੁੰਦੀ ਸੀ। ਪਾਤਸ਼ਾਹ ਦੀ
ਸੇਵਾ ਵਿੱਚ ਉੱਥੇ ਘਰਾਣਿਆਂ ਦੇ ਸ਼ਾਸਕ, ਕਪਤਾਨ, ਸਰਦਾਰ ਅਤੇ
ਹੁਦੇਦਾਰ ਸਨ ਜਿਹੜੇ ਉਸ ਦੀ ਸੇਵਾ 'ਚ ਹਾਜ਼ਰ ਸਨ। ਹਰੇਕ ਫੌਜੀ
ਸਮੂਹ ਵਿੱਚ 24,000 ਮਨੁੱਖ ਸਨ।

2 ਯਸ਼ਾਬਆਮ ਸਾਲ ਦੇ ਪਹਿਲੇ ਮਹੀਨੇ ਲਈ ਪਹਿਲੇ ਸਮੂਹ
ਦਾ ਮੁਖੀਆ ਰਿਹਾ। ਯਸ਼ਾਬਆਮ ਜ਼ਬਦੀਏਲ ਦਾ ਪੁੱਤਰ
ਸੀ। ਯਸ਼ਾਬਆਮ ਦੇ ਸਮੂਹ ਵਿੱਚ 24,000 ਸਿਪਾਹੀ
ਸਨ। 3ਯਸ਼ਾਬਆਮ ਪਰਸ ਦੇ ਵੰਸ਼ ਵਿੱਚੋਂ ਇੱਕ ਸੀ ਅਤੇ
ਉਹ ਪਹਿਲੇ ਮਹੀਨੇ ਲਈ ਸਾਰੇ ਫੌਜੀ ਅਧਿਕਾਰੀਆਂ ਦਾ
ਆਗੂ ਸੀ।

4 ਦੂਜੇ ਮਹੀਨੇ ਦੇ ਲਈ ਅਹੋਹ ਤੋਂ ਦੋਦਈ ਫੌਜ ਦੇ ਸਮੂਹ ਦਾ ਆਗੂ ਸੀ। ਮਿਕਲੋਥ ਉਸ ਦੇ ਸਮੂਹ ਦਾ ਸਰਦਾਰ ਸੀ। ਅਤੇ ਉਸ ਦੀ ਪਲਟਨ ਵਿੱਚ ਵੀ 24,000 ਸੈਨਿਕ ਸਨ।

5 ਤੀਜੇ ਮਹੀਨੇ ਲਈ ਪਰਧਾਨ ਜਾਜਕ ਯਹੋਯਾਦਾ ਦਾ ਪੁੱਤਰ
ਬਨਾਯਾਹ ਪਲਟਨ ਦਾ ਆਗੂ ਸੀ। ਬਨਾਯਾਹ ਦੀ
ਪਲਟਨ ਵਿੱਚ ਵੀ 24,000 ਸੈਨਿਕ ਸਨ। 6ਇਹ ਉਹੀ
ਬਨਾਯਾਹ ਸੀ ਜਿਸ ਦਾ ਨਾਂ 30 ਨਾਇਕਾਂ ਵਿੱਚ ਬਹਾਦੁਰ
ਸਿਪਾਹੀ ਵਜੋਂ ਜਾਣਿਆ ਜਾਂਦਾ ਹੈ। ਜਿਨ੍ਹਾਂ ਦਾ ਬਨਾਯਾਹ
ਸੈਨਾਪਤੀ ਸੀ। ਬਨਾਯਾਹ ਦਾ ਪੁੱਤਰ, ਬਨਾਯਾਹ ਦੇ
ਸਮੂਹ ਦਾ ਮੁਖੀ ਸੀ, ਜਿਸ ਦਾ ਨਾਉਂ ਅੰਮੀਜ਼ਾਬਾਦ ਸੀ।

7 ਚੌਥੇ ਮਹੀਨੇ ਲਈ ਚੌਥਾ ਮੁਖੀਆ ਯੋਆਬ ਦਾ ਭਰਾ ਅਸਾਹੇਲ ਸੀ। ਉਸ ਤੋਂ ਬਾਦ ਅਸਾਹੇਲ ਦਾ ਪੁੱਤਰ ਜ਼ਬਦਯਾਹ ਸੈਨਾਪਤੀ ਬਣਿਆ। ਅਸਾਹੇਲ ਦੇ ਸਮੂਹ ਵਿੱਚ ਵੀ 24,000 ਮਨੁੱਖ ਸਨ।

8 ਪੰਜਵੇਂ ਮਹੀਨੇ ਲਈ ਪੰਜਵਾਂ ਸਰਦਾਰ ਸ਼ਮਹੂਥ ਇਜ਼ਰਾਹੀ ਸੀ, ਅਤੇ ਇਸ ਦੇ ਸਮੂਹ ਵਿੱਚ ਵੀ 24,000 ਮਨੁੱਖ ਸਨ।

9 ਛੇਵੇਂ ਮਹੀਨੇ ਲਈ ਸਰਦਾਰ ਈਰਾ ਸੀ ਜੋ ਕਿ ਤਕੋਆ ਦੇ ਇੱਕੇਸ਼ ਦਾ ਪੁੱਤਰ ਸੀ ਅਤੇ 24,000 ਮਨੁੱਖਾਂ ਦਾ ਸਰਦਾਰ ਸੀ।

10 ਸੱਤਵੇਂ ਮਹੀਨੇ ਲਈ ਸੱਤਵਾਂ ਸਰਦਾਰ ਹੇਲਸ ਸੀ, ਇਹ ਇਫ਼ਰਾਈਮੀਆਂ ਦੇ ਵੰਸ਼ ਵਿੱਚੋਂ ਪੀਲੋਨੀਆਂ ਵਿੱਚੋਂ ਸੀ। ਇਸ ਦੇ ਸਮੂਹ ਵਿੱਚ ਵੀ 24,000 ਮਨੁੱਖ ਸਨ।

11 ਅੱਠਵੇਂ ਮਹੀਨੇ ਲਈ ਅੱਠਵਾਂ ਸਰਦਾਰ ਸਿਬਕਈ ਸੀ ਜੋ ਕਿ ਹੁੱਸ਼ਾਰੀ ਤੋਂ ਜ਼ਰਹੀਆਂ ਦੇ ਵੰਸ਼ ਵਿੱਚੋਂ ਸੀ। ਇਸ ਦੇ ਸਮੂਹ ਵਿੱਚ ਵੀ 24,000 ਮਨੁੱਖ ਸਨ।

12 ਨੌਵੇਂ ਮਹੀਨੇ ਦਾ ਨੌਵਾਂ ਸਰਦਾਰ ਅਨਥੋਥ ਨਗਰ ਤੋਂ ਅਬੀਅਜ਼ਰ ਬਿਨਯਾਮੀਨੀ ਪਰਿਵਾਰ ਵਿੱਚੋਂ ਸੀ, ਅਤੇ ਉਸ ਦੇ ਸਮੂਹ ਵਿੱਚ ਵੀ 24,000 ਮਨੁੱਖ ਸਨ।

13 ਦਸਵੇਂ ਮਹੀਨੇ ਲਈ ਦਸਵਾਂ ਸਰਦਾਰ ਜ਼ਰਹੀਆ ਵਿੱਚੋਂ ਮਹਰਈ ਨਟੋਫ਼ਾਥੀ ਸੀ। ਇਸ ਦੇ ਸਮੂਹ ਵਿੱਚ ਵੀ 24,000 ਮਨੁੱਖ ਸਨ।

14 ਗਿਆਰ੍ਹਵੇਂ ਮਹੀਨੇ ਲਈ ਗਿਆਰ੍ਹਵਾਂ ਸਰਦਾਰ ਬਨਾਯਾਹ ਸੀ। ਬਨਾਯਾਹ ਫਿਰਾਥੋਨ ਤੋਂ ਸੀ ਅਤੇ ਉਹ ਇਫ਼ਰਾਈਮ ਪਰਿਵਾਰ ਤੋਂ ਸੀ। ਉਸ ਦੇ ਸਮੂਹ ਵਿੱਚ ਵੀ 24,000 ਆਦਮੀ ਸਨ।

15 ਬਾਰ੍ਹਵੇਂ ਮਹੀਨੇ ਲਈ ਬਾਰ੍ਹਵਾਂ ਸਰਦਾਰ ਹਲਦਈ ਸੀ। ਹਲਦਈ ਨਟੋਫ਼ਾਥ ਤੋਂ ਆਥਨੀਏਲ ਘਰਾਣੇ ਵਿੱਚੋਂ ਸੀ ਅਤੇ ਹਲਦਈ ਦੇ ਸਮੂਹ ਵਿੱਚ ਵੀ 24,000 ਮਨੁੱਖ ਸਨ।

### ਘਰਾਣਿਆਂ ਦੇ ਆਗੂ

16ਇਸਰਾਏਲੀਆਂ ਦੇ ਪਰਿਵਾਰ-ਸਮੂਹਾਂ ਦੇ ਪ੍ਰਧਾਨ ਇਸ ਪ੍ਰਕਾਰ ਸਨ:

ਰਊਬੇਨ ਦੇ ਘਰਾਣੇ ਦਾ ਪ੍ਰਧਾਨ ਜ਼ਿਕਰੀ ਦਾ ਪੁੱਤਰ ਅਲੀਅਜ਼ਰ।

ਸ਼ਿਮਓਨੀ ਦੇ ਘਰਾਣੇ ਦਾ ਪ੍ਰਧਾਨ ਮਆਕਾਹ ਦਾ ਪੁੱਤਰ ਸ਼ਫ਼ਟਯਾਹ।

17 ਲੇਵੀਆਂ ਚੋਂ ਕਮੂਏਲ ਦਾ ਪੁੱਤਰ ਹਸ਼ਬਯਾਹ, ਹਾਰੂਨ ਦੇ ਘਰਾਣੇ ਦਾ ਸਾਦੋਕ।

18 ਯਹੂਦਾਹ ਦੇ ਘਰਾਣੇ ਦਾ ਪ੍ਰਧਾਨ ਅਲੀਹੂ (ਅਲੀਹੂ ਦਾਊਦ ਦੇ ਭਰਾਵਾਂ ਵਿੱਚੋਂ ਇੱਕ ਸੀ।)

ਯਿੱਸਾਕਾਰ ਦੇ ਘਰਾਣੇ ਦਾ ਪ੍ਰਧਾਨ ਮੀਕਾਏਲ ਦਾ ਪੁੱਤਰ ਆਮਰੀ।

19 ਜ਼ਬੂਲੁਨ ਦੇ ਘਰਾਣੇ ਦਾ ਪ੍ਰਧਾਨ ਓਬਦਯਾਹ ਦਾ ਪੁੱਤਰ ਯਿਸ਼ਮਆਯਾਹ।

ਨਫ਼ਤਾਲੀ ਦੇ ਘਰਾਣੇ ਦਾ ਪ੍ਰਧਾਨ ਅਜ਼ਰੀਏਲ ਦਾ ਪੁੱਤਰ ਯਰੀਮੋਥ।

20 ਅਫ਼ਰਈਮ ਦੇ ਘਰਾਣੇ ਦਾ ਪ੍ਰਧਾਨ ਅਜ਼ਜ਼ਯਾਹ ਦਾ ਪੁੱਤਰ ਹੋਸ਼ੇਆ।

ਪੱਛਮੀ ਮਨੱਸ਼ਹ ਦੇ ਘਰਾਣੇ ਦਾ ਪ੍ਰਧਾਨ ਪਦਾਯਾਹ ਦਾ ਪੁੱਤਰ ਯੋਏਲ।

21 ਪੂਰਬੀ ਮਨੱਸ਼ਹ ਦੇ ਘਰਾਣੇ ਦਾ ਪ੍ਰਧਾਨ ਜ਼ਕਰਯਾਹ ਦਾ ਪੁੱਤਰ ਯਿੱਦੋ।

ਬਿਨਯਾਮੀਨ ਦੇ ਘਰਾਣੇ ਦਾ ਪ੍ਰਧਾਨ ਅਬਨੇਰ ਦਾ ਪੁੱਤਰ ਯਅਸੀਏਲ।

22 ਦਾਨ ਦੇ ਘਰਾਣੇ ਦਾ ਪ੍ਰਧਾਨ ਯਰੋਹਾਮ ਦਾ ਪੁੱਤਰ ਅਜ਼ਰੇਲ।

ਇਹ ਸਾਰੇ ਇਸਰਾਏਲ ਦੇ ਘਰਾਣੇ ਦੇ ਆਗੂ ਸਨ।

### ਦਾਊਦ ਦਾ ਇਸਰਾਏਲੀਆਂ ਨੂੰ ਗਿਣਨਾ

23ਦਾਊਦ ਨੇ ਇਸਰਾਏਲ ਦੇ ਆਦਮੀਆਂ ਦੀ ਗਿਣਤੀ ਕਰਨ ਦਾ
ਨਿਰਣਾ ਕੀਤਾ। ਇਸਰਾਏਲ ਦੇ ਲੋਕੀ ਅਣਗਿਣਤ ਸਨ ਕਿਉਂਕਿ
ਪਰਮੇਸ਼ੁਰ ਨੇ ਇਕਰਾਰ ਕੀਤਾ ਸੀ ਕਿ ਉਹ ਉਨ੍ਹਾਂ ਨੂੰ ਆਕਾਸ਼ ਦੇ
ਤਾਰਿਆਂ ਜਿੰਨਾ ਬਣਾ ਦੇਵੇਗਾ। ਇਸ ਲਈ ਦਾਊਦ ਨੇ ਸਿਰਫ਼
ਉਹੀ ਆਦਮੀ ਗਿਣੇ ਜਿਹੜੇ 20 ਵਰ੍ਹੇ ਅਤੇ ਇਸ ਤੋਂ ਵੱਡੇ ਸਨ।

24ਸਰੂਯਾਹ ਦੇ ਪੁੱਤਰ ਯੋਆਬ ਨੇ ਲੋਕਾਂ ਨੂੰ ਗਿਣਨਾ ਸ਼ੁਰੂ ਕੀਤਾ ਪਰ ਉਹ ਗਿਣਤੀ ਪੂਰੀ ਨਾ ਕਰ ਸਕਿਆ। ਪਰਮੇਸ਼ੁਰ ਇਸਰਾਏਲੀਆਂ ਉੱਤੇ ਕਰੋਧਵਾਨ ਹੋ ਗਿਆ ਇਸੇ ਕਾਰਣ ਇਨ੍ਹਾਂ ਲੋਕਾਂ ਦੀ ਗਿਣਤੀ *ਦਾਊਦ ਪਾਤਸ਼ਾਹ ਦੇ ਇਤਹਾਸ ਦੀ ਪੋਥੀ* ਵਿੱਚ ਦਰਜ ਨਾ ਕੀਤੀ ਗਈ।

### ਪਾਤਸ਼ਾਹ ਦੇ ਪ੍ਰਬੰਧਕ

25ਇਹ ਉਨ੍ਹਾਂ ਲੋਕਾਂ ਦੀ ਸੂਚੀ ਹੈ ਜੋ ਪਾਤਸ਼ਾਹ ਦੀ ਮਿਲਖ ਲਈ ਜਿੰਮੇਵਾਰ ਸਨ:

ਪਾਤਸ਼ਾਹ ਦੇ ਭੰਡਾਰੇ ਦਾ ਮੁਖੀਆ ਅਦੀਏਲ ਦਾ ਪੁੱਤਰ ਅਜ਼ਮਾਵਥ ਸੀ।
ਉੱਜ਼ੀਯਾਹ ਦਾ ਪੁੱਤਰ ਯਹੋਨਾਥਾਨ ਛੋਟੇ ਨਗਰਾਂ, ਪਿੰਡਾਂ, ਖੇਤਾਂ ਅਤੇ ਮੁਨਾਰਿਆਂ ਦੇ ਭੰਡਾਰਾਂ ਦਾ ਮੁਖੀਆ ਸੀ।
26 ਕਲੂਬ ਦਾ ਪੁੱਤਰ ਅਜ਼ਰੀ ਕਿਸਾਨਾਂ ਦਾ ਮੁਖੀਆ ਸੀ।
27 ਦਾਖ ਦੇ ਬਾਗ਼ਾਂ ਉੱਪਰ ਸ਼ਿਮਈ ਰਾਮਾਥੀ ਸੀ।
ਅਤੇ ਜਿਹੜਾ ਦਾਖ ਰਸ ਅੰਗੂਰਾਂ ਦੇ ਬਾਗ਼ਾਂ ਤੋਂ ਆਉਂਦਾ ਸੀ ਉਸ ਮੈਅ ਨੂੰ ਸੰਭਾਲਣ ਦਾ ਮੁਖੀ ਸ਼ਿਫ਼ਮ ਦਾ ਜ਼ਬਦੀ ਸੀ।
28 ਜ਼ੈਤੂਨ ਦੇ ਬਾਗਾਂ ਅਤੇ ਗੁੱਲ੍ਹਰ ਦੇ ਦਰੱਖਤਾਂ ਉੱਤੇ ਜਿਹੜੇ ਕਿ ਪੱਛਮ ਦੀਆਂ ਪਹਾੜੀ ਢਲਾਣਾਂ ਤੇ ਪੈਦਾ ਹੁੰਦੇ ਸਨ ਉਸ ਦਾ ਮੁਖੀਆ ਬਆਲ-ਹਨਾਨ ਸੀ ਜੋ ਗਦਰ ਤੋਂ ਸੀ।
ਯੋਆਸ਼ ਜ਼ੈਤੂਨ ਦੇ ਤੇਲ ਨੂੰ ਸਾਂਭਣ ਦਾ ਇੰਚਾਰਜ ਸੀ।
29 ਸ਼ਿਟਰਈ ਸ਼ਾਰੋਨ ਦੇ ਇਲਾਕੇ ਵਿੱਚਲੇ ਪਸ਼ੂਆਂ ਦੀ ਸੰਭਾਲ ਕਰਨ ਉੱਪਰ ਸੀ।
ਅਦਲਾਇ ਦਾ ਪੁੱਤਰ ਸ਼ਫ਼ਾਟ ਉਨ੍ਹਾਂ ਪਸ਼ੂਆਂ ਉੱਪਰ ਸੀ ਜੋ ਵਾਦੀ ਵਿੱਚ ਸਨ।
30 ਓਬੀਲ ਇਸ਼ਮਾਏਲੀ ਊਠਾਂ ਉੱਤੇ ਮੁਖੀਆ ਸੀ।
ਅਤੇ ਖੋਤਿਆਂ ਉੱਪਰ ਯਹਦੇਯਾਹ ਮੇਰੋਨੀ ਸੀ।
31 ਯਾਜ਼ੀਜ਼ ਹਗਰੀ ਭੇਡਾਂ ਦਾ ਇੰਚਾਰਜ ਸੀ।

ਇਹ ਸਾਰੇ ਆਗੂ ਦਾਊਦ ਪਾਤਸ਼ਾਹ ਦੀ ਮਿਲਖ ਦੀ ਸਾਂਭ ਸੰਭਾਲ ਕਰਦੇ ਸਨ।

32ਯੋਨਾਥਾਨ ਬੁੱਧੀਮਾਨ ਸਲਾਹਕਾਰ ਅਤੇ ਮੁਨਸ਼ੀ ਸੀ ਅਤੇ ਇਹ
ਦਾਊਦ ਦਾ ਚਾਚਾ ਸੀ। ਯਹੀਏਲ ਹਕਮੋਨੀ ਪਾਤਸ਼ਾਹ ਦੇ ਪੁੱਤਰਾਂ ਦੀ
ਦੇਖਭਾਲ ਕਰਦਾ ਸੀ। 33ਅਹੀਤੋਫ਼ਲ ਰਾਜੇ ਦਾ ਸਲਾਹ-ਕਾਰ ਸੀ।
ਹੂਸ਼ਈ ਪਾਤਸ਼ਾਹ ਦਾ ਮਿੱਤਰ ਸੀ ਜੋ ਕਿ ਅਰਕੀ ਲੋਕਾਂ ਵਿੱਚੋਂ ਸੀ।
34ਯਹੋਯਾਦਾ ਅਤੇ ਅਬਯਾਥਾਰ ਨੇ ਅਹੀਤੋਫ਼ਲ ਦੇ ਬਾਦ, ਰਾਜੇ ਦੇ
ਸਲਾਹਕਾਰ ਦੀ ਜਗ੍ਹਾ ਲੈ ਲਈ। ਯਹੋਯਾਦਾ ਬਨਾਯਾਹ ਦਾ ਪੁੱਤਰ
ਸੀ। ਯੋਆਬ ਸੈਨਾ ਦਾ ਸੈਨਾਪਤੀ ਸੀ।

### ਦਾਊਦ ਦੀ ਮੰਦਰ ਲਈ ਯੋਜਨਾ

28 1ਦਾਊਦ ਨੇ ਸਾਰੇ ਇਸਰਾਏਲ ਦੇ ਲੋਕਾਂ ਨੂੰ ਇਕੱਠਿਆਂ
ਕੀਤਾ। ਉਸ ਨੇ ਉਨ੍ਹਾਂ ਸਾਰੇ ਆਗੂਆਂ ਨੂੰ ਯਰੂਸ਼ਲਮ ਵਿੱਚ ਇਕੱਠਿਆਂ ਹੋਣ ਦਾ ਹੁਕਮ ਦਿੱਤਾ। ਦਾਊਦ ਨੇ ਇਸਰਾਏਲ ਦੇ ਸਾਰੇ ਘਰਾਣਿਆਂ ਦੇ ਸਾਰੇ ਆਗੂਆਂ, ਸੈਨਾ-ਸਮੂਹਾਂ ਦੇ ਕਮਾਂਡਰਾਂ ਨੂੰ ਜੋ ਰਾਜੇ ਦੀ ਸੇਵਾ ਕਰਦੇ ਸਨ, ਸਰਦਾਰਾਂ, ਮੁਖੀਆਂ, ਉਸ ਦੇ ਪੁੱਤਰਾਂ ਅਤੇ ਉਸ ਦੀ ਸੰਪੱਤੀ ਅਤੇ ਪਸ਼ੂਆਂ ਦੀ ਦੇਖ-ਰੇਖ ਕਰਨ ਵਾਲੇ ਕਰਮਚਾਰੀਆਂ ਅਤੇ ਉਸ ਦੇ ਖਾਸ ਮੰਤਰੀਆਂ, ਸ਼ਕਤੀਸ਼ਾਲੀ ਸੂਰਮਿਆਂ ਅਤੇ ਬਹਾਦੁਰ ਸਿਪਾਹੀਆਂ ਨੂੰ ਇਕੱਠਿਆਂ ਕੀਤਾ।

2ਦਾਊਦ ਪਾਤਸ਼ਾਹ ਨੇ ਖੜ੍ਹੇ ਹੋ ਕੇ ਆਖਿਆ, "ਹੇ ਮੇਰੇ ਭਾਈਓ
ਅਤੇ ਮੇਰੇ ਲੋਕੋ! ਮੇਰੀ ਗੱਲ ਧਿਆਨ ਨਾਲ ਸੁਣੋ! ਮੈਂ ਦਿਲੋਂ ਯਹੋਵਾਹ
ਦੇ ਨੇਮ ਦੇ ਸੰਦੂਕ ਲਈ ਅਸਥਾਨ ਬਣਵਾਉਣਾ ਚਾਹੁੰਦਾ ਸੀ, ਮੈਂ
ਅਜਿਹਾ ਅਸਥਾਨ ਬਣਾਉਣਾ ਚਾਹੁੰਦਾ ਸੀ ਜੋ ਪਰਮੇਸ਼ੁਰ ਦੇ ਪੈਰ
ਰੱਖਣ ਲਈ ਚੌਂਕੀ ਦਾ ਅਸਥਾਨ ਹੋਵੇ ਅਤੇ ਮੈਂ ਅਜਿਹਾ ਪਰਮੇਸ਼ੁਰ
ਲਈ ਭਵਨ ਨਿਰਮਾਣ ਕਰਨ ਦੀ ਯੋਜਨਾ ਬਣਾਈ। 3ਪਰ
ਪਰਮੇਸ਼ੁਰ ਨੇ ਮੈਨੂੰ ਆਖਿਆ, 'ਨਹੀਂ ਦਾਊਦ! ਤੂੰ ਮੇਰੇ ਨਾਉਂ ਲਈ
ਘਰ ਨਹੀਂ ਬਣਾਵੇਂਗਾ। ਤੂੰ ਅਜਿਹਾ ਨਹੀਂ ਕਰ ਸਕਦਾ ਕਿਉਂਕਿ ਤੂੰ
ਇੱਕ ਸਿਪਾਹੀ ਹੈਂ ਅਤੇ ਤੂੰ ਕਈ ਆਦਮੀਆਂ ਨੂੰ ਮਾਰਿਆ ਹੈ।'

4"ਪਰਮੇਸ਼ੁਰ ਨੇ ਯਹੂਦਾਹ ਦੇ ਘਰਾਣੇ ਨੂੰ ਹੋਰਨਾਂ ਘਰਾਣਿਆਂ ਤੋਂ
ਆਗੂ ਹੋਣ ਵਜੋਂ ਚੁਣਿਆ, ਅਤੇ ਯਹੂਦਾਹ ਵਿੱਚੋਂ ਉਸ ਨੇ ਮੇਰੇ ਪਿਤਾ
ਦੇ ਪਰਿਵਾਰ ਨੂੰ ਚੁਣਿਆ ਅਤੇ ਮੇਰੇ ਪਰਿਵਾਰ ਵਿੱਚੋਂ ਉਸ ਨੇ ਮੈਨੂੰ
ਇਸਰਾਏਲ ਦਾ ਰਾਜਾ ਹੋਣ ਲਈ ਚੁਣਿਆ। 5ਯਹੋਵਾਹ ਨੇ ਮੈਨੂੰ
ਬਹੁਤ ਸਾਰੇ ਪੁੱਤਰਾਂ ਦੀ ਦਾਤ ਬਖਸ਼ੀ ਹੈ। ਅਤੇ ਉਨ੍ਹਾਂ ਸਾਰੇ ਪੁੱਤਰਾਂ
ਵਿੱਚੋਂ ਯਹੋਵਾਹ ਨੇ ਸੁਲੇਮਾਨ ਨੂੰ ਇਸਰਾਏਲ ਦਾ ਨਵਾਂ ਪਾਤਸ਼ਾਹ
ਚੁਣਿਆ ਹੈ। ਪਰ ਸੱਚਮੁੱਚ ਹੀ ਇਸਰਾਏਲ ਯਹੋਵਾਹ ਦਾ ਰਾਜ
ਹੈ। 6ਯਹੋਵਾਹ ਨੇ ਮੈਨੂੰ ਆਖਿਆ, 'ਦਾਊਦ! ਤੇਰਾ ਪੁੱਤਰ ਸੁਲੇਮਾਨ
ਮੇਰੇ ਲਈ ਮੰਦਰ ਦਾ ਨਿਰਮਾਣ ਕਰੇਗਾ ਅਤੇ ਉਸ ਦੇ ਆਸ-ਪਾਸ
ਦਾ ਖੇਤਰ ਉਸਾਰੇਗਾ। ਕਿਉਂਕਿ ਸੁਲੇਮਾਨ ਨੂੰ ਮੈਂ ਆਪਣਾ ਪੁੱਤਰ
ਚੁਣਿਆ ਹੈ ਅਤੇ ਮੈਂ ਹੀ ਉਸ ਦਾ ਪਿਤਾ ਹਾਂ। 7ਹੁਣ ਸੁਲੇਮਾਨ ਮੇਰੀਆਂ
ਬਿਧੀਆਂ ਅਤੇ ਨਿਆਵਾਂ ਨੂੰ ਦ੍ਰਿੜਤਾ ਨਾਲ ਮੰਨੇਗਾ। ਜੇਕਰ ਉਸ ਨੇ
ਅਜਿਹਾ ਕਰਨਾ ਜਾਰੀ ਰੱਖਿਆ, ਤਾਂ ਮੈਂ ਉਸ ਦੇ ਰਾਜ ਨੂੰ ਸਦਾ ਲਈ
ਤਾਕਤਵਰ ਬਣਾ ਦਿਆਂਗਾ।'"

8ਦਾਊਦ ਨੇ ਕਿਹਾ, "ਹੁਣ, ਸਾਰੇ ਇਸਰਾਏਲ ਦੇ ਸਾਹਮਣੇ, ਅਤੇ
ਜਦ ਕਿ ਯਹੋਵਾਹ ਇਹ ਸੁਣ ਰਿਹਾ ਹੈ, ਮੈਂ ਤੁਹਾਨੂੰ ਦੱਸਦਾ ਹਾਂ ਕਿ
ਤੁਸੀਂ ਸਾਰੇ ਯਹੋਵਾਹ ਦੀਆਂ ਹਿਦਾਇਤਾਂ ਅਤੇ ਹੁਕਮਾਂ ਨੂੰ ਮੰਨਣ ਵਿੱਚ
ਸਾਵਧਾਨ ਰਹਿਣਾ। ਫ਼ੇਰ ਤੁਹਾਡੇ ਕੋਲ ਇਸ ਚੰਗੀ ਜ਼ਮੀਨ ਨੂੰ ਰੱਖਣ
ਅਤੇ ਫ਼ੇਰ ਅਗਾਂਹ ਇਸ ਨੂੰ ਤੁਹਾਡੀ ਵੰਸ਼ ਨੂੰ ਦੇਣ ਦਾ ਹੱਕ ਹੋਵੇਗਾ।

9"ਅਤੇ ਸੁਲੇਮਾਨ ਤੂੰ, ਮੇਰੇ ਪੁੱਤਰ ਆਪਣੇ ਪਿਤਾ ਦੇ ਪਰਮੇਸ਼ੁਰ
ਨੂੰ ਜਾਣ। ਤਹਿ ਦਿਲੋਂ ਅਤੇ ਇਛਿੱਤ ਮਨ ਨਾਲ ਉਸ ਦੀ ਸੇਵਾ ਕਰ,
ਕਿਉਂਕਿ ਯਹੋਵਾਹ ਸਾਰਿਆਂ ਦੇ ਹਿਰਦਿਆਂ ਦੀ ਮਨਾਂ ਦੀ ਪਰੀਖਿਆ
ਲੈਂਦਾ ਹੈ ਅਤੇ ਉਹ ਸਭ ਦੇ ਮਨਾਂ ਦਾ ਜਾਣੀ ਜਾਣ ਹੈ। ਜੇਕਰ ਤੁਸੀਂ
ਯਹੋਵਾਹ ਕੋਲੋਂ ਮਦਦ ਮੰਗੋਂਗੇ ਤਾਂ ਤੁਸੀਂ ਜਵਾਬ ਪਾਵੋਗੇ ਪਰ ਜੇਕਰ
ਤੁਸੀਂ ਉਸ ਤੋਂ ਬੇਮੁਖ ਹੋਵੋਂਗੇ ਉਹ ਸਦਾ ਲਈ ਤੁਹਾਨੂੰ ਛੱਡ ਦੇਵੇਗਾ।
10ਸੁਲੇਮਾਨ! ਤੂੰ ਇਹ ਹਮੇਸ਼ਾ ਵਾਸਤੇ ਯਾਦ ਰੱਖੀਂ ਕਿ ਯਹੋਵਾਹ
ਨੇ ਤੈਨੂੰ ਚੁਣਿਆ ਹੈ ਤਾਂ ਜੋ ਤੂੰ ਪਵਿੱਤਰ ਅਸਥਾਨ ਦੇ ਲਈ ਇੱਕ
ਮੰਦਰ ਬਣਾਵੇਂ ਸੋ ਇਸ ਲਈ ਤੂੰ ਹੁਣ ਉੱਠ, ਹਿੰਮਤ ਕਰ ਅਤੇ ਉਸ
ਨੂੰ ਬਣਾ।"

11ਉਪਰੰਤ ਦਾਊਦ ਨੇ ਸੁਲੇਮਾਨ ਨੂੰ ਮੰਦਰ ਦੇ ਨਕਸ਼ੇ ਦਿੱਤੇ। ਉਹ
ਨਕਸ਼ੇ ਮੰਦਰ ਦੇ ਆਲੇ-ਦੁਆਲੇ ਦੇ ਦਲਾਨ, ਇਸ ਦੀਆਂ ਇਮਾਰਤਾਂ,
ਇਸ ਦੇ ਭੰਡਾਰਾਂ ਦੇ ਕਮਰਿਆਂ, ਇਸ ਦੇ ਉੱਪਰ ਕਮਰਿਆਂ, ਅੰਦਰਲੇ
ਕਮਰਿਆਂ ਅਤੇ ਦਇਆ ਦੇ ਸਥਾਨ ਲਈ ਵੀ ਸਨ। 12ਦਾਊਦ ਨੇ
ਮੰਦਰ ਦੇ ਸਾਰੇ ਹਿੱਸਿਆਂ ਦਾ ਨਕਸ਼ੇ ਤਿਆਰ ਕੀਤੇ। ਉਸ ਨੇ ਉਹ
ਨਕਸ਼ੇ ਸੁਲੇਮਾਨ ਨੂੰ ਯਹੋਵਾਹ ਦੇ ਮੰਦਰ ਦੇ ਇਰਦ-ਗਿਰਦ ਦੇ ਦਲਾਨ
ਅਤੇ ਉਸ ਦੇ ਆਸ-ਪਾਸ ਦੇ ਕਮਰਿਆਂ, ਮੰਦਰ ਦੇ ਗੋਦਾਮਾਂ ਅਤੇ

ਉਨ੍ਹਾਂ ਗੋਦਾਮਾਂ ਦੇ ਨਕਸ਼ੇ ਵੀ ਦਿੱਤੇ ਜਿੱਥੇ ਮੰਦਰ ਦੀਆਂ ਪਵਿੱਤਰ
ਵਸਤਾਂ ਰੱਖੀਆਂ ਜਾਣੀਆਂ ਸਨ। **13**ਦਾਊਦ ਨੇ ਸੁਲੇਮਾਨ ਨੂੰ ਜਾਜਕਾਂ
ਅਤੇ ਲੇਵੀਆਂ ਦੇ ਸਮੂਹਾਂ ਬਾਰੇ ਸਮਝਾਇਆ। ਦਾਊਦ ਨੇ ਉਸ ਨੂੰ
ਯਹੋਵਾਹ ਦੇ ਮੰਦਰ ਦੀ ਸੇਵਾ ਕਰਨ ਦੇ ਸਾਰੇ ਕੰਮਾਂ ਬਾਰੇ ਅਤੇ ਮੰਦਰ
ਦੀ ਸੇਵਾ ਕਰਨ ਵਿੱਚ ਵਰਤੀਆਂ ਜਾਣ ਵਾਲੀਆਂ ਵਸਤਾਂ ਬਾਰੇ ਵੀ
ਦੱਸਿਆ। **14**ਦਾਊਦ ਨੇ ਸੁਲੇਮਾਨ ਨੂੰ ਇਹ ਵੀ ਦੱਸਿਆ ਕਿ ਮੰਦਰ
ਵਿੱਚ ਵਸਤਾਂ ਬਣਾਉਣ ਵਾਸਤੇ ਕਿੰਨੇ ਕੁ ਸੋਨੇ ਅਤੇ ਚਾਂਦੀ ਦੀ ਖਪਤ
ਹੋਵੇਗੀ। **15**ਸੁਨਿਹਰੀ ਦੀਵਟ ਅਤੇ ਸੁਨਿਹਰੀ ਦੀਵਿਆਂ ਦੇ ਲਈ
ਅਤੇ ਚਾਂਦੀ ਦੇ ਦੀਵੇ ਅਤੇ ਦੀਵਟਾਂ ਲਈ ਵੀ ਦਾਊਦ ਨੇ ਸੁਲੇਮਾਨ ਨੂੰ
ਸਮਝਾਇਆ ਕਿ ਹਰ ਇੱਕ ਦੀਵੇ ਅਤੇ ਦੀਵਟ ਲਈ ਕਿੰਨਾ-ਕਿੰਨਾ
ਸੋਨਾ ਅਤੇ ਚਾਂਦੀ ਵਰਤੋਂ ਵਿੱਚ ਆਵੇਗੀ। ਅਲਗ-ਅਲਗ ਜਗ੍ਹਾ
ਉੱਤੇ ਲੋੜ ਮੁਤਾਬਕ ਕਿੱਥੇ ਕਿਹੜਾ ਦੀਵਾ ਵਰਤੋਂ ਵਿੱਚ ਆਵੇਗਾ
ਇਸ ਬਾਬਤ ਵੀ ਸਮਝਾਇਆ। **16**ਦਾਊਦ ਨੇ ਪਵਿੱਤਰ ਰੋਟੀ ਲਈ
ਮੇਜ਼ਾਂ ਦੀ ਬਣਤਰ ਵਿੱਚ ਕਿੰਨਾ ਸੋਨਾ ਖਪਤ ਹੋਵੇਗਾ ਉਸ ਬਾਬਤ ਵੀ
ਦੱਸਿਆ ਅਤੇ ਚਾਂਦੀ ਦੀਆਂ ਮੇਜ਼ਾਂ ਉੱਪਰ ਕਿੰਨੀ ਚਾਂਦੀ ਦੀ ਵਰਤੋਂ
ਹੋਵੇਗੀ ਉਸ ਬਾਰੇ ਵੀ ਦੱਸਿਆ। **17**ਦਾਊਦ ਨੇ ਉਸ ਨੂੰ ਦੱਸਿਆ
ਕਿ ਬਾਟਿਆਂ, ਕਟੋਰਿਆਂ, ਚਮਚਿਆਂ ਅਤੇ ਕਾਟਿਆਂ ਲਈ ਕਿੰਨਾ
ਸ਼ੁੱਧ ਸੋਨਾ ਲੱਗੇਗਾ ਅਤੇ ਇਹ ਵੀ ਕਿ ਹਰ ਭਾਂਡੇ ਨੂੰ ਕਿੰਨਾ ਸੋਨਾ
ਅਤੇ ਚਾਂਦੀ ਲੱਗੇਗੀ। **18**ਉਸ ਨੇ ਸੁਲੇਮਾਨ ਨੂੰ ਦੱਸਿਆ ਕਿ ਧੂਫ਼
ਦੀ ਜਗਵੇਦੀ ਲਈ ਕਿੰਨਾ ਸ਼ੁੱਧ ਸੋਨਾ ਇਸਤੇਮਾਲ ਹੋਵੇਗਾ। ਉਸ
ਨੇ ਸੁਲੇਮਾਨ ਨੂੰ ਰਥਾਂ ਲਈ, ਪਰਮੇਸ਼ੁਰ ਦੇ ਨੇਮ ਦੇ ਸੰਦੂਕ ਤੇ ਕਰੂਬੀ
ਫ਼ਰਿਸ਼ਤਿਆਂ ਦੇ ਫੈਲਾਏ ਹੋਏ ਖੰਭਾਂ ਨਾਲ ਢੱਕੇ ਹੋਏ ਦਇਆ ਦੇ
ਸਥਾਨ ਦੇ ਨਕਸ਼ੇ ਬਾਰੇ ਵੀ ਦੱਸਿਆ। ਇਹ ਕਰੂਬੀ ਸੋਨੇ ਦੇ ਬਣਾਏ
ਜਾਣੇ ਚਾਹੀਦੇ ਸਨ।

**19**ਦਾਊਦ ਨੇ ਕਿਹਾ, “ਇਨ੍ਹਾਂ ਸਾਰੇ ਨਕਸ਼ਿਆਂ ਨੂੰ ਬਣਾਉਣ ਵਿੱਚ
ਯਹੋਵਾਹ ਨੇ ਹੀ ਮੇਰੀ ਅਗਵਾਈ ਕੀਤੀ ਹੈ ਅਤੇ ਉਸ ਨੇ ਇਨ੍ਹਾਂ ਸਾਰੇ
ਨਕਸ਼ਿਆਂ ਦੇ ਸਭ ਕਾਸੇ ਨੂੰ ਸਮਝਣ ਵਿੱਚ ਮੇਰੀ ਮਦਦ ਕੀਤੀ।”

**20**ਦਾਊਦ ਨੇ ਆਪਣੇ ਪੁੱਤਰ ਸੁਲੇਮਾਨ ਨੂੰ ਇਹ ਵੀ ਕਿਹਾ,
“ਬਹਾਦੁਰ ਹੋ ਕੇ ਅਤੇ ਸ਼ਕਤੀਸ਼ਾਲੀ ਹੋ ਕੇ ਇਸ ਕਾਰਜ ਨੂੰ ਪੂਰਾ
ਕਰ। ਤੂੰ ਕਿਸੇ ਗੱਲੋਂ ਘਬਰਾਈਂ ਨਾ, ਕਿਉਂਕਿ ਯਹੋਵਾਹ ਪਰਮੇਸ਼ੁਰ
ਮੇਰਾ ਪ੍ਰਭੂ ਤੇਰੇ ਅੰਗ-ਸੰਗ ਹੈ। ਉਹ ਕਾਰਜ ਦੇ ਪੂਰਾ ਮੁਕੰਮਲ ਹੋਣ
ਤੀਕ ਤੇਰੀ ਮਦਦ ਕਰੇਗਾ। ਉਹ ਤੈਨੂੰ ਛੱਡੇਗਾ ਨਹੀਂ ਅਤੇ ਜਦ
ਤੀਕ ਉਸ ਦਾ ਮੰਦਰ ਮੁਕੰਮਲ ਨਾ ਹੋਵੇਗਾ ਉਹ ਤੇਰੇ ਸੰਗ ਰਹੇਗਾ।
**21**ਜਾਜਕਾਂ ਅਤੇ ਲੇਵੀਆਂ ਦੇ ਸਮੂਹ ਯਹੋਵਾਹ ਦੇ ਮੰਦਰ ਦੇ ਸਾਰੇ
ਕਾਰਜ ਲਈ ਤਿਆਰ ਹਨ। ਹਰ ਕੁਸ਼ਲ ਵਿਅਕਤੀ ਤੇਰੀ ਮਦਦ
ਲਈ ਤਿਆਰ ਹੈ ਅਤੇ ਸਾਰੇ ਅਧਿਕਾਰੀ ਅਤੇ ਸਾਰੇ ਲੋਕ ਤੈਨੂੰ ਮੰਨਣ
ਲਈ ਤਿਆਰ ਹਨ।”

### ਮੰਦਰ ਦੇ ਨਿਰਮਾਣ ਲਈ ਸੁਗਾਤਾਂ

**29** **1**ਸਾਰੇ ਇਸਰਾਏਲ ਦੇ ਲੋਕ ਜੋ ਇਕੱਠੇ ਹੋਏ ਸਨ ਦਾਊਦ
ਪਾਤਸ਼ਾਹ ਨੇ ਉਨ੍ਹਾਂ ਦੇ ਸਾਰੇ ਇਕੱਠ ਨੂੰ ਕਿਹਾ, “ਪਰਮੇਸ਼ੁਰ
ਨੇ ਮੇਰੇ ਪੁੱਤਰ ਸੁਲੇਮਾਨ ਨੂੰ ਚੁਣਿਆ ਹੈ। ਸੁਲੇਮਾਨ ਅਜੇ ਮਸੂਮ
ਅਤੇ ਨਾ-ਤਜ਼ਰਬੇਕਾਰ ਹੈ ਅਤੇ ਇਹ ਕੰਮ ਬਹੁਤ ਮਹੱਤਵਪੂਰਣ ਹੈ
ਅਤੇ ਉਹ ਸਭ ਕਾਸੇ ਬਾਰੇ ਨਹੀਂ ਜਾਣਦਾ ਜਿਸ ਦੀ ਇਸ ਨੂੰ ਕਰਨ
ਲਈ ਜ਼ਰੂਰਤ ਹੈ। ਇਹ ਕੋਈ ਆਮ ਆਦਮੀ ਦਾ ਘਰ ਨਹੀਂ ਸਗੋਂ
ਇਹ ਘਰ ਯਹੋਵਾਹ ਪਰਮੇਸ਼ੁਰ ਲਈ ਬਣਾਇਆ ਜਾਣਾ ਹੈ। **2**ਮੈਂ
ਪਰਮੇਸ਼ੁਰ ਦੇ ਮੰਦਰ ਦੀ ਉਸਾਰੀ ਲਈ ਸਾਮਾਨ ਦੇਣ ਲਈ ਆਪਣੀ
ਪੂਰੀ ਕੋਸ਼ਿਸ਼ ਕੀਤੀ ਹੈ ਅਤੇ ਸੋਨੇ ਦੀਆਂ ਵਸਤਾਂ ਲਈ ਸੋਨਾ ਵੀ ਦੇ
ਦਿੱਤਾ ਹੈ ਅਤੇ ਚਾਂਦੀ ਦੀਆਂ ਜੋ ਵਸਤਾਂ ਬਣਾਉਣੀਆਂ ਹਨ, ਉਸ
ਲਈ ਚਾਂਦੀ ਵੀ ਦੇ ਦਿੱਤੀ ਹੈ। ਤਾਂਬੇ ਦੀਆਂ ਵਸਤਾਂ ਲਈ ਤਾਂਬਾ ਅਤੇ
ਲੋਹੇ ਦੀਆਂ ਵਸਤਾਂ ਲਈ ਲੋਹਾ ਵੀ ਦੇ ਦਿੱਤਾ ਹੈ। ਲੱਕੜ ਦੇ ਸਮਾਨ
ਲਈ ਲੱਕੜ ਦੇ ਦਿੱਤੀ ਹੈ। ਇਸ ਦੇ ਇਲਾਵਾ ਬਲੌਰੀ ਪੱਥਰ, ਜੜਤ
ਤੇ ਘੜਤ ਲਈ ਭਾਂਤ-ਭਾਂਤ ਦੇ ਰੰਗੀਲੇ ਪੱਥਰ, ਸਫ਼ੇਦ ਸੰਗਮਰਮਰੀ
ਪੱਥਰ ਵੀ ਦੇ ਦਿੱਤੇ ਹਨ। ਮੈਂ ਅਜਿਹੀ ਬਹੁਤ ਸਾਰੀ ਸਮਗ੍ਰੀ ਯਹੋਵਾਹ
ਦੇ ਮੰਦਰ ਦੀ ਉਸਾਰੀ ਲਈ ਦਿੱਤੀ ਹੈ। **3**ਮੈਂ ਪਰਮੇਸ਼ੁਰ ਦੇ ਮੰਦਰ ਵੱਲ
ਆਪਣੀ ਸ਼ਰਧਾ ਕਾਰਣ ਆਪਣੇ ਖਜ਼ਾਨੇ ਵਿੱਚੋਂ ਸੋਨੇ ਅਤੇ ਚਾਂਦੀ ਦੀ
ਇੱਕ ਖਾਸ ਸੁਗਾਤ ਦੇ ਰਿਹਾ ਹਾਂ। ਮੈਂ ਅਜਿਹਾ ਇਸ ਲਈ ਕਰ
ਰਿਹਾ ਹਾਂ ਕਿਉਂਕਿ ਮੈਂ ਸੱਚਮੁੱਚ ਚਾਹੁੰਦਾ ਹਾਂ ਕਿ ਮੇਰੇ ਪਰਮੇਸ਼ੁਰ ਲਈ
ਪਵਿੱਤਰ ਮੰਦਰ ਉਸਾਰਿਆ ਜਾਵੇ। **4**ਇਸ ਵਾਸਤੇ ਮੈਂ ਓਫੀਰ 110
ਟੱਨ ਸ਼ੁੱਧ ਸੋਨਾ ਦਿੱਤਾ ਹੈ ਅਤੇ 260 ਟੱਨ ਸ਼ੁੱਧ ਚਾਂਦੀ ਦਿੱਤੀ ਹੈ। ਇਹ
ਚਾਂਦੀ ਮੰਦਰ ਦੀਆਂ ਕੰਧਾਂ ਨੂੰ ਮੜ੍ਹਨ ਲਈ ਹੈ। **5**ਇਹ ਸੋਨਾ ਚਾਂਦੀ ਮੈਂ
ਮੰਦਰ ਵਿੱਚ ਸੋਨੇ-ਚਾਂਦੀ ਦੀਆਂ ਵਸਤਾਂ ਦੇ ਨਿਰਮਾਣ ਵਾਸਤੇ ਦਿੱਤੀ
ਹੈ। ਇਹ ਸੋਨਾ ਚਾਂਦੀ ਮੈਂ ਇਸ ਲਈ ਵੀ ਦਿੱਤਾ ਹੈ ਤਾਂ ਜੋ ਇਸ ਕੰਮ
ਲਈ ਨਿਪੁੰਨ ਕਾਰੀਗਰ ਮੰਦਰ ਲਈ ਇਸਤੋਂ ਭਾਂਤ-ਭਾਂਤ ਦੀਆਂ
ਵਸਤਾਂ ਤਿਆਰ ਕਰ ਸਕਣ। ਸੋ ਉਹ ਕਿਹੜੇ ਲੋਕ ਹਨ ਜਿਹੜੇ ਅੱਜ
ਸੱਚੇ ਦਿਲੋਂ ਆਪਣੇ-ਆਪ ਨੂੰ ਯਹੋਵਾਹ ਨੂੰ ਦੇਣ ਦੇ ਇੱਛਿਤ ਹਨ?”

**6**ਘਰਾਣਿਆਂ ਦੇ ਸਰਦਾਰ, ਇਸਰਾਏਲ ਦੇ ਪਰਿਵਾਰ-ਸਮੂਹਾਂ ਦੇ
ਸਰਦਾਰ, ਮੰਤਰੀ, ਮੁਖੀਏ, ਸੈਨਾਪਤੀ ਅਤੇ ਪ੍ਰਧਾਨ ਪਾਤਸ਼ਾਹ ਦੇ
ਰਾਜ-ਕਾਜ ਲਈ ਜੋ ਜਿੰਮੇਵਾਰ ਸਨ ਉਹ ਸਭ ਆਪਣੀਆਂ ਕੀਮਤੀ
ਵਸਤਾਂ ਭੇਟਾ ਕਰਨ ਲਈ ਤਿਆਰ ਹੋ ਗਏ। **7**ਪਰਮੇਸ਼ੁਰ ਦੇ ਭਵਨ
ਲਈ ਜੋ ਉਨ੍ਹਾਂ ਨੇ ਆਪਣੀਆਂ ਕੀਮਤੀ ਵਸਤਾਂ ਦਿੱਤੀਆਂ ਉਹ ਇਸ
ਪ੍ਰਕਾਰ ਹਨ: 190 ਟੱਨ ਸੋਨਾ, 375 ਟੱਨ ਚਾਂਦੀ, 675 ਟੱਨ ਕਾਂਸਾ
ਅਤੇ 3,750 ਟੱਨ ਲੋਹਾ। **8**ਲੋਕਾਂ ਵਿੱਚੋਂ ਜਿਨ੍ਹਾਂ ਕੋਲ ਕੀਮਤੀ ਪੱਥਰ
ਪਏ ਸਨ, ਉਨ੍ਹਾਂ ਨੇ ਯਹੋਵਾਹ ਦੇ ਮੰਦਰ ਲਈ ਭੇਟ ਕੀਤੇ। ਇਨ੍ਹਾਂ
ਵੱਡਮੁੱਲੇ ਪੱਥਰ ਦੀ ਸੰਭਾਲ ਯਹੀਏਲ ਜੋ ਕਿ ਗੇਰਸ਼ੋਨ ਘਰਾਣੇ ਤੋਂ
ਸੀ ਨੇ ਕੀਤੀ। **9**ਲੋਕ ਬੇਹੱਦ ਖੁਸ਼ ਸਨ ਕਿਉਂਕਿ ਉਨ੍ਹਾਂ ਦੇ ਆਗੂ ਵੀ
ਖੁਸ਼ੀ-ਖੁਸ਼ੀ ਦੇ ਰਹੇ ਸਨ ਅਤੇ ਆਗੂ ਵੀ ਸੱਚੇ ਦਿਲੋਂ ਦੇ ਕੇ ਖੁਸ਼ ਹੋ
ਰਹੇ ਸਨ। ਦਾਊਦ ਪਾਤਸ਼ਾਹ ਵੀ ਬੇਅੰਤ ਖੁਸ਼ ਸੀ।

### ਦਾਊਦ ਦੀ ਖੂਬਸੂਰਤ ਪ੍ਰਾਰਥਨਾ

**10**ਤਦ ਦਾਊਦ ਨੇ ਹਾਜ਼ਰ ਲੋਕਾਂ ਦੇ ਸਾਹਮਣੇ ਯਹੋਵਾਹ ਦੀ ਉਸਤਤ
ਵਿੱਚ ਆਖਿਆ:

“ਹੇ ਯਹੋਵਾਹ ਸਾਡੇ ਪਿਤਾ ਇਸਰਾਏਲ ਦੇ ਪਰਮੇਸ਼ੁਰ, ਤੇਰੀ
ਸਦਾ ਲਈ ਉਸਤਤ ਹੋਵੇ!
11 ਹੇ ਯਹੋਵਾਹ ਪਰਮੇਸ਼ੁਰ, ਮਹਾਨਤਾ, ਸ਼ਕਤੀ, ਪਰਤਾਪ,
ਫਤਹ ਅਤੇ ਆਦਰ ਤੇਰੇ ਹੀ ਹਨ! ਕਿਉਂਕਿ ਧਰਤੀ ਅਤੇ
ਅਕਾਸ਼ ਦੇ ਵਿੱਚ ਸਭ ਕੁਝ ਤੇਰਾ, ਇਕੱਲੇ ਦਾ ਹੀ ਹੈ:
ਹੇ ਯਹੋਵਾਹ! ਇਹ ਰਾਜ ਤੇਰਾ ਹੈ ਤੂੰ ਹੀ ਹਰ ਸ਼ੈਅ ਦਾ
ਸਰਤਾਜ ਹੈਂ।
12 ਅਮੀਰੀ ਅਤੇ ਆਦਰ ਤੈਥੋਂ ਆਉਂਦਾ ਹੈ। ਤੂੰ ਹਰ ਜਗ੍ਹਾ
ਰਾਜ ਕਰਦਾ ਹੈਂ। ਤੇਰੇ ਹੱਥ ਵਿੱਚ ਸ਼ਕਤੀ ਅਤੇ ਬਲ ਹੈ।
ਕਿਸੇ ਨੂੰ ਉੱਚਾ ਕਰਨਾ ਜਾਂ ਵਡਿਆਉਣਾ ਤੇਰੇ ਹੀ ਹੱਥ ਹੈ!
13 ਇਸ ਲਈ ਹੁਣ ਹੇ ਸਾਡੇ ਪਰਮੇਸ਼ੁਰ ਅਸੀਂ ਤੇਰਾ ਧੰਨਵਾਦ
ਕਰਦੇ ਹਾਂ ਅਤੇ ਤੇਰੇ ਪ੍ਰਤਾਪੀ ਨਾਮ ਦੀ ਮਹਿਮਾ ਕਰਦੇ ਹਾਂ।

14 ਸੱਚਮੁੱਚ, ਇਹ ਸਭ ਸੁਗਾਤਾਂ ਮੇਰੇ ਜਾਂ ਮੇਰੇ ਲੋਕਾਂ ਦੁਆਰਾ
ਨਹੀਂ ਦਿੱਤੀਆਂ ਗਈਆਂ। ਇਹ ਤਾਂ ਤੇਰੀਆਂ ਦਾਤਾਂ ਤੈਨੂੰ
ਹੀ ਸੌਂਪੀਆਂ ਹਨ ਜਿਨ੍ਹਾਂ ਨੂੰ ਦੇਣ ਵਾਲਾ ਵੀ ਤੂੰ ਹੀ ਹੈਂ।
15 ਅਸੀਂ ਤਾਂ ਆਪਣੇ ਪੁਰਖਿਆਂ ਵਾਂਗ ਪਰਦੇਸੀ ਅਤੇ
ਅਜਨਬੀ ਇਸ ਧਰਤੀ ਤੇ ਆਏ ਹਾਂ ਜਿਨ੍ਹਾਂ ਦੀ ਹੋਂਦ
ਧਰਤੀ ਤੇ ਛਾਯਾ ਦੇ ਤੁੱਲ ਹੈ। ਜਿਸ ਨੂੰ ਅਸੀਂ ਫੜ ਕੇ
ਨਹੀਂ ਰੱਖ ਸਕਦੇ।
16 ਹੇ ਯਹੋਵਾਹ ਸਾਡੇ ਪਰਮੇਸ਼ੁਰ ਅਸੀਂ ਇਹ ਸਭ ਵਸਤਾਂ
ਤੇਰੇ ਮੰਦਰ ਲਈ ਇਕੱਠੀਆਂ ਕੀਤੀਆਂ। ਅਸੀਂ ਇਹ ਸਭ
ਤੇਰੇ ਪਵਿੱਤਰ ਨਾਮ ਦਾ ਆਦਰ ਕਰਨ ਲਈ ਮੰਦਰ ਨੂੰ
ਉਸਾਰਣ ਲਈ ਇਕੱਠਾ ਕੀਤਾ ਹੈ। ਪਰ ਅਸਲ ’ਚ ਇਹ
ਸਭ ਤੇਰਾ ਖਜ਼ਾਨਾ ਹੈ ਤੇ ਤੂੰ ਹੀ ਦੇਵਣਹਾਰ ਹੈਂ।
17 ਮੇਰੇ ਪਰਮੇਸ਼ੁਰ, ਮੈਂ ਜਾਣਦਾ ਹਾਂ ਕਿ ਤੂੰ ਆਪਣੇ ਲੋਕਾਂ ਦੀ
ਪਰੀਖਿਆ ਲੈਂਦਾ ਹੈਂ ਜਦੋਂ ਲੋਕ ਚੰਗੇ ਕੰਮ ਕਰਨ ਤਾਂ ਤੂੰ
ਖੁਸ਼ ਹੁੰਦਾ ਹੈਂ ਮੈਂ ਸੱਚੇ ਦਿਲੋਂ, ਸੱਚੇ ਮਨੋ ਇਹ ਖਜ਼ਾਨਾ ਤੈਨੂੰ
ਅਰਪਣ ਕਰਦਾ ਹਾਂ ਅਤੇ ਮੈਂ ਵੇਖ ਰਿਹਾਂ ਕਿ ਕਿਵੇਂ ਤੇਰੇ ਲੋਕ
ਪ੍ਰਸੰਨਤਾ ਨਾਲ ਇਹ ਸਾਰੀਆਂ ਚੀਜ਼ਾਂ ਤੈਨੂੰ ਅਰਪਣ ਕਰਦੇ
ਹੋਏ ਇੱਥੇ ਇਕੱਠੇ ਹੋ ਰਹੇ ਹਨ।
18 ਹੇ ਯਹੋਵਾਹ, ਤੂੰ ਸਾਡੇ ਪੁਰਖਿਆਂ ਦਾ ਪਰਮੇਸ਼ੁਰ,
ਅਬਰਾਹਾਮ, ਇਸਹਾਕ ਤੇ ਇਸਰਾਏਲ ਦਾ ਪਰਮੇਸ਼ੁਰ ਹੈਂ
ਆਪਣੇ ਲੋਕਾਂ ਨੂੰ ਸਹੀ ਯੋਜਨਾ ਬਣਾਉਣ ਵਿੱਚ ਮਦਦ ਕਰ,
ਅਤੇ ਉਨ੍ਹਾਂ ਨੂੰ ਤੇਰੇ ਨਾਲ ਸੱਚਾ ਸੁੱਚਾ ਹੋਣ ਦਾ ਬਲ ਬਖਸ਼।
19 ਮੇਰੇ ਪੁੱਤਰ ਸੁਲੇਮਾਨ ਨੂੰ ਆਪਣੇ ਨਾਲ ਵਫ਼ਾਦਾਰ ਬਣਾਵੀ,
ਤਾਂ ਜੋ ਉਹ ਤੇਰੇ ਹੁਕਮਾਂ ਬਿਧੀਆਂ ਅਤੇ ਬਿਵਸਥਾ ਦਾ
ਪਾਲਣ ਕਰੇ। ਉਸ ਨੂੰ ਇਹ ਸਾਰੇ ਕਾਰਜ ਸੰਪੂਰਨ ਕਰਨ
‘ਚ ਅਤੇ ਇਸ ਸ਼ਹਿਰ ਨੂੰ ਰਾਜਧਾਨੀ ਵਜੋਂ ਮੇਰੇ ਨਕਸ਼ੇ
ਮੁਤਾਬਕ ਉਸਾਰਨ ’ਚ ਮਦਦ ਕਰੀਂ।”

**20**ਉਪਰੰਤ ਦਾਊਦ ਨੇ ਸਾਰੇ ਇਕੱਠੇ ਹੋਏ ਲੋਕਾਂ ਨੂੰ ਉਸ ਭੀੜ
ਨੂੰ ਆਖਿਆ, “ਹੁਣ ਯਹੋਵਾਹ ਆਪਣੇ ਪਰਮੇਸ਼ੁਰ ਦੀ ਉਸਤਤ
ਕਰੋ।” ਤਾਂ ਸਭ ਲੋਕਾਂ ਨੇ ਯਹੋਵਾਹ ਆਪਣੇ ਪੁਰਖਿਆਂ ਦੇ ਪਰਮੇਸ਼ੁਰ
ਦੀ ਉਸਤਤ ਕੀਤੀ। ਅਤੇ ਆਪਣੇ ਸਿਰ ਝੁਕਾ ਕੇ ਯਹੋਵਾਹ ਅਤੇ
ਪਾਤਸ਼ਾਹ ਦਾ ਆਦਰ ਕੀਤਾ।

## ਸੁਲੇਮਾਨ ਦਾ ਪਾਤਸ਼ਾਹ ਬਣਨਾ

**21**ਅਗਲੇ ਦਿਨ ਲੋਕਾਂ ਨੇ ਯਹੋਵਾਹ ਲਈ ਬਲੀਆਂ ਭੇਟ ਕੀਤੀਆਂ।
ਉਨ੍ਹਾਂ ਯਹੋਵਾਹ ਲਈ ਹੋਮ ਦੀਆਂ ਭੇਟਾਂ ਚੜ੍ਹਾਈਆਂ। ਉਨ੍ਹਾਂ ਨੇ
1,000 ਬਲਦ, 1,000 ਛੱਤਰੇ, 1,000 ਲੇਲੇ ਚੜ੍ਹਾਏ। ਉਨ੍ਹਾਂ ਨੇ
ਇਸਰਾਏਲ ਦੇ ਸਾਰੇ ਲੋਕਾਂ ਲਈ ਹੋਰ ਵੀ ਬਹੁਤ ਸਾਰੀਆਂ ਬਲੀਆਂ
ਅਤੇ ਪੀਣ ਦੀਆਂ ਭੇਟਾਂ ਚੜ੍ਹਾਈਆਂ। **22**ਉਸ ਦਿਨ ਲੋਕ ਬੜੇ
ਅਨੰਦ ਵਿੱਚ ਸਨ ਕਿਉਂਕਿ ਉਨ੍ਹਾਂ ਨੇ ਯਹੋਵਾਹ ਦੇ ਸੰਗ ਇਕੱਠਿਆਂ
ਖਾਧਾ-ਪੀਤਾ।

ਅਤੇ ਉਨ੍ਹਾਂ ਨੇ ਸੁਲੇਮਾਨ, ਦਾਊਦ ਦੇ ਪੁੱਤਰ ਨੂੰ ਦੂਸਰੀ ਵਾਰ ਰਾਜਾ
ਬਣਾਇਆ। ਉਨ੍ਹਾਂ ਨੇ ਸੁਲੇਮਾਨ ਨੂੰ ਰਾਜੇ ਵਜੋਂ ਮਸਹ ਕੀਤਾ, ਅਤੇ
ਉਨ੍ਹਾਂ ਨੇ ਸਾਦੋਕ ਨੂੰ ਜਾਜਕ ਵਜੋਂ ਮਸਹ ਕੀਤਾ। ਉਨ੍ਹਾਂ ਨੇ ਇਹ ਉਸੇ
ਜਗ੍ਹਾ ਕੀਤਾ ਜਿੱਥੇ ਯਹੋਵਾਹ ਹਾਜ਼ਰ ਸੀ।

**23**ਇਸ ਉਪਰੰਤ ਸੁਲੇਮਾਨ ਯਹੋਵਾਹ ਦੇ ਸਿੰਘਾਸਣ ਤੇ ਬੈਠਾ ਅਤੇ
ਆਪਣੇ ਪਿਤਾ ਦਾਊਦ ਦੀ ਥਾਵੇਂ ਰਾਜਾ ਬਣਿਆ। ਸੁਲੇਮਾਨ ਆਪਣੇ
ਕਾਰਜ ਵਿੱਚ ਬੜਾ ਸਫ਼ਲ ਸੀ ਅਤੇ ਸਾਰੇ ਇਸਰਾਏਲ ਦੇ ਲੋਕ ਉਸ
ਦਾ ਹੁਕਮ ਮੰਨਦੇ ਸਨ। **24**ਸਾਰੇ ਆਗੂ, ਸਿਪਾਹੀ ਅਤੇ ਦਾਊਦ
ਪਾਤਸ਼ਾਹ ਦੇ ਸਾਰੇ ਪੁੱਤਰਾਂ ਨੇ ਸੁਲੇਮਾਨ ਨੂੰ ਪਾਤਸ਼ਾਹ ਵਜੋਂ ਸਵੀਕਾਰ
ਕੀਤਾ ਅਤੇ ਉਸ ਦਾ ਹੁਕਮ ਮੰਨਿਆ। **25**ਯਹੋਵਾਹ ਨੇ ਸੁਲੇਮਾਨ ਨੂੰ
ਬਹੁਤ ਉੱਚਾ ਕੀਤਾ ਅਤੇ ਉਸ ਨੂੰ ਸ਼ਾਹੀ ਪਰਤਾਪ ਪ੍ਰਦਾਨ ਕੀਤਾ ਜਿਹਾ
ਕਿ ਪਹਿਲਾਂ ਇਸਰਾਏਲ ਵਿੱਚ ਕਿਸੇ ਵੀ ਰਾਜੇ ਕੋਲ ਨਹੀਂ ਸੀ ਅਤੇ
ਇਸਰਾਏਲ ਦੇ ਸਾਰੇ ਲੋਕਾਂ ਨੇ ਇਹ ਮਹਿਸੂਸ ਕੀਤਾ।

## ਦਾਊਦ ਦੀ ਮੌਤ

**26-27**ਯੱਸੀ ਦਾ ਪੁੱਤਰ ਦਾਊਦ 40 ਵਰ੍ਹੇ ਇਸਰਾਏਲ ਉੱਪਰ
ਪਾਤਸ਼ਾਹ ਰਿਹਾ। 7 ਸਾਲ ਦਾਊਦ ਨੇ ਹਬਰੋਨ ਵਿੱਚ ਰਾਜ ਕੀਤਾ।
ਉਪਰੰਤ 33 ਸਾਲ ਦਾਊਦ ਨੇ ਯਰੂਸ਼ਲਮ ਵਿੱਚ ਰਾਜ ਕੀਤਾ।
**28**ਦਾਊਦ ਦੀ ਮੌਤ ਉਸ ਵਕਤ ਹੋਈ ਜਦੋਂ ਉਹ ਬਹੁਤ ਬਿਰਧ ਹੋ
ਗਿਆ ਸੀ। ਦਾਊਦ ਨੇ ਲੰਮੀ ਸੁਖੀ ਉਮਰ ਗੁਜ਼ਾਰੀ ਅਤੇ ਉਸ ਨੂੰ
ਆਪਣੇ ਜੀਵਨ ਕਾਲ ਵਿੱਚ ਬਹੁਤ ਅਮੀਰੀ, ਸ਼ਾਨ ਅਤੇ ਇੱਜ਼ਤ
ਹਾਸਿਲ ਹੋਈ। ਦਾਊਦ ਉਪਰੰਤ, ਉਸ ਦਾ ਪੁੱਤਰ ਸੁਲੇਮਾਨ ਨਵਾਂ
ਪਾਤਸ਼ਾਹ ਬਣਿਆ।

**29**ਦਾਊਦ ਦੇ ਸ਼ੁਰੂ ਤੋਂ ਲੈ ਕੇ ਅਖੀਰ ਤੀਕ ਦੇ ਕਾਰਨਾਮਿਆਂ
ਦਾ ਬਿਰਤਾਂਤ, ਨਬੀ ਸਮੂਏਲ ਦੀ ਪੋਥੀ ਵਿੱਚ, ਨਾਥਾਨ ਨਬੀ ਦੀ
ਪੋਥੀ ਵਿੱਚ ਅਤੇ ਨਬੀ ਗਾਦ ਦੀ ਪੋਥੀ ਵਿੱਚ ਲਿਖਿਆ ਹੋਇਆ
ਹੈ। **30**ਇਹ ਸਾਰੀਆਂ ਲਿਖਤਾਂ ਸਾਨੂੰ ਦਾਊਦ ਦੀਆਂ ਕਰਨੀਆਂ
ਬਾਰੇ, ਜਦੋਂ ਉਹ ਇਸਰਾਏਲ ਦਾ ਰਾਜਾ ਸੀ, ਉਸ ਦੀ ਸ਼ਕਤੀ
ਬਾਰੇ ਅਤੇ ਉਨ੍ਹਾਂ ਘਟਨਾਵਾਂ ਬਾਰੇ ਦੱਸਦੀਆਂ ਹਨ, ਜੋ ਉਸ ਨਾਲ
ਵਾਪਰੀਆਂ। ਇਹ ਸਾਨੂੰ ਉਨ੍ਹਾਂ ਸਾਰੀਆਂ ਗੱਲਾਂ ਬਾਰੇ ਵੀ ਦੱਸਦੀਆਂ
ਹਨ ਜੋ ਇਸਰਾਏਲ ਅਤੇ ਇਸ ਦੇ ਆਲੇ-ਦੁਆਲੇ ਦੀਆਂ ਕੌਮਾਂ
ਨਾਲ ਵਾਪਰੀਆਂ।

ਨੋਟਸ